ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 79735 07533

# ਸਾਂਝੀ ਸੋਚ

SANJHI SOCH

ਰੋਜ਼ਾਨਾ ਪੰਜਾਬੀ ਅਖ਼ਬਾਰ

ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7 LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-13 ISSUE 2413 | 24 March, 2026 Tuesday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260



Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511


## ਸ਼ੰਕਰਾਚਾਰੀਆ ਸਵਾਮੀ ਅਵਿਮੁਕਤੇਸ਼ਵਰਾਨੰਦ ਨੇ ਆਪਣੀ 'ਫ਼ੌਜ' ਬਣਾਉਣ ਦਾ ਕੀਤਾ ਐਲਾਨ

**ਵਾਰਾਨਸੀ ਸਾਂਝੀ ਸੋਚ ਬਿਊਰੋ**

ਵਾਰਾਨਸੀ ਵਿੱਚ, ਸ਼ੰਕਰਾਚਾਰੀਆ ਸਵਾਮੀ ਅਵਿਮੁਕਤੇਸ਼ਵਰਾਨੰਦ ਸਰਸਵਤੀ ਨੇ 'ਚਤੁਰੰਗਿਨੀ ਫੌਜ' ਦੇ ਗਠਨ ਦਾ ਐਲਾਨ ਕੀਤਾ ਹੈ। ਉਨ੍ਹਾਂ ਕਿਹਾ ਕਿ ਚਤੁਰੰਗਿਨੀ ਫੌਜ ਵਿੱਚ 218,700 ਸੈਨਿਕ ਹੋਣਗੇ। ਦੇਸ਼ ਭਰ ਤੋਂ ਫੌਜ 'ਚ ਲੋਕਾਂ ਦੀ ਭਰਤੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਫੌਜ ਗਊ ਰੱਖਿਆ, ਧਾਰਮਿਕ ਸੁਰੱਖਿਆ, ਧਰਮ ਗ੍ਰੰਥਾਂ ਦੀ ਸੁਰੱਖਿਆ ਅਤੇ ਮੰਦਰ ਦੀ ਸੁਰੱਖਿਆ ਲਈ ਕੰਮ ਕਰੇਗੀ। ਉਨ੍ਹਾਂ ਦੀਆਂ ਵਰਦੀਆਂ ਪੀਲੀਆਂ ਹੋਣਗੀਆਂ ਅਤੇ ਉਹ ਆਪਣੇ ਹੱਥਾਂ ਵਿੱਚ ਪਰਸ਼ੂ (ਕੁਹਾੜੀ) ਚੁੱਕਣਗੇ। ਅਵਿਮੁਕਤੇਸ਼ਵਰਾਨੰਦ ਨੇ ਚਤੁਰੰਗਿਨੀ ਫੌਜ ਬਣਾਉਣ ਲਈ ਸ਼੍ਰੀ ਸ਼ੰਕਰਾਚਾਰੀਆ ਚਤੁਰੰਗਿਨੀ ਸਭਾ ਬਣਾਈ ਹੈ। ਇਸ ਦੇ 27 ਮੈਂਬਰ ਹੋਣਗੇ ਅਤੇ ਉਹ ਖੁਦ ਇਸਦੇ ਪ੍ਰਧਾਨ ਹੋਣਗੇ।ਸ਼ੰਕਰਾਚਾਰੀਆ ਨੇ ਆਪਣੀ ਫੌਜ ਦੇ ਕੰਮ ਕਰਨ ਦੇ ਤਰੀਕਿਆਂ ਬਾਰੇ ਦੱਸਿਆ। ਉਨ੍ਹਾਂ ਕਿਹਾ, "ਪਹਿਲਾਂ ਅਸੀਂ ਰੋਕਾਂਗੇ, ਫੇਰ ਉਨ੍ਹਾਂ ਨੂੰ ਦੱਸਾਂਗੇ ਕਿ ਇਹ ਗਲਤ ਹੈ। ਜੇ ਉਹ ਸਹਿਮਤ ਨਹੀਂ ਹੋਏ ਤਾਂ ਫੇਰ ਉਨ੍ਹਾਂ ਨੂੰ ਠੋਕਿਆ ਜਾਵੇਗਾ। "ਠੋਕੋ" ਦਾ ਮਤਲਬ ਸਿੱਧਾ ਹਮਲਾ ਨਹੀਂ ਹੈ। ਮੁਕੱਦਮਾ ਦਾਇਰ ਕਰਨਾ, ਸ਼ਿਕਾਇਤ ਦਰਜ ਕਰਨਾ ਅਤੇ



ਪੰਚਾਇਤ ਕਰਵਾਉਣਾ ਵੀ ਕਾਨੂੰਨ ਦੇ ਘੇਰੇ ਵਿੱਚ ਆਵੇਗਾ। ਇਹ ਸਭ ਸੰਵਿਧਾਨਕ ਤਰੀਕਿਆਂ ਨਾਲ ਕੀਤੇ ਜਾਣਗੇ। ਸ਼ੰਕਰਾਚਾਰੀਆ ਨੇ ਕਿਹਾ, "ਇੱਕ ਟੀਮ ਵਿੱਚ 10 ਲੋਕ ਹੋਣਗੇ। ਜੇਕਰ 21,870 ਟੀਮਾਂ ਬਣਾਈਆਂ ਜਾਂਦੀਆਂ ਹਨ, ਤਾਂ ਇੱਕ ਫੌਜ ਤਿਆਰ ਹੋਵੇਗੀ। ਭਾਰਤ ਵਿੱਚ ਇਸ ਸਮੇਂ ਲਗਭਗ 800 ਜ਼ਿਲ੍ਹੇ ਹਨ। ਜੇਕਰ ਹਰੇਕ ਜ਼ਿਲ੍ਹੇ ਵਿੱਚ 27 ਟੀਮਾਂ, ਜਾਂ 270 ਲੋਕ ਬਣਾਏ ਜਾਂਦੇ ਹਨ, ਤਾਂ 2 ਲੱਖ 16 ਹਜ਼ਾਰ ਲੋਕ ਤਿਆਰ ਹੋਣਗੇ।"

## ਟਰੰਪ ਪ੍ਰਸ਼ਾਸਨ ਦਾ ਦਬਾਅ: ਅਮਰੀਕਾ ਵਿੱਚ ਕਟੌਤੀਆਂ ਅਤੇ ਸੁਧਾਰਾਂ ਦੀ ਮੰਗ

**ਵਾਸ਼ਿੰਗਟਨ ਸਾਂਝੀ ਸੋਚ ਬਿਊਰੋ**


ਟਰੰਪ ਪ੍ਰਸ਼ਾਸਨ ਨੇ ਅਮਰੀਕਾ ਨੂੰ ਹੋਰ "ਨਿਰਬਲ ਅਤੇ ਪ੍ਰਭਾਵਸ਼ਾਲੀ" ਬਣਾਉਣ ਵੱਲ ਇੱਕ ਵੱਡਾ ਕਦਮ ਚੁੱਕਿਆ ਹੈ। ਸੰਯੁਕਤ ਰਾਸ਼ਟਰ ਵਿਚ ਅਮਰੀਕੀ ਰਾਜਦੂਤ ਮਾਈਕ ਵਾਲਟਜ਼ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਵਾਸ਼ਿੰਗਟਨ ਹੁਣ ਆਪਣੇ ਫੰਡਿੰਗ ਨੂੰ ਇੱਕ ਸਥਾਈ ਯੋਗਦਾਨ ਵਜੋਂ ਨਹੀਂ ਦੇਖਦਾ, ਸਗੋਂ ਸੁਧਾਰ ਲਈ ਦਬਾਅ ਪਾਉਣ ਦੇ ਸਾਧਨ ਵਜੋਂ ਦੇਖਦਾ ਹੈ। ਨਿਊਯਾਰਕ ਵਿਚ ਇੱਕ ਕਾਂਗਰਸ ਦੀ ਸੁਣਵਾਈ ਵਿਚ ਬੋਲਦੇ ਹੋਏ, ਵਾਲਟਜ਼ ਨੇ ਕਿਹਾ ਕਿ ਸੰਯੁਕਤ ਰਾਸ਼ਟਰ ਨੂੰ ਆਪਣੇ ਮੂਲ ਉਦੇਸ਼ 'ਅੰਤਰਰਾਸ਼ਟਰੀ ਸ਼ਾਂਤੀ ਅਤੇ ਸੁਰੱਖਿਆ ਨੂੰ ਬਣਾਈ ਰੱਖਣ' ਵੱਲ ਵਾਪਸ ਜਾਣਾ ਚਾਹੀਦਾ ਹੈ।

ਉਨ੍ਹਾਂ ਦਲੀਲ ਦਿੱਤੀ ਕਿ ਪਿਛਲੇ ਦਹਾਕਿਆਂ ਵਿਚ ਸੰਗਠਨ ਦਾ ਦਾਇਰਾ ਵਧਿਆ ਹੈ, ਪਰ ਇਸਦੇ ਨਤੀਜੇ ਉਸ ਅਨੁਸਾਰ ਨਹੀਂ ਰਹੇ ਹਨ।ਵਾਲਟਜ਼ ਨੇ ਦੱਸਿਆ ਕਿ ਪਿਛਲੇ 25 ਸਾਲਾਂ ਵਿਚ ਸੰਯੁਕਤ ਰਾਸ਼ਟਰ ਦਾ ਬਜਟ ਚੌਗੁਣਾ ਹੋ ਗਿਆ ਹੈ, ਪਰ ਦੁਨੀਆਂ ਵਿਚ ਸ਼ਾਂਤੀ ਅਤੇ ਸਥਿਰਤਾ ਅਨੁਪਾਤਕ ਤੌਰ 'ਤੇ ਨਹੀਂ ਵਧੀ ਹੈ। ਉਨ੍ਹਾਂ ਕਿਹਾ ਕਿ ਅਮਰੀਕੀ ਟੈਕਸਦਾਤਾਵਾਂ ਦੇ ਪੈਸੇ ਦੀ ਸਹੀ ਵਰਤੋਂ ਨੂੰ ਯਕੀਨੀ ਬਣਾਉਣਾ ਮਹੱਤਵਪੂਰਨ ਹੈ ਅਤੇ ਹੁਣ ਅਮਰੀਕਾ ਅਜਿਹੇ ਸੰਗਠਨਾਂ ਨੂੰ ਫੰਡ ਨਹੀਂ ਦੇਵੇਗਾ, ਜੋ ਉਸਦੇ ਹਿੱਤਾਂ ਦੇ ਵਿਰੁੱਧ ਕੰਮ ਕਰਦੇ ਹਨ।ਉਸਨੇ 2026 ਲਈ ਸੰਯੁਕਤ ਰਾਸ਼ਟਰ ਦੇ ਨਿਯਮਤ ਬਜਟ ਵਿਚ ਯੋਜਨਾਬੱਧ 15% ਕਟੌਤੀ ਦਾ ਵੀ ਜ਼ਿਕਰ ਕੀਤਾ, ਜੋ ਕਿ ਲਗਭਗ 570 ਮਿਲੀਅਨ ਡਾਲਰ ਦੀ ਕਟੌਤੀ ਹੈ। ਇਹ ਫੈਸਲਾ ਲਗਭਗ 3,000 ਨੌਕਰੀਆਂ ਨੂੰ ਪ੍ਰਭਾਵਿਤ ਕਰ ਸਕਦਾ ਹੈ ਅਤੇ ਅਮਰੀਕਾ ਦੇ ਯੋਗਦਾਨ ਨੂੰ ਲਗਭਗ 126 ਮਿਲੀਅਨ ਡਾਲਰ ਘਟਾ ਸਕਦਾ ਹੈ।ਇਸ ਤੋਂ ਇਲਾਵਾ, ਪ੍ਰਸ਼ਾਸਨ ਸ਼ਾਂਤੀ ਰੱਖਿਅਕ ਮਿਸ਼ਨਾਂ ਵਿਚ ਤਾਇਨਾਤ ਫੌਜਾਂ ਦੀ ਗਿਣਤੀ ਵਿਚ 25% ਕਮੀ ਅਤੇ ਲੰਬੇ ਸਮੇਂ ਤੋਂ ਚੱਲ ਰਹੇ ਮਿਸ਼ਨਾਂ ਦੇ ਪੁਨਰਗਠਨ ਲਈ ਜ਼ੋਰ ਦੇ ਰਿਹਾ ਹੈ। ਵਾਲਟਜ਼ ਨੇ ਕਿਹਾ ਕਿ ਕੁਝ ਮਿਸ਼ਨ 30, 50, ਜਾਂ 80 ਸਾਲਾਂ ਤੋਂ ਚੱਲ ਰਹੇ ਹਨ, ਜਿਸ ਕਾਰਨ ਉਹ ਸਥਾਈ ਹਨ ਪਰ ਇੱਕ ਠੋਸ ਰਾਜਨੀਤਿਕ ਹੱਲ ਪ੍ਰਦਾਨ ਕਰਨ ਵਿਚ ਅਸਮਰੱਥ ਹਨ।ਹਾਲੀਆ ਕਦਮਾਂ ਵਿਚ ਇਰਾਕ ਅਤੇ ਯਮਨ ਵਿਚ ਮਿਸ਼ਨਾਂ ਨੂੰ ਬੰਦ ਕਰਨਾ ਜਾਂ ਘਟਾਉਣਾ ਅਤੇ ਲੇਬਨਾਨ ਅਤੇ ਪੱਛਮੀ ਸਹਾਰਾ ਵਿਚ ਚੱਲ ਰਹੇ ਕਾਰਜਾਂ ਦੀ ਸਮੀਖਿਆ ਸ਼ਾਮਲ ਹੈ। ਇਸ ਤੋਂ ਇਲਾਵਾ, ਦੇਸ਼ਾਂ ਨੂੰ ਹੁਣ ਸ਼ਾਂਤੀ ਰੱਖਿਅਕ ਮਿਸ਼ਨਾਂ ਵਿਚ ਸਾਜ਼ੋ-ਸਾਮਾਨ ਲਈ ਭੁਗਤਾਨ ਸਿਰਫ਼ ਤੈਨਾਤੀ ਦੀ ਬਜਾਏ ਅਸਲ ਵਰਤੋਂ ਦੇ ਆਧਾਰ 'ਤੇ ਪ੍ਰਾਪਤ ਹੋਣਗੇ।ਵਾਲਟਜ਼ ਨੇ ਸੰਯੁਕਤ ਰਾਸ਼ਟਰ ਦੀਆਂ ਵੱਖ-ਵੱਖ ਏਜੰਸੀਆਂ ਦੇ ਅੰਦਰ ਡੁਪਲੀਕੇਸ਼ਨ ਅਤੇ ਅਕੁਸ਼ਲਤਾਵਾਂ ਨੂੰ ਵੀ ਨਿਸ਼ਾਨਾ ਬਣਾਇਆ।


Law Offices of
Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com



LAMBA VIDEO
★ Weddings ★ Birthdays ★ Photo Shoots
HD Quality Wedding Videos Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com


RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor ®
ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।
Contact : Cell (209) 550-1704
220 - A Standiford Ave, Modesto, CA 95350, kkaur@mycvre.com
EACH OFFICE IS INDEPENDENTLY OWNED AND OPERATED



Space availabe for Ad
Contact #
+1 (209) 303-1260



Space availabe for Ad
Contact #
+1 (209) 303-1260



THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh
Realtor
The JRP Group
Ph: (414) 551-0530
DRE #02114137



Pal Films Production
All Your Photo/Videography & Post Production needs Under One Roof
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
Full Photo & Videography studio with Green Screen/Blue Screen
(925) 489-3400, (341) 356-1517
palfilms925@gmail.com www.thepalfilms.com

JRP REALTY GROUP
A TRADITION OF REAL ESTATE EXCELLENCE

SERVING CALIFORNIA FOR COMMERCIAL REAL ESTATE NEEDS

Specializing in all Types of Commercial Proprtries

Gas Stations, Apartments, Commercial Buildings, Liquor stores and Land

CALL TODAY TO BUY/SELL YOUR REAL ESTATE/ BUSINESS





**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties

For more properties or business, contact us.






**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

LENDINGASSETS
Elevating Your Mortgage Experience

Home Loan ਘਰਾਂ ਦੇ ਲੋਨ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

Refinance @2.75% APR or lower



Apply online at www.lendingassets.com and check out the live lowest rates on our website


NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੋਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria
MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

ਸਾਂਝੀ ਸੋਚ
SANJHI SOCH

www.sanjhisoch.com

PATTRON: HARJIT BASI

MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ।ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ।ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH
DAILY NEWSPAPER
2601 Oakdale Road,
Suite H2-167 Modesto,
CA 95355 USA
Cell: (209) 303-1260
Email: info@sanjhisoch.com
Visit at: www.sanjhisoch.com

# ਭਾਰਤੀ ਜਨਤਾ ਪਾਰਟੀ ਦੀ 14 ਮਾਰਚ ਨੂੰ ਕਿਲੀ ਚਹਿਲਾਂ (ਮੋਗਾ) ਪੰਜਾਬ ਵਿਖੇ ਹੋਈ ਬਦਲਾਅ ਰੈਲੀ 'ਤੇ ਪੰਛੀ ਝਾਤ!!

ਜੰਗ ਸਿੰਘ ਮਰਸੰਡ (ਅਮਰੀਕਾ)
+1 415 603 7380



ਭਾਜਪਾ ਦੀ ਕੇਂਦਰੀ ਲੀਡਰਸ਼ਿਪ ਨੇ 14 ਮਾਰਚ 2026 ਨੂੰ ਪੰਜਾਬ ਦੇ ਜਿਲਾ ਮੋਗਾ ਦੇ ਸ਼ਹਿਰ 'ਕਿੱਲੀ ਚਹਿਲਾਂ' ਵਿਖੇ ਬਦਲਾਅ ਰੈਲੀ ਕੀਤੀ ਗਈ।ਇਸ ਰੈਲੀ ਨੂੰ ਸੰਬੋਧਨ ਕਰਨ ਲਈ ਭਾਰਤ ਦੇ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਉਚੇਚੇ ਤੌਰ ਤੇ ਆਏ ਹੋਏ ਸਨ।ਇਸ ਰੈਲੀ ਦਾ ਮੰਤਵ ਇੰਝ ਪ੍ਰਤੀਤ ਹੋ ਰਿਹਾ ਹੈ ਕਿ ਭਾਰਤੀ ਜੰਨਤਾ ਪਾਰਟੀ 2027 ਵਿੱਚ ਹੋ ਰਹੀਆਂ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਵਿੱਚ ਚੰਗਾ ਪ੍ਰਦਰਸ਼ਨ ਕਰਨਾ ਚਾਹੁੰਦੀ ਹੈ ਜਿਸ ਲਈ ਇਸ ਰੈਲੀ ਨੂੰ ਇਕ ਪਹਿਲਾ ਕੱਦਮ ਵੀ ਦਸਿਆ ਜਾ ਰਿਹਾ ਹੈ ।ਇਸ ਰੈਲੀ ਨੂੰ ਸਫਲ਼ ਕਰਨ ਲਈ ਕੇਂਦਰ ਦੀ ਭਾਰਤੀ ਜੰਨਤਾ ਪਾਰਟੀ , ਪੰਜਾਬ ਦੀ ਭਾਰਤੀ ਜੰਨਤਾ ਪਾਰਟੀ ਨੇ ਅੱਡੀ ਚੋਟੀ ਦਾ ਸਾਰਾ ਜੋਰ ਵੀ ਲਗਾਇਆ।ਇਥੋਂ ਤਕ ਕਿ ਪਾਰਟੀ ਵਲੋਂ ਬਕਾਇਦਾ ਤੌਰਤੇ ਰੈਲੀ ਵਿੱਚ ਵੱਧ ਤੋਂ ਵੱਧ ਬੰਦੇ ਢੋਹਣ ਲਈ ਬੱਸਾਂ ਦਾ ਜਿਥੇ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਸੀ ਉਥੇ ਉਨਾਂ ਦੇ ਖਾਣ ਪੀਣ ਸਮੇਤ ਹਰ ਪ੍ਰਕਾਰ ਦੀ ਸਹੂਲਤ ਦੇਣ ਨੂੰ ਵੀ ਯਕੀਨੀ ਕੀਤਾ ਹੋਇਆ ਦਸਿਆ ਜਾ ਰਿਹਾ ਸੀ।ਇਹ ਰੈਲੀ ਪੰਜਾਬ ਦੇ ਉਸ ਇਲਾਕੇ ਵਿੱਚ ਕੀਤੀ ਗਈ ਜਿਹੜਾ ਪੰਜਾਬ ਦਾ ਸ਼ੁਰੂ ਤੋਂ ਹੀ ਇਨਕਲਾਬੀ ਏਰੀਆ ਰਿਹਾ ਹੈ ਤੇ ਉਥੇ ਭਾਜਪਾ ਦਾ ਅਸਰ ਰਸੂਖ ਨਾ ਮਾਤਰ ਹੀ ਹੈ ।ਭਾਰਤੀ ਜੰਨਤਾ ਪਾਰਟੀ ਇਥੇ ਇਹ ਰੈਲੀ ਕਰਕੇ ਇਥੋਂ ਦੇ ਲੋਕਾਂ ਵਿੱਚ ਭਾਰਤੀ ਜੰਨਤਾ ਪਾਰਟੀ ਪੰਜਾਬ ਪ੍ਰਤੀ ਉਤਸ਼ਾਹ ਲਿਆਉਣਾ ਚਾਹੁੰਦੀ ਸੀ।

ਇਸ ਰੈਲੀ ਤੋਂ ਪਹਿਲਾਂ ਕਈ ਧਿਰਾਂ ਵਲੋਂ ਵੱਡੇ ਪਧੱਰ ਤੇ ਇਹ ਪ੍ਰਚਾਰ ਵੀ ਕੀਤਾ ਗਿਆ ਕਿ ਭਾਰਤ ਦੇ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਪੰਜਾਬ ਨੂੰ ਕਰਜਾ ਮੁੱਕਤ ਕਰਕੇ ਜਾਣਗੇ , ਕੁਝ ਦਾ ਕਹਿਣਾ ਇਹ ਵੀ ਸੀ ਪਿਛਲੇ ਕਾਫੀ ਸਮੇਂ ਤੋਂ ਬੰਦੀ ਸਿੱਖ ਜਿਹੜੇ ਅਦਾਲਤਾਂ ਵਲੋਂ ਮਿਲੀਆਂ ਸਜਾਵਾਂ ਤੋਂ ਕਿਤੇ ਵੱਧ ਸਜਾਵਾਂ ਭੁੱਗਤ ਚੁੱਕੇ ਹਨ ਉਨਾਂ ਦੀ ਰਿਹਾਈ ਦਾ ਐਲਾਨ ਕਰਕੇ ਜਾ ਸਕਦੇ ਹਨ।ਲੋਕਾਂ ਦੇ ਇਕ ਸੈਕਸ਼ਨ ਵਿੱਚ ਇਹ ਵੀ ਚਰਚਾ ਹੁੰਦੀ ਰਹੀ ਕਿ ਸ਼ਾਇਦ ਪੰਜਾਬ ਦੀ ਰਾਜਧਾਨੀ 'ਚੰਡੀਗੜ੍ਹ' ਨੂੰ ਪੰਜਾਬ ਦੇ ਹਵਾਲੇ ਕਰਨ ਦਾ ਐਲਾਨ ਵੀ ਹੋ ਸਕਦਾ ਹੈ ਆਦਿ ਪੰਜਾਬ ਦੇ ਪਿਛਲੇ ਕਾਫੀ ਸਮੇਂ ਤੋਂ ਲਟਕ ਰਹੇ ਹੋਰ ਮਸੱਲਿਆਂ ਨੂੰ ਹੱਲ ਕਰਨ ਦਾ ਐਲਾਨ ਕਰਕੇ ਵੀ ਜਾ ਸਕਦੇ ਹਨ ਵਗੈਰਾ ਵਗੈਰਾ।ਵੱਖ ਵੱਖ ਪਾਰਟੀਆਂ ਦੇ ਆਗੂਆਂ ਨੇ ਭਾਜਪਾ ਰੈਲੀ ਤੋਂ ਬਾਅਦ ਇਹ ਵੀ ਅਖਬਾਰੀ ਬਿਆਨ ਦਿੱਤੇ ਕਿ ਭਾਜਪਾ ਦੀ ਕਿੱਲੀ ਚਹਿਲਾਂ ਵਿਖੇ ਹੋਈ ਰੈਲੀ ਵਿੱਚ ਭਾਰਤੀ ਜੰਨਤਾ ਪਾਰਟੀ ਵਾਲੇ ਉਨੀ ਜੰਨਤਾ ਨੂੰ ਨਹੀਂ ਲਿਆ ਸਕੇ ਜਿਨਿਆਂ ਦੀ ਉਹ ਕਿਆਸ ਅਰਾਈਂ ਕਰਦੇ ਸਨ ।

ਵਿਰੋਧੀ ਪਾਰਟੀਆਂ ਦੇ ਕਈ ਆਗੂਆਂ ਨੇ ਤਾਂ ਇਥੋਂ ਤਕ ਆਖ ਦਿੱਤਾ ਕਿ ਕਿੱਲੀ ਚਹਿਲਾਂ ਰੈਲੀ ਵਿੱਚ ਭਾਰਤੀ ਜੰਨਤਾ ਪਾਰਟੀ ਵਾਲਿਆਂ ਨੇ ਜਿਹੜੇ ਬੰਦੇ ਲਿਆਂਦੇ ਹਨ ਉਹ ਪੰਜਾਬ ਦੇ ਨੇੜਲੇ ਪ੍ਰਾਂਤਾਂ ਹਰਿਆਣਾ , ਹਿਮਾਚਲ , ਦਿੱਲੀ , ਉਤਰ ਪ੍ਰਦੇਸ਼ ਆਦਿ ਵਿੱਚੋਂ ਰ.ਸ.ਸ. ਤੇ ਭਾਜਪਾ ਦੇ ਵਰਕਰਾਂ ਤੋਂ ਇਲਾਵਾ ਪੈਸੇ ਦੇ ਜੋਰ ਨਾਲ ਭਾੜੇ ਦੇ ਟੱਟੂ ਵੀ ਲਿਆਂਦੇ ਹੋਏ ਸਨ । ਇਨਾ ਕੁਝ ਕਰਨ ਦੇ ਬਾਵਜੂਦ ਭਾਜਪਾ ਨੂੰ ਪੰਜਾਬ ਵਿੱਚ ਕੀਤੀ ਇਸ ਬਦਲਾਅ ਰੈਲੀ ਤੋਂ ਨਮੋਸ਼ੀ ਦਾ ਹੀ ਸਾਹਮਣਾ ਕਰਨਾ ਪਿਆ ਹੈ।ਇਹ ਰੈਲੀ ਕਰਕੇ ਭਾਰਤੀ ਜੰਨਤਾ ਪਾਰਟੀ ਜੋ ਪ੍ਰਭਾਵ ਪੰਜਾਬ ਵਿੱਚ ਦੇਣਾ ਚਾਹੁੰਦੀ ਸੀ ਉਸ ਵਿੱਚ ਉਹ ਬੁਰੀ ਤਰ੍ਹਾਂ ਫੇਲ ਹੋਈ ਹੈ।

ਪੰਜਾਬ ਵਿੱਚ ਭਾਰਤੀ ਜੰਨਤਾ ਪਾਰਟੀ ਦੇ ਵਕਾਰ ਦੀ ਰਹਿੰਦੀ ਖੂੰਹਦੀ ਕਸਰ ਭਾਰਤ ਦੇ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਵਲੋਂ ਪੰਜਾਬ ਦਾ ਕੋਈ ਮਸੱਲਾ ਹੱਲ ਕਰਨ ਦਾ ਐਲਾਨ ਕਰਨ ਦੀ ਗੱਲ ਤਾਂ ਦੂਰ ਰਹੀ , ਉਹ ਤਾਂ ਇਹ ਬਿਆਨ ਦੇ ਕੇ ਚਲੇ ਗਏ ਕਿ ਪੰਜਾਬ ਦੇ ਲੋਕਾਂ ਨੇ ਹੋਰ ਪਾਰਟੀਆਂ ਨੂੰ ਪੰਜਾਬ ਵਿੱਚ ਰਾਜ ਕਰਨ ਦਾ ਮੌਕਾ ਦਿੱਤਾ ਹੈ। ਉਹ ਭਾਰਤੀ ਜੰਨਤਾ ਪਾਰਟੀ ਨੂੰ ਵੀ ਇਕ ਮੌਕਾ ਰਾਜ ਕਰਨ ਦਾ ਦੇਣਗੇ।ਉਨਾਂ ਨੇ ਇਹ ਵੀ ਆਖਿਆ ਕਿ ਚੋਣਾਂ ਤੋਂ ਬਾਅਦ ਜੇਕਰ ਪੰਜਾਬ ਵਿੱਚ ਉਨਾਂ ਦੀ ਸਰਕਾਰ ਬਣਦੀ ਹੈ ਤਾਂ ਉਹ ਪੰਜਾਬ ਵਿੱਚ ਹੋ ਰਹੇ ਧਰਮ ਪ੍ਰੀਵਰਤਣ ਸਬੰਧੀ ਕਾਨੂੰਨ ਜਰੂਰ ਬਣਾਉਣਗੇ।ਇਸ ਰੈਲੀ ਦੇ ਮਕਸਦ ਦੀ ਮਿੱਟੀ ਉਸ ਵੇਲੇ ਰੈਲੀ ਵਿੱਚ ਡਾਕਟਰ ਹਰਜੋਤ ਕਮਲ ਨੇ ਇਹ ਬਿਆਨ ਦੇ ਕੇ ਰੋਲ ਦਿੱਤੀ ਕਿ ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਦੀ ਥਾਂ ਤੇ "ਮੋਗਾ" ਨੂੰ ਬਣਾਇਆ ਜਾਵੇ ।ਇਸ ਬਿਆਨ ਨੇ ਵੀ ਪੰਜਾਬੀਆਂ ਦੀਆਂ ਅੱਖਾਂ ਖੋਲ੍ਹ ਦਿੱਤੀਆਂ ਹਨ ਕਿ ਆਖਰ ਭਾਜਪਾ ਦੀ 'ਚੰਡੀਗੜ੍ਹ' ਬਾਰੇ ਕਿੰਨੀ ਭੱਦੀ ਸੋਚ ਹੈ । ਇਹੋ ਜਿਹੇ ਬਿਆਨਾਂ ਨੇ ਪੰਜਾਬ ਵਿੱਚ ਭਾਜਪਾ ਦਾ ਉਭਾਰ ਤਾਂ ਕੀ ਲਿਆਉਣਾ ਸੀ ਬਲਕਿ ਪਾਰਟੀ ਦੀ ਰਹਿੰਦੀ ਖੂਹੰਦੀ ਫੂਕ ਵੀ ਕੱਢ ਦਿੱਤੀ ਹੈ।ਪੰਜਾਬ ਦੇ ਲੋਕ ਭਲੀਭਾਂਤ ਜਾਣਦੇ ਹਨ ਕਿ ਭਾਰਤੀ ਜੰਨ ਸੰਘ ਤੇ ਹੁਣ ਜਿਹੜੀ ਭਾਰਤੀ ਜੰਨਤਾ ਪਾਰਟੀ ਦੇਸ਼ ਵਿੱਚ ਰਾਜ ਕਰ ਰਹੀ ਹੈ ਉਸ ਦਾ ਦੇਸ਼ ਦੀ ਅਜਾਦੀ ਤੋਂ ਬਾਅਦ ਪੰਜਾਬ ਪ੍ਰਤੀ ਕਿਹੋ ਜਿਹਾ ਰਵਈਆ ਰਿਹਾ ਹੈ ?

ਇਹ ਠੀਕ ਹੈ ਕਿ ਕਾਂਗਰਸ ਵੀ ਪੰਜਾਬ ਵਿਰੋਧੀ ਰਹੀ ਹੈ ਉਸ ਨੇ ਵੀ ਪੰਜਾਬ ਨਾਲ ਪੜਾਅ ਪੜਾਅ ਤੇ ਧੱਕੇ ਤੇ ਬੇਇਨਸਾਫੀਆਂ ਕੀਤੀਆਂ ਹਨ ਪਰ ਭਾਰਤੀ ਜੰਨਤਾ ਪਾਰਟੀ ਵਾਲੇ ਤਾਂ ਕਾਂਗਰਸ ਤੋਂ ਵੀ ਚਾਰ ਰਤੀਆਂ ਵਧੇਰੇ ਪੰਜਾਬ ਵਿਰੋਧੀ ਸਾਬਤ ਹੋ ਰਹੇ ਹਨ।ਪੰਜਾਬ ਦੇ ਲੋਕ ਇਸ ਪਾਰਟੀ ਦੇ ਰੋਲ ਨੂੰ ਕਦੇ ਵੀ ਅੱਖੋਂ ਪਰੋਖੇ ਨਹੀਂ ਕਰ ਸਕਦੇ! ਕਿਸੇ ਤੋਂ ਇਹ ਗੱਲ ਲੁਕੀ ਹੋਈ ਨਹੀਂ ਹੈ ਕਿ ਭਾਰਤੀ ਜੰਨਤਾ ਪਾਰਟੀ ਭਾਵੇਂ ਦੇਸ਼ ਵਿੱਚ ਰਾਜ ਕਰ ਰਹੀ ਹੈ ਪਰ ਉਸ ਨੂੰ ਚਲਾਉਣ ਵਾਲੀ ਹਿੰਦੂਆਂ ਦੀ ਕਟੱੜ ਫਾਸ਼ੀਵਾਦੀ ਜਥੇਬੰਦੀ ਰ.ਸ.ਸ. ਹੈ ।ਜੋ ਰ.ਸ.ਸ. ਦੇ ਆਗੂ ਸਰਕਾਰ ਨੂੰ ਆਦੇਸ਼ ਦੇਂਦੇ ਹਨ ਉਹ ਅੱਖਾਂ ਮੀਟ ਕੇ ਉਸ ਤੇ ਅਮਲ ਕਰਦੀ ਆ ਰਹੀ ਹੈ।ਮੁਸਲਮਾਨ,ਸਿੱਖ , ਈਸਾਈ , ਬੋਧੀ ,ਜੈਨੀ ਆਦਿ ਤੇ ਦਲਿਤ ਤਾਂ ਇਨਾਂ ਨੂੰ ਫੁੱਟੀ ਅੱਖ ਨਹੀਂ ਭਾਉਂਦੇ ।ਪਿਛਲੇ 10-15 ਸਾਲਾਂ ਤੋਂ ਜੋ ਜੋ ਕੁਝ ਇਨਾਂ ਨਾਲ ਵਰਤਾਵ ਕੀਤਾ ਗਿਆ ਹੈ ਜਾਂ ਫਿਰ ਕੀਤਾ ਜਾ ਰਿਹਾ ਹੈ ਸਭ ਦੇ ਸਾਹਮਣੇ ਹੈ।ਇਨਾਂ ਦਾ ਇਕੋ ਇਕ ਨਿਸ਼ਾਨਾ ਦੇਸ਼ ਨੂੰ ਹਿੰਦੂ ਰਾਸ਼ਟਰ ਬਣਾਉਣਾ ਹੈ।ਇਹ ਸਰਕਾਰ ਤੇਜੀ ਨਾਲ ਹਰ ਹਰਬਾ ਖਰਬਾ ਵਰਤ ਕੇ ਅੱਗੇ ਵੱਧ ਰਹੀ ਹੈ।

ਜੰਮੂ ਕਸ਼ਮੀਰ ਤੇ ਦੇਸ਼ ਦੇ ਮੁਸਲਮਾਨਾਂ ਨੂੰ ਡਰਾ ਧਮਕਾ ਕੇ ਹੁਣ ਇਸ ਨੇ ਸਾਰਾ ਜੋਰ ਪੰਜਾਬ ਨੂੰ ਕਾਬੂ ਕਰਨ ਲਈ ਲਗਾਇਆ ਹੋਇਆ ਹੈ ।ਭਾਰਤੀ ਜੰਨਤਾ ਪਾਰਟੀ ਵਾਲੇ ਸਮਝਦੇ ਹਨ ਜੇ ਕਰ ਪੰਜਾਬ ਨੂੰ ਕਾਬੂ ਕਰ ਲਿਆ ਤਾਂ ਉਨਾਂ ਦਾ ਮੰਤਵ ਕਾਫੀ ਹੱਦ ਤਕ ਸਿਰੇ ਚੜ੍ਹ ਸਕਦਾ ਹੈ ਇਸੇ ਕਦੱਮ ਦੀ ਕੜੀ ਵਿੱਚ ਪੰਜਾਬ ਵਿੱਚ ਇਹ ਰੈਲੀ ਰੱਖੀ ਗਈ ਸੀ।ਪੰਜਾਬ ਦੇ ਲੋਕ ਪਿਛਲੇ ਕਾਫੀ ਸਮੇਂ ਤੋਂ ਆਪਸੀ ਭਰਾਤਰੀ ਸਾਂਝ ਨੂੰ ਕਾਇਮ ਰੱਖੇ ਹੋਏ ਚਲੇ ਆ ਰਹੇ ਹਨ ।ਇਹ ਹੁਣ ਹਿੰਦੂ ਮੁਸਲਿਮ ਪਾੜਾ ਪਾਉਣ ਤੋਂ ਬਾਅਦ ਪੰਜਾਬ ਵਿੱਚ ਹਿੰਦੂ ਸਿੱਖ ਪਾੜ੍ਹਾ ਪਾਉਣਾ ਚਾਹੁੰਦੇ ਹਨ।ਪਰ ਭਾਜਪਾ ਦੀ ਇਸ ਸਰਕਾਰ ਨੂੰ ਸਮਝ ਲੈਣਾ ਚਾਹੀਦਾ ਹੈ ਕਿ ਪੰਜਾਬ ਵਿੱਚ ਉਸ ਨੂੰ ਕਿਸੇ ਹਾਲਤ ਵਿੱਚ ਇਸ ਵਿੱਚ ਸਫਲਤਾ ਮਿਲਣ ਵਾਲੀ ਨਹੀਂ ਹੈ । ਕਿਸੇ ਨੇ ਐਵੇਂ ਨਹੀਂ ਆਖਿਆ ਕਿ ਪੰਜਾਬ ਤਾਂ 'ਗੁਰੂਆਂ ਦੇ ਨਾਂ' ਤੇ ਜੀਉਂਦਾ ਹੈ।ਪੰਜਾਬ ਤੇ ਗੁਰੂ ਸਾਹਿਬਾਨ ਦਾ ਫਲਸਫਾ ਭਾਰੂ ਹੈ ਇਸੇ ਕਰਕੇ ਜਿਸ ਵੀ ਸਰਕਾਰ ਨੇ ਇਸ ਭਰਾਤਰੀ ਸਾਂਝ ਨੂੰ ਤੋੜਣ ਦਾ ਯਤਨ ਕੀਤਾ ਹੈ।

ਉਸ ਨੂੰ ਮੂੰਹ ਦੀ ਹੀ ਖਾਣੀ ਪਈ ਹੈ । ਇਸ ਵੇਲੇ ਪੰਜਾਬ ਬੜੇ ਨਾਜੁਕ ਦੌਰ ਵਿੱਚੋਂ ਲੰਘ ਰਿਹਾ ਹੈ ।ਅਕਾਲੀ ਪਾਰਟੀ ਪੰਜਾਬੀਆਂ ਵਿੱਚੋਂ ਪੰਜਾਬ ਦੀ ਖੇਤਰੀ ਪਾਰਟੀ ਹੋਣ ਦਾ ਵਕਾਰ ਖਤਮ ਕਰ ਚੁੱਕੀ ਹੋਣ ਕਰਕੇ ਇਸ ਸਮੇਂ ਪੰਜਾਬ ਸੁਯੋਗ ਲੀਡਰਸ਼ਿਪ ਤੋਂ ਹੀਣਾ ਹੋ ਗਿਆ ਹੈ ।ਬਾਦਲਾਂ ਦੀ ਭਾਜਪਾ ਨਾਲ ਸਾਂਝ ਕਰ ਕੇ ਚਲਾਏ ਦਸ ਸਾਲਾਂ ਦੇ ਰਾਜ ਕਾਲ ਨੇ ਪੰਜਾਬੀਆਂ ਤੇ ਸਿੱਖ ਪੰਥ ਦੇ ਮਨਾਂ ਵਿੱਚ ਅਜਿਹੀ ਖਟਾਸ ਪੈਦਾ ਕਰ ਦਿੱਤੀ ਹੈ ਕਿ ਉਹ ਕਿਸੇ ਵੀ ਅਕਾਲੀ ਪਾਰਟੀ ਦੀ ਭਾਜਪਾ ਨਾਲ ਸਾਂਝ ਨੂੰ ਬਰਦਾਸ਼ਤ ਕਰਨ ਲਈ ਤਿਆਰ ਨਹੀਂ । ਉਂਝ ਵੀ ਪੰਜਾਬ ਵਿੱਚ ਸਾਰੀਆਂ ਪਾਰਟੀਆਂ ਚਾਹੇ ਕਾਂਗਰਸ ਹੈ ਜੋ ਆਪਿਸ ਵਿੱਚ ਕਈ ਧੜ੍ਹਿਆਂ ਵਿੱਚ ਵੰਡੀ ਹੋਈ ਹੈ , ਅਕਾਲੀਆਂ ਦੇ ਕਈ ਦੱਲ ਬਾਦਲ ਦੱਲ , ਮਾਨ ਦੱਲ , ਪੁਨਰ ਸੁਰਜੀਤ ਅਕਾਲੀ ਦੱਲ ਅਤੇ ਵਿਰਸਾ ਸੰਭਾਲ ਅਕਾਲੀ ਦੱਲ ਵਿੱਚ ਵੰਡੀ ਜਾ ਚੁੱਕੀ ਹੈ।ਭਾਜਪਾ ਦੀ ਪੰਜਾਬ ਵਿੱਚ ਹੋਂਦ ਹੀ ਨਹੀਂ ਹੈ, ਬਹੁਜਨ ਸਮਾਜ ਪਾਰਟੀ ਵੀ ਇਕੱਲੀ ਕੁਝ ਕਰ ਸਕਣ ਦੇ ਸਮਰੱਥ ਨਹੀਂ । ਆਮ ਆਦਮੀ ਪਾਰਟੀ ਤੋਂ ਵੀ ਪੰਜਾਬ ਦੇ ਲੋਕਾਂ ਦਾ ਮਨ ਖੱਟਾ ਹੋ ਗਿਆ ਹੈ ਇਸ ਨੇ ਵੀ ਪੰਜਾਬੀਆਂ ਨੂੰ ਬੜੇ ਸਬਜਬਾਗ ਵਿਖਾਏ ਪਰ ਅਮਲਾਂ ਤੇ ਖਰੀ ਨਹੀਂ ਉਤਰੀ ।ਪੰਜਾਬ ਬੜੇ ਖਤਰਨਾਕ ਮੋੜ੍ਹ ਤੇ ਖੜ੍ਹਾ ਹੈ ।ਉਹ ਆਪਣੀ ਹੋਂਦ ਦੀ ਲੜਾਈ ਲੜ੍ਹ ਰਿਹਾ ਹੈ ਜੇ ਕਰ ਪੰਜਾਬ ਨੂੰ ਬਚਾਉਣਾ ਹੈ ਤਾਂ ਸਭ ਤੋਂ ਪਹਿਲਾਂ ਪੰਜਾਬ ਦੀ ਹੋਂਦ ਨੂੰ ਬਚਾਉਣਾ ਜਰੂਰੀ ਹੈ। ਇਸ ਲਈ ਪੰਜਾਬੀਆਂ ਨੂੰ ਕੁਝ ਨਸੀਹਤਾਂ ਤੇ ਅਮਲ ਕਰਨਾ ਪਵੇਗਾ ।

ਉਨਾਂ ਨੂੰ ਗਦਾਰ, ਭ੍ਰਿਸ਼ਟ , ਦਿੱਲੀ ਕੋਲ ਪੰਜਾਬ ਨੂੰ ਲੁਟਾਉਣ ਵਾਲੇ ਲੀਡਰਾਂ ਤੋਂ ਬਚਣਾ ਪੈਣਾ ਹੈ।ਮੱਤਲਬ ਸਪਸ਼ਟ ਹੈ ਕਿ ਪੰਜਾਬ ਦੀ ਹੋਂਦ ਨੂੰ ਬਚਾਉਣ ਲਈ ਸਾਫ ਸੁੱਥਰੀ ਦਿੱਖ ਵਾਲੀ ਈਮਾਨਦਾਰ ਲੀਡਰਸ਼ਿਪ ਨੂੰ ਪੰਜਾਬ ਦੀਆਂ ਸਾਰੀਆਂ ਰਾਜਨੀਤਕ ਪਾਰਟੀਆਂ ਵਿੱਚੋਂ ਲਭਣਾ ਪਵੇਗਾ ।ਇਸ ਲਈ ਪੰਜਾਬ ਨਾਲ ਦਿਲੋਂ ਹਿੱਤ ਕਰਨ ਵਾਲੇ ਆਗੂਆਂ ਦੀ ਚੋਣ ਕਰਨੀ ਪਵੇਗੀ ।

ਭਾਜਪਾ ਨੂੰ ਛੱਡ ਕੇ ਸਾਰੇ ਅਕਾਲੀ ਦੱਲਾਂ ਅਤੇ ਹੋਰ ਰਾਜਨੀਤਕ ਪਾਰਟੀਆਂ ਸਮੇਤ ਬਹੁ ਸਮਾਜ ਪਾਰਟੀ ਦੇ ਸੱਚੇ ਸੁੱਚੇ ਲੀਡਰਾਂ ਨੂੰ ਨਾਲ ਲੈ ਕੇ ਇਕੱਠੇ ਹੋ ਕੇ ਪੰਜਾਬ ਨੂੰ ਪਿਆਰ ਕਰਨ ਵਾਲੀ ਲੀਡਰਸ਼ਿਪ ਨੂੰ ਚੁਣਨਾ ਪੈਣਾ ਤਾਂ ਕਿਧਰੇ ਪੰਜਾਬ ਨੂੰ ਰਾਹੇ ਰਸਤੇ ਲਿਆਂਦਾ ਜਾ ਸਕਦਾ ਹੈ ।ਇਸ ਵੇਲੇ ਗੱਦੀ ਪਿੱਛੇ ਭੱਜਣ ਦੀ ਥਾਂ ਤੇ ਪੰਜਾਬ ਦੀ ਹੋਂਦ ਨੂੰ ਬਚਾਉਣਾ ਜਰੂਰੀ ਹੈ।ਇਸ ਲਈ ਚੰਗੀ ਲੀਡਰਸ਼ਿਪ ਦਾ ਨਿਰਮਾਣ ਕਰਨਾ ਅਹਿਮ ਹੈ।ਆਸ ਹੈ ਕਿ ਪੰਜਾਬ ਦੇ ਹਿਤੈਸ਼ੀ ਲੋਕ ਜਲਦੀ ਤੋਂ ਜਲਦੀ ਇਕਠੇ ਹੋ ਕੇ ਚੰਗੀ ਲੀਡਰਸ਼ਿਪ ਦੀ ਚੋਣ ਕਰਕੇ ਇਕ ਬਹੁਤ ਵੱਡਾ ਪਰਉਪਕਾਰੀ ਕੰਮ ਕਰਨ ਦੀ ਭੂਮਿਕਾ ਨਿਭਾਉਣਗੇ।

**Information in Public Interest**

To listen to Dr.Gurdip Singh Sandhu health education lecture series, go to https://youtu.be/-DUhK3cACEU, Sabrangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉਪਰ ਸੋਮਵਾਰ ਰੇਡੀਓ ਪੰਜਾਬ 1310 AM ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

Contact:(408) 687-1899, (925) 587-1148


Arrested ?
DUI ?
Drug Charges ?
Gun Violation ?
Ghuman Law Group
GLG
GHUMAN LAW GROUP
Get the Legal Defence you Deserve.
Why Choose Us?
Trusted Legal Experts
Personalized Strategies
Proven Track Record
Criminal Defence Law
• DUI / DWI Defense
• Drug Charges
• Domestic Violence Defense
• Assault & Battery Defense
• Theft / Fraud / Financial Crimes
• Probation Violations
Contact Us
info@ghumanlawgroup.com
ghumanlawgroup.org
+1 228-200-0001


GHUMAN
LAW GROUP INC.
Ghuman Law Group
ਤੁਹਾਡੇ ਲਈ ਲੈ ਕੇ ਆਏ ਨੇ
AMERICA ਵਿੱਚ
BUSINESS ਕਰਨ ਦਾ ਸੁਨਿਹਰੀ ਮੌਕਾ !
ਜੇਕਰ ਤੁਸੀਂ Canada, England, Australia,
New Zealand, Europe ਜਾਂ ਕਿਸੇ ਹੋਰ ਦੇਸ਼ ਦੇ ਨਾਗਰਿਕ ਹੋ
ਆਓ E-2 Investor Visa ਰਾਹੀਂ
ਸਿਰਫ $25,000 ਦੀ ਘੱਟੋ-ਘੱਟ Investment
ਜੇ ਹੋਰ ਵੱਧ invest ਕਰਨਾ ਚਾਹੋ, ਉਹ ਵੀ ਸੰਭਵ
PASSPORT
GHUMAN LAW GROUP
ਤੁਹਾਡੀ ਕੰਪਨੀ ਸੈੱਟ ਕਰਵਾਉਣ 'ਚ
ਪੂਰੀ ਮਦਦ ਕਰੇਗਾ
ਇਮੀਗਰੇਸ਼ਨ ਸਬੰਧੀ ਸਾਰਾ Paperwork ਅਸੀਂ ਕਰਾਂਗੇ
ਪਰਿਵਾਰ ਸਮੇਤ ਆਉਣ ਦਾ ਵਧੀਆ ਮੌਕਾ
➤ 2 ਸਾਲ ਦਾ Work Permit
➤ Spouse ਨੂੰ ਮਿਲੇਗਾ Open Work Permit
➤ ਬੱਚਿਆਂ ਲਈ ਸਕੂਲ ਜਾਣ ਦੀ ਇਜਾਜ਼ਤ
➤ ਹਰ 2 ਸਾਲ ਬਾਅਦ Work Permit Renew ਕਰਵਾ ਸਕਦੇ ਹੋ
ਜਿੰਨਾ ਚਾਹੋ, ਅਮਰੀਕਾ ਵਿੱਚ ਰਹਿ ਕੇ ਆਪਣਾ ਬਿਜ਼ਨਸ ਚਲਾ ਸਕਦੇ ਹੋ
MON - FRI, 9:00 AM - 3:00 PM
+1 (223) 300-0001 | www.ghumanlawgroup.org
2450 VENTURE OAKS WAY, STE 225 SACRAMENTO, CA

ਜਿੱਥੇ ਡੁੱਲ੍ਹਦਾ ਖੂਨ ਸ਼ਹੀਦਾਂ ਦਾ, ਉੱਥੇ ਉੱਗਦਾ ਰੁੱਖ ਆਜ਼ਾਦੀ ਦਾ।
ਸਦੀਆਂ ਤੀਕ ਦੁਨੀਆਂ ਯਾਦ ਰੱਖੂ, ਸਾਕਾ ਜ਼ਾਲਮ ਦੀ ਬਰਬਾਦੀ ਦਾ।

# ਇੰਡੋ ਅਮੈਰਿਕਨ ਹੈਰੀਟੇਜ ਫੋਰਮ, ਫਰਿਜ਼ਨੋ

ਵਲੋਂ ਭਾਰਤ ਦੀ ਆਜ਼ਾਦੀ ਦੇ ਸੰਗਰਾਮ ਵਿਚ ਹਿੱਕਾਂ ਡਾਹ ਕੇ ਅਥਾਹ ਕੁਰਬਾਨੀਆਂ ਕਰਨ ਵਾਲੇ ਬਹਾਦਰ ਯੋਧਿਆਂ ਅਤੇ ਸਮੁੱਚੀ ਗ਼ਦਰ ਪਾਰਟੀ ਨੂੰ ਸਮਰਪਿਤ

# 24ਵਾਂ 'ਮੇਲਾ ਗ਼ਦਰੀ ਬਾਬਿਆਂ ਦਾ'


ਕਰਤਾਰ ਸਿੰਘ ਸਰਾਭਾ


ਬਾਬਾ ਜਵਾਲਾ ਸਿੰਘ


ਬਾਬਾ ਵਿਸਾਖਾ ਸਿੰਘ


ਬਾਬਾ ਸੋਹਣ ਸਿੰਘ ਭਕਨਾ


ਗਦਰੀ ਸੰਤੋਖ ਸਿੰਘ ਧਰਦਿਓ

## 12 ਅਪ੍ਰੈਲ 2026, ਦਿਨ ਐਤਵਾਰ, ਦੁਪਹਿਰ 1:00 ਵਜੇ ਤੋਂ ਸ਼ਾਮ 6:00 ਵਜੇ ਤੱਕ

**Central High School, East Campus Performing Art Center 3535 N. Cornelia Ave, Fresno, CA 93722**

## ਵਿਖੇ ਸਮੂਹ ਭਾਈਚਾਰੇ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ।

ਪਹੁੰਚ ਰਹੇ ਗਾਇਕ ਕਲਾਕਾਰ


ਲਾਲੀ ਤੱਖਰ


ਰਾਜ ਬਰਾੜ

ਮੰਚ ਸੰਚਾਲਨ


ਆਸ਼ਾ ਸ਼ਰਮਾ

**ਹੋਰ ਪ੍ਰੋਗਰਾਮ:**
**ਗੀਤ, ਕਵਿਤਾਵਾਂ, ਭਾਸ਼ਨ, ਗਿੱਧਾ ਤੇ ਭੰਗੜਾ**

**4.0 ਗਰੇਡ ਵਾਲੇ ਵਿਦਿਆਰਥੀਆਂ ਦਾ ਸਨਮਾਨ**
ਵਿਦਿਆਰਥੀਆਂ ਦਾ ਨਾਮ ਰਜਿਸਟਰ ਕਰਨ ਲਈ ਵਿਦਿਆਰਥੀ ਦਾ ਨਾਮ, ਸੰਪਰਕ ਫੋਨ ਨੰਬਰ ਅਤੇ ਸਕੂਲ ਗਰੇਡ ਸ਼ੀਟ ਜਾਂ ਰਿਪੋਰਟ ਕਾਰਡ ਦੀ ਕਾਪੀ ਈਮੇਲ ਐਡਰੈੱਸ IAHForum@gmail.com ਤੇ ਭੇਜਣੀ ਜ਼ਰੂਰੀ ਹੋਵੇਗੀ।

ਸੰਪਰਕ: ਸ਼ਰਨਜੀਤ ਧਾਲੀਵਾਲ (559) 974-8383

**Chief Guest & Speaker**
ਮੁੱਖ ਮਹਿਮਾਨ ਅਤੇ ਬੁਲਾਰਾ


Social Activist
**Dr. Swaiman Singh**

**ਚਾਹ ਪਾਣੀ ਤੇ ਪਕੌੜਿਆਂ ਦਾ ਲੰਗਰ ਸਾਰਾ ਦਿਨ ਚੱਲੇਗਾ**

ਆਓ ਸਾਰੇ ਪਰਿਵਾਰਾਂ ਸਮੇਤ ਰਲ ਮਿਲ ਕੇ ਦੇਸ਼ ਕੌਮ ਲਈ ਜਾਨਾਂ ਵਾਰਨ ਅਤੇ ਅੱਤ ਦਾ ਤਸ਼ੱਦਦ ਝੱਲਣ ਵਾਲੇ ਯੋਧਿਆਂ ਨੂੰ ਸ਼ਰਧਾ ਦੇ ਫੁੱਲ ਭੇਂਟ ਕਰੀਏ।

ਦੇਸ਼ ਲਈ ਕੁਰਬਾਨੀ ਕਰਨ ਵਾਲੇ ਮਹਾਨ ਸ਼ਹੀਦਾਂ ਤੇ ਗਦਰੀ ਬਾਬਿਆਂ ਦੀ ਫੋਟੋ ਪ੍ਰਦਰਸ਼ਨੀ ਲਗਾਈ ਜਾਵੇਗੀ।

**ਬੱਚਿਆਂ ਦੇ ਡਰਾਇੰਗ ਮੁਕਾਬਲੇ ਕਰਵਾਏ ਜਾਣਗੇ**

4.0 ਵਾਲੇ ਵਿਦਿਆਰਥੀ ਅਤੇ ਡਰਾਇੰਗ ਮੁਕਾਬਲੇ ਵਿੱਚ ਹਿੱਸਾ ਲੈਣ ਦੇ ਚਾਹਵਾਨ ਫੋਰਮ ਦੀ ਈਮੇਲ iahforum@gmail.com ਤੇ ਆਪਣੀ ਜਾਣਕਾਰੀ ਭੇਜ ਕੇ ਆਪਣਾ ਨਾਮ ਰਜਿਸਟਰ ਕਰਵਾ ਸਕਦੇ ਹਨ

**ਜੀ.ਐੱਚ.ਜੀ ਡਾਂਸ ਅਤੇ ਸੰਗੀਤ ਅਕੈਡਮੀ ਦੀਆਂ ਟੀਮਾਂ ਵਲੋਂ ਗਿੱਧਾ ਤੇ ਭੰਗੜਾ ਪੇਸ਼ ਕੀਤਾ ਜਾਵੇਗਾ**

**ਮੇਲਾ ਕਮੇਟੀ**

ਨਵਦੀਪ ਸਿੰਘ ਧਾਲੀਵਾਲ, ਸੁਰਿੰਦਰ ਸਿੰਘ ਬਦੇਸ਼ਾ, ਮਹਿੰਦਰ ਸਿੰਘ ਥਾਹ, ਬਲਦੇਵ ਸਿੰਘ ਧਾਲੀਵਾਲ, ਗੁਰਦੀਪ ਸਿੰਘ ਗਿੱਲ, ਬੂਟਾ ਸਿੰਘ ਸਹੋਤਾ, ਪਰਗਟ ਸਿੰਘ ਧਾਲੀਵਾਲ, ਹਰਜਿੰਦਰ ਸਿੰਘ ਢੇਸੀ, ਸ਼ਰਨਜੀਤ ਕੌਰ ਧਾਲੀਵਾਲ, ਪਰਮਜੀਤ ਸਿੰਘ ਢਿੱਲੋਂ, ਗੁਰਮੀਤ ਸਿੰਘ ਗਿੱਲ, ਦਲਜੀਤ ਸਿੰਘ ਰਿਆੜ, ਗੁਰਮੀਤ ਸਿੰਘ ਗਾਜੀਆਣਾ, ਇੰਦਰਜੀਤ ਚੋਗਾਵਾਂ, ਤਾਰਾ ਸਿੰਘ ਸੰਧੂ, ਭੁਪਿੰਦਰ ਕੌਰ ਬਦੇਸ਼ਾ, ਬਲਬੀਰ ਕੌਰ ਧਾਲੀਵਾਲ, ਹਰਿੰਦਰ ਕੌਰ, ਰਵਿੰਦਰ ਕੌਰ ਥਾਹ, ਬਲਵਿੰਦਰ ਕੌਰ ਧਾਲੀਵਾਲ, ਪ੍ਰੀਤ ਕੌਰ ਗਿੱਲ, ਦਰਸ਼ਨ ਕੌਰ ਗਿੱਲ, ਪਰਮਜੀਤ ਕੌਰ ਗਿੱਲ, ਸੁਖਜਿੰਦਰ ਕੌਰ ਢਿੱਲੋਂ, ਮਨਵੀਰ ਕੌਰ ਧਾਲੀਵਾਲ, ਕਿਰਨਜੀਤ ਕੌਰ ਧਾਲੀਵਾਲ, ਟਹਿਲ ਸਿੰਘ ਢੇਸੀ, ਤਲਵਿੰਦਰ ਸਿੰਘ ਜੌਹਲ, ਜੋਗਾ ਸਿੰਘ ਬਦੇਸ਼ਾ, ਸੁਰਿੰਦਰ ਸਿੰਘ ਬਿੰਦ, ਡਾ. ਮਲਕੀਤ ਸਿੰਘ ਕਿੰਗਰਾ, ਪ੍ਰਿੰਸੀਪਲ ਬਲਵਿੰਦਰ ਸਿੰਘ, ਹਰਮਨ ਸਿੰਘ ਗਿੱਲ, ਦਲਜੀਤ ਸਿੰਘ ਗਰੇਵਾਲ, ਡਾ. ਅਰਜਨ ਸਿੰਘ ਜੋਸਨ, ਗੁਰਪ੍ਰੀਤ ਸਿੰਘ ਖਾਨਖਾਨਾ, ਉਦੇਦੀਪ ਸਿੰਘ ਸਿੱਧੂ, ਪਰਮਜੀਤ ਸਿੰਘ ਧਾਲੀਵਾਲ, ਗੁਰਨਾਮ ਸਿੰਘ ਬਿੰਜਲ, ਮਾਸਟਰ ਸ਼ਮਸ਼ੇਰ ਸਿੰਘ, ਰਾਜ ਮੇਗਾ, ਜਗਰੂਪ ਸਿੰਘ ਧਾਲੀਵਾਲ, ਹਰਨੇਕ ਸਿੰਘ ਲੋਹਗੜ, ਸੁੱਖੀ ਹੇਅਰ, ਬਲਵਿੰਦਰ ਸਿੰਘ ਮੰਡੇਰ, ਅਮੋਲਕ ਸਿੰਘ ਸਿੱਧੂ, ਮੇਜਰ ਸਿੰਘ ਸੇਖੋਂ, ਸੁਖਪਾਲ ਸਿੰਘ ਧਾਲੀਵਾਲ, ਜਸਪਾਲ ਸਿੰਘ ਧਾਲੀਵਾਲ, ਮਨਵੀਰ ਸਿੰਘ ਭੁੱਲਰ, ਗੁਰਬਖਸ਼ ਸਿੰਘ ਸਿੱਧੂ, ਸ਼ੇਰ ਸਿੰਘ ਘਣਗਸ, ਗੈਰੀ ਢੇਸੀ, ਦਵਿੰਦਰ ਸਿੰਘ ਗਰੇਵਾਲ, ਬਹਾਦਰ ਸਿੰਘ ਭੰਗਲ, ਕਮਲਜੀਤ ਕੌਰ ਭੰਗਲ, ਪਵਿੰਦਰਜੀਤ ਸਿੰਘ ਮਾਨ, ਇੰਦਰਜੀਤ ਸਿੰਘ ਬਰਾੜ, ਰਾਜ ਅਲੀ, ਅੰਗਰੇਜ ਸਿੰਘ।

**ਸਰਪ੍ਰਸਤ: ਜਸਵੰਤ ਸਿੰਘ ਮਾਨ, ਕਰਮ ਸਿੰਘ ਮਾਨ**

**ਵਿਸ਼ੇਸ਼ ਧੰਨਵਾਦ:**
ਰੇਡੀਓ 900 ਏ.ਐੱਮ. ਦੇ ਸਾਰੇ ਪੰਜਾਬੀ ਹੋਸਟ, ਪੰਜਾਬੀ ਰੇਡੀਓ ਯੂ.ਐੱਸ.ਏ., ਰੇਡੀਓ 620 ਏ.ਐੱਮ ਰੇਡੀਓ ਐਫ.ਐੱਮ 94.3, ਸਾਰੇ ਪੰਜਾਬੀ ਅਖਬਾਰ, ਜੀ.ਐੱਚ. ਜੀ ਸੰਗੀਤ ਐਂਡ ਡਾਂਸ ਅਕੈਡਮੀ।

**ਹੋਰ ਜਾਣਕਾਰੀ ਲਈ ਸੰਪਰਕ**
ਨਵਦੀਪ ਸਿੰਘ ਧਾਲੀਵਾਲ ਪ੍ਰਧਾਨ..................(559) 287-0822
ਹਰਜਿੰਦਰ ਸਿੰਘ ਢੇਸੀ ਸੈਕਟਰੀ..................(559) 618-0156
ਗੁਰਮੀਤ ਸਿੰਘ ਗਿੱਲ..................(805) 215-0681
ਗੁਰਮੀਤ ਸਿੰਘ ਗਾਜੀਆਣਾ..................(559) 801-8200

REALTY UNPLUGGED

# ਤੁਹਾਡੀਆਂ ਜੜ੍ਹਾਂ
# ਤੁਹਾਡਾ ਮੁਨਾਫ਼ਾ $



ਸਮਝਦਾਰ NRI ਪੰਜਾਬੀਆਂ ਨੇ 2024 ਵਿੱਚ ਭਾਰਤੀ ਰੀਅਲ ਅਸਟੇਟ ਵਿੱਚ **$13 ਬਿਲੀਅਨ** ਲਗਾਏ—ਕਿਉਂਕਿ ਉਹਨਾਂ ਨੂੰ ਪਤਾ ਸੀ:

**ਤੁਹਾਡਾ ਡਾਲਰ + ਭਾਰਤ ਦੀ ਤਰੱਕੀ = ਪੀੜ੍ਹੀਆਂ ਦੀ ਦੌਲਤ**

## ਜਦੋਂ ਤੁਹਾਡਾ ਡਾਲਰ ਬਾਹਰ 4% ਕਮਾਉਂਦਾ ਹੈ, ਭਾਰਤ 18-20% ਦਿੰਦਾ ਹੈ

- **7.2% GDP ਵਾਧਾ** - ਦੁਨੀਆਂ ਦੀ 3.1% ਨਾਲੋਂ ਦੁੱਗਣਾ ਤੇਜ਼
- **3.48 ਲੱਖ ਹੁਨਰਮੰਦ ਭਾਰਤੀ** 2024 ਵਿੱਚ ਵਾਪਸ ਆਏ
- **$70 ਬਿਲੀਅਨ+ ਵਿਦੇਸ਼ੀ ਨਿਵੇਸ਼** - ਦੁਨੀਆਂ ਦਾ ਭਰੋਸਾ ਭਾਰਤ ਉੱਤੇ

## ਤੁਹਾਡੇ ਲਈ ਨਿਵੇਸ਼ ਦੇ ਰਾਹ

| ਨਿਵੇਸ਼ ਦੀ ਕਿਸਮ | ਸਾਲਾਨਾ ਮੁਨਾਫ਼ਾ | ਕਿਸ ਲਈ ਢੁਕਵਾਂ |
|---|---|---|
| ਵਿਕਾਸਸ਼ੀਲ ਇਲਾਕਿਆਂ ਦੀ ਜ਼ਮੀਨ | 18-20% ਵਾਧਾ | ਲੰਮੀ ਮਿਆਦ ਦੀ ਦੌਲਤ |
| ਨਿਰਮਾਣ ਅਧੀਨ ਪ੍ਰੀਮੀਅਮ ਫਲੈਟ | 16-18% ਵਾਧਾ | ਪੂੰਜੀ ਵਾਧਾ |
| ਸਟੂਡੀਓ ਅਪਾਰਟਮੈਂਟ | 7-9% ਕਿਰਾਇਆ + 7-9% ਵਾਧਾ | ਨਿਯਮਿਤ ਆਮਦਨ |
| ਪ੍ਰੀ-ਲੀਜ਼ਡ ਕਮਰਸ਼ੀਅਲ | 6-8% ਕਿਰਾਇਆ + 6-8% ਵਾਧਾ | ਸੁਰੱਖਿਅਤ ਨਿਵੇਸ਼ |

**ਨਿਵੇਸ਼ ਸੀਮਾ:** $100,000 ਤੋਂ $1,000,000 ਤੱਕ — ਸਮੇਂ ਦੀ ਕੋਈ ਪਾਬੰਦੀ ਨਹੀ।

## 147 NRI ਪਰਿਵਾਰਾਂ ਦਾ ਭਰੋਸਾ - Realty Unplugged

**ਸਾਡੇ ਸਫਲਤਾ ਦੇ ਕਿੱਸੇ:**

**2017 ਗੁੜਗਾਂਵ:** 7 ਸਾਲਾਂ ਵਿੱਚ 3 ਗੁਣਾ ਮੁਨਾਫ਼ਾ

**2020 ਚੰਡੀਗੜ੍ਹ:** 4 ਸਾਲਾਂ ਵਿੱਚ ਦੁੱਗਣਾ ਵਾਧਾ

**2022 ਪੁਣੇ:** 2 ਸਾਲਾਂ ਵਿੱਚ 58% ਵਾਧਾ

**ਆਪਣੇ ਭਵਿੱਖ ਨੂੰ ਸੁਰੱਖਿਅਤ ਕਰੋ - ਅੱਜ ਹੀ!**

**Call : +91 73038-88722**

**Subhiney Chabra : +91 97802-06080**

Let's Start!

**ਤੁਸੀ ਅਮਰੀਕਾ ਵੱਚ । ਤੁਹਾਡੀ ਜਾਇਦਾਦ ਭਾਰਤ ਵੱਚ ।**

**ਅਸੀ ਤੁਹਾਡੀਆਂ ਅੱਖਾਂ, ਹੱਥ ਅਤੇ ਕਾਨੂੰਨੀ ਢਾਲ।**


ONLY WAY TO GROW YOUR BUSINESS FASTER
BNG
(Business Network Gateway)
We work for you to
Boost Your Business
VIDEO ADVERTISEMENTS
We make professional video advertisements for your business in Punjabi, Hindi & English
POSTERS DESIGN
We design flyers, Posters and Post Cards to promote your business
BUSINESS CARD DESIGN
WE DESIGN YOUR BUSINESS CARD
SOCIAL MEDIA HANDLERS
We can manage your Business social media handlers Facebook, instagram & YouTube
24/7 TECH SUPPORT
We provide 24/7 tech support
For more information call
Boota Singh Basi +1 (209) 303-1260

# ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੂੰ 'ਭਾਰਤ ਰਤਨ' ਦਿੱਤੇ ਜਾਣ ਦੀ ਮੰਗ ਕੀਤੀ ਸੀ ਪਰ ਭਾਜਪਾ ਸਰਕਾਰ ਨੇ ਨਹੀਂ ਮੰਨੀ: ਭਗਵੰਤ ਸਿੰਘ ਮਾਨ

ਹੁਸੈਨੀਵਾਲਾ
ਸਾਂਝੀ ਸੋਚ ਬਿਊਰੋ

ਫਿਰੋਜ਼ਪੁਰ ਦੇ ਹੁਸੈਨੀਵਾਲਾ ਵਿਖੇ ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ਹੀਦਾਂ ਦੇ ਸਨਮਾਨ ਵਜੋਂ ਉਨ੍ਹਾਂ ਦੇ ਸੁਪਨਿਆਂ ਦਾ 'ਰੰਗਲਾ ਪੰਜਾਬ' ਬਣਾਉਣ ਲਈ ਆਪਣੀ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਇੱਥੇ ਇਤਿਹਾਸਕ ਕੌਮੀ ਸ਼ਹੀਦ ਸਮਾਰਕ 'ਤੇ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਸ਼ਹੀਦਾਂ ਦੇ ਪਰਿਵਾਰਾਂ ਨੂੰ ਸਨਮਾਨਿਤ ਕੀਤਾ ਅਤੇ 24.99 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਹੁਸੈਨੀਵਾਲਾ ਵਿਰਾਸਤੀ ਕੰਪਲੈਕਸ ਦਾ ਨੀਂਹ ਪੱਥਰ ਰੱਖਿਆ।

ਦੇਸ਼ ਦੇ ਮਹਾਨ ਇਨਕਲਾਬੀਆਂ ਦੀ ਸ਼ਾਨਾਮੱਤੀ ਵਿਰਾਸਤ ਨੂੰ ਯਾਦ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਮੌਕਾ ਸਿਰਫ਼ ਉਨ੍ਹਾਂ ਯੋਧਿਆਂ ਦੀ ਕੁਰਬਾਨੀ ਨੂੰ ਯਾਦ ਕਰਨ ਦਾ ਨਹੀਂ, ਸਗੋਂ ਉਨ੍ਹਾਂ ਦੇ ਆਦਰਸ਼ਾਂ ਅਤੇ ਬੇਇਨਸਾਫ਼ੀ ਵਿਰੁੱਧ ਆਢਾ ਲੈਣ ਵਾਲੇ ਦ੍ਰਿੜ ਇਰਾਦਿਆਂ ਨੂੰ ਅਗਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਦਾ ਹੈ। ਉਨ੍ਹਾਂ ਨੇ ਸ਼ਹੀਦਾਂ ਦੀ ਮਹਾਨ ਸੋਚ ਅਨੁਸਾਰ ਪੰਜਾਬ ਅਤੇ ਦੇਸ਼ ਦੀ ਸੇਵਾ ਕਰਨ ਦੇ ਆਪਣੇ ਇਰਾਦੇ ਨੂੰ ਦੁਹਰਾਇਆ ਅਤੇ ਨਾਲ ਹੀ ਇਨ੍ਹਾਂ ਮਹਾਨ ਆਜ਼ਾਦੀ ਘੁਲਾਟੀਆਂ ਨੂੰ ਹਾਲੇ ਤੱਕ ਭਾਰਤ ਰਤਨ (ਸਭ ਤੋਂ ਉੱਚੇ ਸਨਮਾਨ) ਨਾ ਦਿੱਤੇ ਜਾਣ 'ਤੇ ਵੀ ਸਵਾਲ ਉਠਾਇਆ। ਉਨ੍ਹਾਂ ਕਿਹਾ ਕਿ ਆਜ਼ਾਦੀ ਦੇ ਸ਼ੁਰੂਆਤੀ ਸਾਲਾਂ ਦੌਰਾਨ ਜੇਕਰ ਦੇਸ਼ ਦੀ ਵਾਗਡੋਰ ਅਜਿਹੇ ਦਲੇਰ, ਨੌਜਵਾਨਾਂ ਦੇ ਹੱਥ ਹੁੰਦੀ ਤਾਂ ਭਾਰਤ ਦਾ ਚਿਹਰਾ-ਮੋਹਰਾ ਹੋਰ ਹੀ ਹੁੰਦਾ। ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ,"ਇਸ ਦੇਸ਼ ਦੇ ਲਾਲਚੀ ਤੇ ਸਵਾਰਥੀ ਆਗੂਆਂ ਨੇ ਜਿਉਂਦੇ ਜੀਅ ਆਪਣੇ ਨਾਵਾਂ 'ਤੇ ਸਟੇਡੀਅਮ ਬਣਾਏ ਹਨ, ਪਰ ਸ਼ਹੀਦ ਭਗਤ ਸਿੰਘ, ਸ਼ਹੀਦ ਰਾਜਗੁਰੂ ਅਤੇ ਸ਼ਹੀਦ ਸੁਖਦੇਵ ਵਰਗੇ ਸੱਚੇ ਸ਼ਹੀਦਾਂ ਨੂੰ ਸਨਮਾਨਿਤ ਕਰਨ ਲਈ ਹਾਲੇ ਤੱਕ ਕੋਈ ਵੀ ਮੂਹਰੇ ਨਹੀਂ ਆਇਆ।"

ਮੁੱਖ ਮੰਤਰੀ ਨੇ ਕਿਹਾ, "ਇਨ੍ਹਾਂ ਮਹਾਨ ਕ੍ਰਾਂਤੀਕਾਰੀਆਂ ਨੇ ਛੋਟੀ ਉਮਰ ਵਿੱਚ ਆਪਣੀਆਂ ਜਾਨਾਂ ਕੁਰਬਾਨ ਕਰ ਦਿੱਤੀਆਂ, ਪਰ ਆਜ਼ਾਦੀ ਤੋਂ ਬਾਅਦ ਕੁਰਸੀ ਦੇ ਲੋਭੀਆਂ ਨੇ ਸੱਤਾ 'ਤੇ ਕਬਜ਼ਾ ਕਰ ਲਿਆ ਅਤੇ ਲਹੂ ਡੋਲ੍ਹ ਕੇ ਹਾਸਲ ਕੀਤੀ ਉਸ ਆਜ਼ਾਦੀ ਦਾ ਸਿਹਰਾ ਆਪਣੇ ਸਿਰ ਬੰਨ੍ਹ ਲਿਆ, ਜਿਸ ਲਈ ਉਹ ਕਦੇ ਲੜੇ ਵੀ ਨਹੀਂ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ,"ਸ਼ਹੀਦ ਰਾਜਗੁਰੂ, ਸ਼ਹੀਦ ਸੁਖਦੇਵ ਅਤੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਨੂੰ ਯਾਦ ਕਰਨ ਲਈ ਸਿਰਫ਼ ਫੁੱਲ ਹੀ ਰਹਿਗੇ, ਜਦਕਿ ਹੋਰ ਲੋਕ ਆਜ਼ਾਦੀ ਦੀ ਵਿਰਾਸਤ ਦਾ ਝੂਠਾ ਦਾਅਵਾ ਕਰਕੇ ਮੋਹਰੀ ਬਣ ਗਏ,।"

ਮੁੱਖ ਮੰਤਰੀ ਨੇ ਕਿਹਾ, ''ਉਨ੍ਹਾਂ ਮਹਾਨ ਯੋਧਿਆਂ ਨੂੰ ਚੁੱਪ ਕਰਾਉਣ ਲਈ ਹੀ ਜਲਦੀ ਫਾਂਸੀ ਦੇ ਦਿੱਤੀ ਗਈ ਸੀ ਕਿਉਂਕਿ ਲੋਕ ਉਨ੍ਹਾਂ ਦੇ ਬੇਖੌਫ਼ ਵਿਚਾਰਾਂ ਪਿੱਛੇ ਇਕੱਠੇ ਹੋਣ ਲੱਗ ਪਏ ਸਨ।"

ਮਹਿੰਗੇ ਮੁੱਲ ਮਿਲੀ ਆਜ਼ਾਦੀ ਦੀ ਮਹੱਤਤਾ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਕੋਈ ਕਲਪਨਾ ਵੀ ਨਹੀਂ ਕਰ ਸਕਦਾ ਸੀ ਕਿ ਸਾਡੀ ਆਜ਼ਾਦੀ ਕਿੰਨੀ ਮਹਿੰਗੀ ਹੋਵੇਗੀ, ਵੰਡ ਦੌਰਾਨ ਲਗਭਗ 10 ਲੱਖ ਲੋਕਾਂ ਨੇ ਆਪਣੀਆਂ ਜਾਨਾਂ ਗੁਆ ਦਿੱਤੀਆਂ ਅਤੇ ਲੱਖਾਂ ਲੋਕਾਂ ਨੂੰ ਹਿਜਰਤ ਕਰਨ ਲਈ ਮਜਬੂਰ ਹੋਣਾ ਪਿਆ।" ਉਨ੍ਹਾਂ ਅੱਗੇ ਕਿਹਾ, "ਸਾਡੇ ਬਜ਼ੁਰਗਾਂ ਨੇ ਬਹੁਤ ਕੁਰਬਾਨੀਆਂ ਦਿੱਤੀਆਂ, ਪਰ ਸੱਤਾਧਾਰੀ ਇਸ ਦਰਦ ਨੂੰ ਸਮਝਣ ਵਿੱਚ ਅਸਫਲ ਰਹੇ ਹਨ ਕਿਉਂਕਿ ਉਨ੍ਹਾਂ ਨੂੰ ਸ਼ਹੀਦਾਂ ਦੀਆਂ ਕੁਰਬਾਨੀਆਂ 'ਤੇ ਬਣਿਆ ਇੱਕ ਤਿਆਰ-ਬਰ-ਤਿਆਰ ਮੁਲਕ ਵਿਰਾਸਤ ਵਿੱਚ ਮਿਲ ਗਿਆ।"

ਮੁੱਖ ਮੰਤਰੀ ਨੇ ਕਿਹਾ, "ਕੁਝ ਨਾਸ਼ੁਕਰੇ ਨੇਤਾ ਹੁਣ ਦਾਅਵਾ ਕਰਦੇ ਹਨ ਕਿ ਭਾਰਤ ਨੂੰ ਸੱਚੀ ਆਜ਼ਾਦੀ ਸਿਰਫ਼ 2014 ਵਿੱਚ ਮਿਲੀ ਹੈ, ਜੋ ਕਿ ਸਾਡੇ ਸ਼ਹੀਦਾਂ ਦਾ ਘੋਰ ਅਪਮਾਨ ਹੈ,।" ਉਨ੍ਹਾਂ ਕਿਹਾ, "ਇਹ ਹੈਰਾਨ ਕਰਨ ਵਾਲੀ ਗੱਲ ਹੈ ਕਿ ਕੁਝ ਲੋਕ ਸ਼ਹੀਦ ਭਗਤ ਸਿੰਘ ਨੂੰ ਸਿਰਫ਼ ਇੱਕ 'ਸਮਾਜ ਸੇਵਕ' ਵਜੋਂ ਪੇਸ਼ ਕਰਦੇ ਹਨ, ਸ਼ਹੀਦ ਨਹੀਂ ਮੰਨਦੇ। ਅਜਿਹੇ ਸਰਟੀਫਿਕੇਟ ਦੇਣ ਵਾਲੇ ਇਹ ਲੋਕ ਕੌਣ ਹਨ?"



ਲੋਕਾਂ ਨੂੰ ਸ਼ਹੀਦਾਂ ਤੋਂ ਪ੍ਰੇਰਨਾ ਲੈਣ ਦਾ ਸੱਦਾ ਦਿੰਦੇ ਹੋਏ ਉਨ੍ਹਾਂ ਕਿਹਾ, "ਅੱਜ ਦਾ ਦਿਨ ਇਨ੍ਹਾਂ ਮਹਾਨ ਨਾਇਕਾਂ ਨੂੰ ਯਾਦ ਕਰਨ, ਉਨ੍ਹਾਂ ਦੀਆਂ ਮਹਾਨ ਕਹਾਣੀਆਂ ਨੂੰ ਪੜ੍ਹਨ, ਸੁਣਨ ਦਾ ਹੈ, ਜੋ ਰਹਿੰਦੀ ਦੁਨੀਆਂ ਦੱਕ ਨੌਜਵਾਨਾਂ ਨੂੰ ਪ੍ਰੇਰਿਤ ਕਰਦੀਆਂ ਰਹਿਣਗੀਆਂ।"ਮੁੱਖ ਮੰਤਰੀ ਨੇ ਦੁਹਰਾਇਆ ਕਿ ਰਾਜਨੀਤਿਕ ਤਰਜੀਹਾਂ ਲੰਬੇ ਸਮੇਂ ਤੋਂ ਗਲਤ ਰਹੀਆਂ ਹਨ। ਉਨ੍ਹਾਂ ਕਿਹਾ, " ਸਿਆਸੀ ਆਗੂਆਂ ਨੇ ਖੁਦ ਦੇ ਬੁੱਤ ਲਗਾਏ ਅਤੇ ਜਿਉਂਦੇ ਜੀਅ ਆਪਣੇ ਨਾਮ 'ਤੇ ਸਟੇਡੀਅਮ ਬਣਵਾ ਲਏ, ਪਰ ਸ਼ਹੀਦ ਭਗਤ ਸਿੰਘ, ਸ਼ਹੀਦ ਰਾਜਗੁਰੂ ਅਤੇ ਸ਼ਹੀਦ ਸੁਖਦੇਵ ਵਰਗੇ ਸ਼ਹੀਦਾਂ ਦਾ ਸਨਮਾਨ ਕਰਨ ਬਾਰੇ ਕਿਸੇ ਨੂੰ ਖ਼ਬਰ ਨਹੀਂ। ਉਨ੍ਹਾਂ ਅੱਗੇ ਕਿਹਾ ਕਿ ਇਹ ਬਹੁਤ ਮੰਦਭਾਗਾ ਹੈ ਕਿ ਸਾਨੂੰ ਮੋਹਾਲੀ ਹਵਾਈ ਅੱਡੇ ਦਾ ਨਾਮ ਸ਼ਹੀਦ ਭਗਤ ਸਿੰਘ ਦੇ ਨਾਮ 'ਤੇ ਰੱਖਣ ਲਈ ਵੀ ਸੰਘਰਸ਼ ਕਰਨਾ ਪਿਆ ਕਿਉਂਕਿ ਕੇਂਦਰ ਵੱਲੋਂ ਵਾਰ-ਵਾਰ ਸਾਡੀਆਂ ਬੇਨਤੀਆਂ ਨੂੰ ਨਜ਼ਰਅੰਦਾਜ਼ ਕੀਤਾ ਗਿਆ, ਪਰ ਅੰਤ ਵਿੱਚ ਸਾਡੀਆਂ ਲਗਾਤਾਰ ਕੋਸ਼ਿਸ਼ਾਂ ਸਦਕਾ ਅਸੀਂ ਇਸ ਦਾ ਨਾਮ ਉਨ੍ਹਾਂ ਦੇ ਸਨਮਾਨ ਵਿੱਚ ਰੱਖਣ ਵਿੱਚ ਕਾਮਯਾਬ ਹੋਏ। ਹੋਰ ਕਦਮਾਂ ਨੂੰ ਉਜਾਗਰ ਕਰਦਿਆਂ ਉਨ੍ਹਾਂ ਕਿਹਾ ਕਿ ਹਲਵਾਰਾ ਹਵਾਈ ਅੱਡੇ ਦਾ ਨਾਮ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਨਾਮ 'ਤੇ ਰੱਖਿਆ ਜਾ ਰਿਹਾ ਹੈ, ਜਿਨ੍ਹਾਂ ਨੂੰ ਸ਼ਹੀਦ ਭਗਤ ਸਿੰਘ ਆਪਣਾ ਗੁਰੂ ਮੰਨਦੇ ਸਨ।

ਉਨ੍ਹਾਂ ਅੱਗੇ ਕਿਹਾ ਕਿ ਜੇਕਰ ਸ਼ਹੀਦ-ਏ-ਆਜ਼ਮ ਭਗਤ ਸਿੰਘ 1952 ਦੀਆਂ ਪਹਿਲੀਆਂ ਚੋਣਾਂ ਤੋਂ ਬਾਅਦ ਪ੍ਰਧਾਨ ਮੰਤਰੀ ਬਣ ਜਾਂਦੇ, ਤਾਂ ਅੱਜ ਦੇਸ਼ ਦਾ ਨਕਸ਼ਾ ਪੂਰੀ ਤਰ੍ਹਾਂ ਵੱਖਰਾ ਹੋਣਾ ਸੀ। ਅੱਜ ਨੇਪਾਲ ਵਿੱਚ ਇੱਕ 35 ਸਾਲਾ ਨੌਜਵਾਨ ਪ੍ਰਧਾਨ ਮੰਤਰੀ ਬਣ ਗਿਆ ਹੈ। ਜੇਕਰ ਇੱਥੇ ਵੀ ਨੌਜਵਾਨਾਂ ਨੂੰ ਅਗਵਾਈ ਸੌਂਪੀ ਜਾਂਦੀ ਤਾਂ ਭਾਰਤ ਦੁਨੀਆ ਭਰ ਵਿੱਚ ਮੋਹਰੀ ਦੇਸ਼ ਵਜੋਂ ਉਭਰਦਾ। ਮੁੱਖ ਮੰਤਰੀ ਨੇ ਕਿਹਾ ਕਿ ਸ਼ਹੀਦਾਂ ਦੀ ਯਾਦ ਦਾ ਸਿਲਸਿਲਾ ਰਸਮੀ ਨਹੀਂ ਹੋਣਾ ਚਾਹੀਦਾ। ਉਨ੍ਹਾਂ ਕਿਹਾ ਕਿ ਲੋਕ ਸ਼ਹੀਦ ਭਗਤ ਸਿੰਘ ਨੂੰ ਸਿਰਫ਼ ਉਨ੍ਹਾਂ ਦੇ ਜਨਮ ਜਾਂ ਸ਼ਹੀਦੀ ਵਰ੍ਹੇਗੰਢ 'ਤੇ ਯਾਦ ਕਰਦੇ ਹਨ, ਪਰ ਉਹ ਸਿਰਫ਼ ਇੱਕ ਪਰਿਵਾਰ ਨਾਲ ਨਹੀਂ, ਸਗੋਂ ਸਾਡੇ ਸਾਰਿਆਂ ਨਾਲ ਸਬੰਧਤ ਹਨ। ਉਨ੍ਹਾਂ ਅੱਗੇ ਕਿਹਾ ਕਿ ਜੇਕਰ ਅਸੀਂ ਉਨ੍ਹਾਂ ਦੇ ਆਦਰਸ਼ਾਂ ਦੀ ਪਾਲਣਾ ਕਰੀਏ, ਤਾਂ ਪੰਜਾਬ ਨੂੰ ਦੁਬਾਰਾ ਖੁਸ਼ਹਾਲ ਹੋਣ ਤੋਂ ਕੋਈ ਨਹੀਂ ਰੋਕ ਸਕਦਾ।"

ਉਨ੍ਹਾਂ ਅੱਗੇ ਕਿਹਾ ਕਿ ਸਾਡਾ ਇਤਿਹਾਸ ਕੁਰਬਾਨੀਆਂ ਨਾਲ ਭਰਿਆ ਹੋਇਆ ਹੈ ਅਤੇ ਸਾਡੇ ਮਹਾਨ ਗੁਰੂਆਂ ਨੇ ਹਮੇਸ਼ਾ ਸਾਨੂੰ ਬੇਇਨਸਾਫ਼ੀ ਅਤੇ ਜ਼ੁਲਮ ਦੇ ਵਿਰੁੱਧ ਖੜ੍ਹੇ ਹੋਣਾ ਸਿਖਾਇਆ ਹੈ। ਉਨ੍ਹਾਂ ਅੱਗੇ ਕਿਹਾ ਕਿ ਇਹ ਬਹੁਤ ਮੰਦਭਾਗਾ ਹੈ ਕਿ ਅਸੀਂ ਇਨ੍ਹਾਂ ਕੁਰਬਾਨੀਆਂ ਨੂੰ ਭੁੱਲ ਰਹੇ ਹਾਂ। ਅਸੀਂ ਪ੍ਰੀਖਿਆਵਾਂ ਲਈ ਤੱਥਾਂ ਨੂੰ ਯਾਦ ਰੱਖਦੇ ਹਾਂ ਪਰ ਉਨ੍ਹਾਂ ਦੀ ਵਿਚਾਰਧਾਰਾ ਨੂੰ ਸਮਝਣ ਵਿੱਚ ਨਾਕਾਮ ਰਹੇ ਹਾਂ। ਇਸ ਸ਼ਹੀਦ ਦੇ ਮਹਾਨ ਜੀਵਨ ਨੂੰ ਯਾਦ ਕਰਦਿਆਂ ਉਨ੍ਹਾਂ ਕਿਹਾ ਕਿ ਸ਼ਹੀਦ ਭਗਤ ਸਿੰਘ ਨੇ ਆਪਣੀ ਨਿੱਜੀ ਜ਼ਿੰਦਗੀ ਨਾਲੋਂ ਇਨਕਲਾਬ ਦਾ ਰਸਤਾ ਚੁਣਿਆ ਅਤੇ ਆਪਣੀ ਮੰਗਣੀ ਵਾਲੇ ਵਾਲੇ ਦਿਨ ਵੀ ਘਰੋਂ ਬਾਹਰ ਗਏ। ਉਨ੍ਹਾਂ ਅੱਗੇ ਕਿਹਾ ਕਿ ਮੈਨੂੰ ਬਹੁਤ ਦੁੱਖ ਹੁੰਦਾ ਹੈ ਜਦੋਂ ਲੋਕ ਵਾਹਨਾਂ 'ਤੇ ਉਨ੍ਹਾਂ ਦੀ ਤਸਵੀਰ ਲਾ ਕੇ ਕਹਿੰਦੇ ਹਨ ਕਿ ਉਹ ਵਾਪਸ ਆ ਜਾਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੇ ਵਾਪਸ ਆਉਣ ਦੀ ਉਡੀਕ ਕਰਨ ਦੀ ਬਜਾਏ, ਸਾਨੂੰ ਉਨ੍ਹਾਂ ਦੇ ਦਿਖਾਏ ਰਸਤੇ 'ਤੇ ਚੱਲਣਾ ਚਾਹੀਦਾ ਹੈ ਅਤੇ ਦੇਸ਼ ਦੀ ਸੇਵਾ ਕਰਨੀ ਚਾਹੀਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਮੌਜੂਦਾ ਸਮੇਂ ਬੰਬਾਂ ਅਤੇ ਹਥਿਆਰਾਂ ਦੀ ਲੋੜ ਨਹੀਂ ਹੈ। ਵੋਟ ਦੀ ਸ਼ਕਤੀ ਸਭ ਤੋਂ ਵੱਡੀ ਤਾਕਤ ਹੈ ਅਤੇ ਸਹੀ ਆਗੂਆਂ ਦੀ ਚੋਣ ਕਰਕੇ ਲੋਕ ਅਸਲ ਮਾਇਨੇ 'ਚ ਤਬਦੀਲੀ ਲਿਆ ਸਕਦੇ ਹਨ। ਲੋਕਾਂ ਨੂੰ ਪ੍ਰਣ ਲੈਣ ਦੀ ਅਪੀਲ ਕਰਦਿਆਂ ਉਨ੍ਹਾਂ ਕਿਹਾ, "ਆਓ ਅਸੀਂ ਸ਼ਹੀਦਾਂ ਦੇ ਰਸਤੇ 'ਤੇ ਚੱਲਣ ਅਤੇ ਆਪਣੇ ਹੱਥਾਂ ਨਾਲ ਆਪਣੇ ਪੰਜਾਬ ਦਾ ਨਿਰਮਾਣ ਕਰਨ ਦਾ ਸੰਕਲਪ ਕਰੀਏ।"ਉਨ੍ਹਾਂ ਅੱਗੇ ਕਿਹਾ ਕਿ ਹੁਸੈਨੀਵਾਲਾ ਦੀ ਇਹ ਪਵਿੱਤਰ ਧਰਤੀ, ਜਿੱਥੇ ਸ਼ਹੀਦ ਭਗਤ ਸਿੰਘ, ਸ਼ਹੀਦ ਰਾਜਗੁਰੂ ਅਤੇ ਸ਼ਹੀਦ ਸੁਖਦੇਵ ਦੀਆਂ ਮ੍ਰਿਤਕ ਦੇਹਾਂ ਦਾ ਅੰਗਰੇਜ਼ਾਂ ਦੁਆਰਾ ਅੰਤਿਮ ਸੰਸਕਾਰ ਕੀਤਾ ਗਿਆ ਸੀ, ਪੀੜ੍ਹੀਆਂ ਨੂੰ ਨਿਰਸਵਾਰਥ ਸੇਵਾ ਲਈ ਪ੍ਰੇਰਿਤ ਕਰਦੀ ਰਹੇਗੀ। ਮੁੱਖ ਮੰਤਰੀ ਨੇ ਕਿਹਾ ਕਿ ਮੈਨੂੰ ਇਸ ਪਵਿੱਤਰ ਧਰਤੀ 'ਤੇ ਆ ਕੇ ਦੇਸ਼ ਦੀ ਆਜ਼ਾਦੀ ਲਈ 23 ਸਾਲ ਦੀ ਉਮਰ ਵਿੱਚ ਆਪਣੀ ਜਾਨ ਦੇਣ ਵਾਲੇ ਸ਼ਹੀਦ ਨੂੰ ਸ਼ਰਧਾਂਜਲੀ ਭੇਟ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਹੈ। ਉਨ੍ਹਾਂ ਅੱਗੇ ਕਿਹਾ ਕਿ ਸਾਡੀ ਸਰਕਾਰ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਸੁਪਨੇ ਨੂੰ ਸਾਕਾਰ ਕਰਨ ਵਿੱਚ ਕੋਈ ਕਸਰ ਨਹੀਂ ਛੱਡੇਗੀ ਅਤੇ ਦੇਸ਼ ਹਮੇਸ਼ਾ ਉਨ੍ਹਾਂ ਦਾ ਰਿਣੀ ਰਹੇਗਾ। ਉਨ੍ਹਾਂ ਅੱਗੇ ਕਿਹਾ ਕਿ ਇਨ੍ਹਾਂ ਸ਼ਹੀਦਾਂ ਦੀ ਸ਼ਹਾਦਤ ਨੇ ਅਣਗਿਣਤ ਨੌਜਵਾਨਾਂ ਨੂੰ ਆਜ਼ਾਦੀ ਸੰਗਰਾਮ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਤ ਕੀਤਾ ਅਤੇ ਨਿਰਸਵਾਰਥ ਦੇਸ਼ ਦੀ ਸੇਵਾ ਕਰਨ ਲਈ ਲੱਖਾਂ ਲੋਕਾਂ ਨੂੰ ਹਮੇਸ਼ਾ ਪ੍ਰੇਰਿਤ ਕਰਦੇ ਰਹਿਣਗੇ। ਉਨ੍ਹਾਂ ਨੌਜਵਾਨਾਂ ਨੂੰ ਇੱਕ ਪ੍ਰਗਤੀਸ਼ੀਲ ਅਤੇ ਖੁਸ਼ਹਾਲ ਭਾਰਤ ਬਣਾਉਣ ਲਈ ਉਨ੍ਹਾਂ ਦੇ ਮਾਰਗ 'ਤੇ ਚੱਲਣ ਦਾ ਸੱਦਾ ਦਿੱਤਾ।

ਇਸ ਤੋਂ ਪਹਿਲਾਂ ਮੁੱਖ ਮੰਤਰੀ ਨੇ ਹੁਸੈਨੀਵਾਲਾ ਵਿਰਾਸਤੀ ਕੰਪਲੈਕਸ ਦਾ ਨੀਂਹ ਪੱਥਰ ਰੱਖਦਿਆਂ ਕਿਹਾ ਕਿ 24.99 ਕਰੋੜ ਰੁਪਏ ਦੀ ਲਾਗਤ ਵਾਲਾ ਇਹ ਪ੍ਰੋਜੈਕਟ ਸਾਡੇ ਮਹਾਨ ਸ਼ਹੀਦਾਂ ਦਾ ਸਨਮਾਨ ਕਰਨ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਉਨ੍ਹਾਂ ਦੀ ਵਿਰਾਸਤ ਨੂੰ ਸੰਭਾਲਣ ਦਾ ਇੱਕ ਨਿਮਾਣਾ ਜਿਹਾ ਯਤਨ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਪ੍ਰੋਜੈਕਟ ਦਾ ਉਦੇਸ਼ ਹੁਸੈਨੀਵਾਲਾ ਵਿਖੇ ਵਿਰਾਸਤੀ ਖੇਤਰ ਨੂੰ ਵਿਕਸਤ ਕਰਨ ਦੇ ਨਾਲ-ਨਾਲ ਪੰਜਾਬ ਵਿੱਚ ਸੈਰ-ਸਪਾਟੇ ਨੂੰ ਹੁਲਾਰਾ ਦੇਣਾ ਵੀ ਹੈ।

ਇਸ ਪ੍ਰੋਜੈਕਟ ਦਾ ਵੇਰਵਾ ਦਿੰਦਿਆਂ ਉਨ੍ਹਾਂ ਕਿਹਾ ਕਿ ਇਸ ਕੰਪਲੈਕਸ ਵਿੱਚ ਇੱਕ ਸ਼ਾਨਦਾਰ ਵਿਰਾਸਤੀ ਪ੍ਰਵੇਸ਼ ਦੁਆਰ, ਸ਼ਹੀਦਾਂ ਦੇ ਜੀਵਨ ਨੂੰ ਸਮਰਪਿਤ ਗਲਿਆਰਾ, ਕੰਧ ਚਿੱਤਰਕਾਰੀ, ਪਾਰਕਾਂ ਅਤੇ ਯਾਦਗਾਰੀ ਖੇਤਰਾਂ ਦਾ ਸੁੰਦਰੀਕਰਨ ਅਤੇ ਲੈਂਡਸਕੇਪਿੰਗ ਸ਼ਾਮਲ ਹੋਵੇਗੀ। ਉਨ੍ਹਾਂ ਅੱਗੇ ਕਿਹਾ ਕਿ ਇਸ ਵਿੱਚ ਇਤਿਹਾਸਕ ਘਟਨਾਵਾਂ ਨਾਲ ਸਬੰਧਤ ਵਿਸ਼ਾਗਤ ਚਿੱਤਰ, ਪੁਰਾਣੇ ਪੁਲ 'ਤੇ 3-ਡੀ ਮੈਪਿੰਗ ਸ਼ੋਅ, ਇੱਕ ਸੰਗੀਤਕ ਫੁਹਾਰਾ, ਬੱਚਿਆਂ ਲਈ ਖੇਡਣ ਦਾ ਖੇਤਰ, ਬਜ਼ੁਰਗ ਨਾਗਰਿਕਾਂ ਲਈ ਆਰਾਮਦਾਇਕ ਸਥਾਨ, ਇੱਕ ਆਨ-ਗਰਿੱਡ ਸੋਲਰ ਪਾਵਰ ਪਲਾਂਟ ਅਤੇ ਸਾਫ਼ ਪੀਣ ਵਾਲੇ ਪਾਣੀ ਲਈ ਇੱਕ ਆਰਓ ਪਲਾਂਟ ਲਗਾਉਣਾ ਵੀ ਸ਼ਾਮਲ ਹੈ।

## ਨਿਊਯਾਰਕ ਹਵਾਈ ਅੱਡੇ 'ਤੇ ਵੱਡਾ ਹਾਦਸਾ! ਜਹਾਜ਼ ਦੀ ਟਰੱਕ ਨਾਲ ਟੱਕਰ ਪਾਇਲਟ ਅਤੇ ਕੋ-ਪਾਇਲਟ ਦੀ ਮੌਤ: ਕਈ ਯਾਤਰੀ ਜ਼ਖਮੀ

ਨਿਊਯਾਰਕ
ਸਾਂਝੀ ਸੋਚ ਬਿਊਰੋ

ਨਿਊਯਾਰਕ ਦੇ ਲਾ ਗਾਰਡੀਆ ਹਵਾਈ ਅੱਡੇ 'ਤੇ ਭਿਆਨਕ ਜਹਾਜ਼ ਹਾਦਸਾ ਵਾਪਰਿਆ ਹੈ। ਇਸ ਦੁਰਘਟਨਾ ਵਿੱਚ ਜਹਾਜ਼ ਦੇ ਅਗਲੇ ਹਿੱਸੇ ਦੇ ਪਰਖੱਚੇ ਉੱਡ ਗਏ। ਹਵਾਈ ਅੱਡੇ 'ਤੇ ਐਤਵਾਰ ਰਾਤ (ਸਥਾਨਕ ਸਮੇਂ ਅਨੁਸਾਰ) ਏਅਰ ਕੈਨੇਡਾ ਐਕਸਪ੍ਰੈਸ ਦਾ ਇੱਕ ਜਹਾਜ਼ ਲੈਂਡਿੰਗ ਦੇ ਸਮੇਂ ਰਨਵੇਅ 'ਤੇ ਇੱਕ ਫਾਇਰ ਟਰੱਕ ਨਾਲ ਟਕਰਾ ਗਿਆ। ਇਸ ਕਾਰਨ ਜਹਾਜ਼ ਦਾ ਅਗਲਾ ਹਿੱਸਾ ਪੂਰੀ ਤਰ੍ਹਾਂ ਨੁਕਸਾਨਿਆ ਗਿਆ। ਇਹ ਫਲਾਈਟ ਮਾਂਟਰੀਅਲ ਤੋਂ ਆ ਰਹੀ ਸੀ। ਦੱਸਿਆ ਜਾ ਰਿਹਾ ਹੈ ਕਿ ਜਹਾਜ਼ ਵਿੱਚ ਕੁੱਲ 72 ਯਾਤਰੀ ਅਤੇ 4 ਕਰੂ ਮੈਂਬਰ ਸਵਾਰ ਸਨ। ਜਿਨ੍ਹਾਂ ਵਿੱਚੋਂ 2 ਲੋਕਾਂ ਦੀ ਮੌਤ ਹੋ ਗਈ ਹੈ, ਜਦਕਿ ਕਈ ਲੋਕ ਜ਼ਖ਼ਮੀ ਹੋਏ ਹਨ। ਹਾਦਸੇ ਵਿੱਚ ਪਾਇਲਟ ਅਤੇ ਕੋ-ਪਾਇਲਟ ਦੋਵਾਂ ਦੀ ਮੌਤ ਹੋ ਚੁੱਕੀ ਹੈ। ਘਟਨਾ ਤੋਂ ਬਾਅਦ ਹਵਾਈ ਅੱਡੇ ਨੂੰ ਬੰਦ ਕਰ ਦਿੱਤਾ ਗਿਆ ਹੈ। ਸਾਰੀਆਂ ਉਡਾਣਾਂ ਨੂੰ ਜੇ.ਐੱਫ.ਕੇ. ਹਵਾਈ ਅੱਡੇ ਵੱਲ ਡਾਇਵਰਟ ਕਰ ਦਿੱਤਾ ਗਿਆ ਹੈ। ਮੀਡੀਆ ਰਿਪੋਰਟਾਂ ਮੁਤਾਬਕ, ਜਹਾਜ਼ ਦੀ ਇਹ ਟੱਕਰ ਰਨਵੇਅ 4 ਦੇ ਕੋਲ ਹੋਈ, ਜਦੋਂ ਏਅਰ ਕੈਨੇਡਾ ਦੀ ਸੀਆਰਜੇ-900 ਫਲਾਈਟ ਟੈਕਸੀ-ਵੇਅ ਤੋਂ ਲੰਘ ਰਹੀ ਸੀ। ਟੱਕਰ ਤੋਂ ਬਾਅਦ ਮੌਕੇ 'ਤੇ ਫਾਇਰ ਬ੍ਰਿਗੇਡ ਅਤੇ ਬਚਾਅ ਟੀਮਾਂ ਪਹੁੰਚੀਆਂ।



## ਭਗਵੰਤ ਮਾਨ ਸਰਕਾਰ ਨੰਗਲ 'ਚ 800 ਏਕੜ ਤੋਂ ਵੱਧ ਸਰਪਲੱਸ ਜ਼ਮੀਨ ਦੇ ਮਾਲਕੀ ਹੱਕ ਵਸਨੀਕਾਂ ਨੂੰ ਦੇਵੇਗੀ: ਹਰਜੋਤ ਸਿੰਘ ਬੈਂਸ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਸਿੱਖਿਆ ਮੰਤਰੀ ਅਤੇ ਸ੍ਰੀ ਆਨੰਦਪੁਰ ਸਾਹਿਬ ਤੋਂ ਵਿਧਾਇਕ ਹਰਜੋਤ ਸਿੰਘ ਬੈਂਸ ਨੇ ਅੱਜ ਐਲਾਨ ਕੀਤਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਜਲਦੀ ਹੀ ਨੰਗਲ, ਤਲਵਾੜਾ ਅਤੇ ਨਾਲ ਲੱਗਦੇ ਕਸਬਿਆਂ ਦੀ ਵਾਧੂ (ਸਰਪਲੱਸ) ਜ਼ਮੀਨ ਦੇ ਮਾਲਕੀ ਅਧਿਕਾਰ ਸਬੰਧਤ ਦੁਕਾਨਦਾਰਾਂ, ਵਸਨੀਕਾਂ ਅਤੇ ਹੋਰ ਕਾਬਜ਼ਕਾਰਾਂ ਨੂੰ ਦੇਵੇਗੀ ਕਿਉਂਕਿ ਇਹ ਜ਼ਮੀਨ ਬੀਬੀਐਮਬੀ ਦੀ ਨਹੀਂ ਸਗੋਂ ਸਿਰਫ਼ ਪੰਜਾਬ ਦੀ ਹੈ। ਇਸ ਫੈਸਲੇ ਨਾਲ ਇਲਾਕੇ ਦੇ ਹਜ਼ਾਰਾਂ ਪਰਿਵਾਰਾਂ 'ਤੇ ਦਹਾਕਿਆਂ ਤੋਂ ਲਟਕਦੀ ਤਲਵਾਰ ਖ਼ਤਮ ਹੋ ਜਾਵੇਗੀ ਕਿਉਂਕਿ ਜਲ ਸਰੋਤ ਵਿਭਾਗ ਨੇ 800 ਏਕੜ ਤੋਂ ਵੱਧ ਅਜਿਹੀ ਜ਼ਮੀਨ ਸਬੰਧੀ ਬੀਬੀਐਮਬੀ ਨਾਲ ਰਸਮੀ ਰਾਬਤਾ ਸ਼ੁਰੂ ਵੀ ਕਰ ਦਿੱਤਾ ਹੈ। ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਸਾਡੇ ਬਜ਼ੁਰਗਾਂ ਨੇ ਜ਼ਮੀਨਾਂ ਵੀ ਦਿੱਤੀਆਂ ਅਤੇ ਆਪਣੇ ਹੱਥੀਂ ਕੰਮ ਵੀ ਕੀਤਾ ਤਾਂ ਜੋ ਇੱਕ ਨਵੇਂ ਆਜ਼ਾਦ ਭਾਰਤ ਨੂੰ ਪਾਣੀ ਅਤੇ ਬਿਜਲੀ ਮਿਲ ਸਕੇ। ਉਨ੍ਹਾਂ ਇਹ ਸ਼ਹਿਰ ਬਣਾਉਣ ਵਿੱਚ ਵੀ ਅਹਿਮ ਯੋਗਦਾਨ ਪਾਇਆ। ਫਿਰ ਵੀ ਪਿਛਲੇ 50 ਸਾਲਾਂ ਤੋਂ ਵੱਧ ਸਮੇਂ ਤੋਂ ਇਸ ਪ੍ਰੋਜੈਕਟ ਨੂੰ ਚਲਾਉਣ ਵਾਲੀ ਅਥਾਰਟੀ ਬੀ.ਬੀ.ਐਮ.ਬੀ. ਨੇ, ਇੱਕ ਮਾਲਕਾਂ ਵਾਂਗ ਵਿਹਾਰ ਕਰਨਾ ਸ਼ੁਰੂ ਕਰਕੇ ਉਨ੍ਹਾਂ ਲੋਕਾਂ ਨੂੰ ਹੀ ਪਰੇਸ਼ਾਨ ਕਰਨਾ ਸ਼ੁਰੂ ਕਰ ਦਿੱਤਾ, ਜਿਨ੍ਹਾਂ ਨੇ ਇਸਨੂੰ ਬਣਾਇਆ ਸੀ। ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਚਾਰ ਮਹੀਨੇ ਪਹਿਲਾਂ ਮੈਂ ਨੰਗਲ ਵਿੱਚ ਪ੍ਰਭਾਵਿਤ ਪਰਿਵਾਰਾਂ ਨੂੰ ਮਿਲਿਆ ਸੀ ਅਤੇ ਸਥਾਈ ਹੱਲ ਦਾ ਵਾਅਦਾ ਕੀਤਾ ਸੀ। ਅੱਜ ਉਹ ਵਾਅਦਾ ਪੂਰਾ ਹੋ ਰਿਹਾ ਹੈ। ਬੈਂਸ ਨੇ ਕਿਹਾ ਕਿ ਇਹ ਸਿਰਫ਼ ਨੀਤੀਗਤ ਤਬਦੀਲੀ ਨਹੀਂ ਹੈ। ਇਹ ਇੱਕ ਇਤਿਹਾਸਕ ਗਲਤੀ ਦਾ ਸੁਧਾਰ ਹੈ।

## ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੈਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੈਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

## ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ




e-Baba Entertainment App ਨੂੰ Download ਕਰੋ।

ਹੁਣ ਕਿਸੇ ਵੀ Company ਦੇ ਬਣੇ Android TV 'ਚ **eBaba App** ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।





RE/MAX EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED


web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
"ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ"
ਅੱਜ ਹੀ ਕਾਲ ਕਰੋ :
ਰਾਜਿੰਦਰ ਟਾਂਡਾ
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330

# ਸ੍ਰੀ ਗੁਰੂ ਤੇਗ ਬਹਾਦਰ ਕਾਲਜ ਸਠਿਆਲਾ ਵਿਖੇ ਵਿਸ਼ਵ ਜਲ ਦਿਵਸ ਮਨਾਇਆ ਗਿਆ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ



ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸਿੱਧੇ ਪ੍ਰਬੰਧਾਂ ਹੇਠ ਮਾਨਯੋਗ ਉਪ-ਕੁਲਪਤੀ ਪ੍ਰੋ. (ਡਾ.) ਕਰਮਜੀਤ ਸਿੰਘ ਅਤੇ ਡੀਨ ਕਾਲਜ ਵਿਕਾਸ ਕੌਂਸਲ ਪ੍ਰੋ. (ਡਾ.) ਸਰੋਜ ਅਰੋੜਾ ਦੀ ਰਹਿਨੁਮਾਈ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਕਾਲਜ, ਸਠਿਆਲਾ ਦੇ ਕਾਲਜ ਇੰਚਾਰਜ ਡਾ. ਹਰਸਿਮਰਨ ਕੌਰ ਦੀ ਯੋਗ ਅਗਵਾਈ ਹੇਠ ਕਾਲਜ ਦੇ ਇਕੋ ਕਲੱਬ ਵੱਲੋਂ ਵਿਸ਼ਵ ਜਲ ਦਿਵਸ ਮਨਾਇਆ ਗਿਆ। ਇਹ ਪ੍ਰੋਗਰਾਮ ਮਿਨਿਸਟਰੀ ਆਫ ਐਨਵਾਇਰਨਮੈਂਟ, ਫਾਰੈਸਟ ਐਂਡ ਕਲਾਈਮੇਟ ਚੇਂਜ ਦੇ ਐਨਵਾਇਰਨਮੈਂਟ ਐਜੂਕੇਸ਼ਨ ਪ੍ਰੋਗਰਾਮ ਅਧੀਨ ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨੋਲੋਜੀ ਦੀਆਂ ਹਦਾਇਤਾਂ ਅਨੁਸਾਰ ਆਯੋਜਿਤ ਕੀਤਾ ਗਿਆ। ਇਸ ਮੌਕੇ ਕਾਲਜ ਇੰਚਾਰਜ ਡਾ. ਹਰਸਿਮਰਨ ਕੌਰ ਨੇ ਆਪਣੇ ਸੰਬੋਧਨ ਵਿੱਚ ਪਾਣੀ ਦੇ ਮਹੱਤਵ 'ਤੇ ਵਿਸਥਾਰਪੂਰਵਕ ਚਰਚਾ ਕਰਦਿਆਂ ਕਿਹਾ ਕਿ ਪਾਣੀ ਜੀਵਨ ਦਾ ਆਧਾਰ ਹੈ ਅਤੇ ਇਸਦੀ ਸੰਭਾਲ ਕਰਨਾ ਹਰ ਨਾਗਰਿਕ ਦਾ ਫਰਜ਼ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਪਾਣੀ ਦੀ ਬਚਤ ਕਰਨ ਅਤੇ ਵਾਤਾਵਰਣ ਦੀ ਰੱਖਿਆ ਲਈ ਸਦਾ ਜਾਗਰੂਕ ਰਹਿਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਵਿਦਿਆਰਥੀਆਂ ਵੱਲੋਂ ਪਾਣੀ ਦੀ ਸੰਭਾਲ ਨਾਲ ਸੰਬੰਧਿਤ ਸੁੰਦਰ ਪੋਸਟਰ ਤਿਆਰ ਕੀਤੇ ਗਏ। ਇਕੋ ਕਲੱਬ ਦੇ ਇੰਚਾਰਜ ਮਨਦੀਪ ਸਿੰਘ ਨੇ ਵੀ ਵਿਦਿਆਰਥੀਆਂ ਨੂੰ ਪਾਣੀ ਦੀ ਅਜਾਈ ਵਰਤੋਂ ਤੋਂ ਬਚਣ ਲਈ ਪ੍ਰੇਰਿਤ ਕੀਤਾ। ਪੋਸਟਰ ਮੁਕਾਬਲੇ ਵਿੱਚ ਭਾਗ ਲੈਣ ਵਾਲੇ ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕਾਲਜ ਦੇ ਸਟਾਫ ਮੈਂਬਰ ਵੀ ਹਾਜ਼ਰ ਸਨ।

# ਰੰਧਾਵਾ ਖੁਦਕੁਸ਼ੀ ਮਾਮਲੇ 'ਚ ਸਾਬਕਾ ਮੰਤਰੀ ਨੂੰ ਅੱਜ ਅਦਾਲਤ ਵਿੱਚ ਕੀਤਾ ਜਾਵੇਗਾ ਪੇਸ਼

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ



ਪੱਟੀ ਦੇ ਵਿਧਾਇਕ ਅਤੇ ਸਾਬਕਾ ਮੰਤਰੀ ਲਾਲਜੀਤ ਸਿੰਘ ਭੁੱਲਰ, ਜਿਨ੍ਹਾਂ ਨੂੰ ਪੰਜਾਬ ਵੇਅਰਹਾਊਸ ਦੇ ਜ਼ਿਲ੍ਹਾ ਮੈਨੇਜਰ (ਡੀਐਮ) ਗਗਨਦੀਪ ਸਿੰਘ ਰੰਧਾਵਾ ਦੀ ਖੁਦਕੁਸ਼ੀ ਤੋਂ ਦੋ ਦਿਨ ਬਾਅਦ ਅੰਮ੍ਰਿਤਸਰ ਪੁਲਿਸ ਨੇ ਗ੍ਰਿਫ਼ਤਾਰ ਕੀਤਾ ਸੀ, ਨੂੰ ਅੱਜ (24 ਮਾਰਚ) ਅੰਮ੍ਰਿਤਸਰ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਇਸ ਦੌਰਾਨ ਅੱਜ ਹੀ ਮ੍ਰਿਤਕ ਦਾ ਪੋਸਟਮਾਰਟਮ ਅਤੇ ਉਸ ਤੋਂ ਬਾਅਦ ਵਿੱਚ ਅੱਜ ਹੀ ਅੰਤਿਮ ਸਸਕਾਰ ਵੀ ਹੋਵੇਗਾ।

ਹਾਲਾਂਕਿ, ਇਸ ਤਰੀਕ ਤੋਂ ਪਹਿਲਾਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਕੇਸ ਦੀ ਸੁਣਵਾਈ ਹੋਵੇਗੀ। ਮ੍ਰਿਤਕ ਦੀ ਮਾਂ ਨੇ ਇੱਕ ਪਟੀਸ਼ਨ ਦਾਇਰ ਕਰਕੇ ਮੰਗ ਕੀਤੀ ਹੈ ਕਿ ਪੋਸਟਮਾਰਟਮ ਪੀਜੀਆਈ ਜਾਂ ਏਮਜ਼ ਦੇ ਡਾਕਟਰਾਂ ਦੇ ਪੈਨਲ ਦੁਆਰਾ ਕਰਵਾਇਆ ਜਾਵੇ, ਤਾਂ ਜੋ ਮੁਲਜ਼ਮਾਂ ਵਿਰੁੱਧ ਸਖ਼ਤ ਕਾਨੂੰਨੀ ਲੜਾਈ ਲੜੀ ਜਾ ਸਕੇ।

ਦੱਸ ਦਈਏ ਕਿ ਡੀਐਮ ਰੰਧਾਵਾ ਦੀ ਸ਼ਨੀਵਾਰ ਨੂੰ ਸਲਫਾਸ ਨਿਗਲਣ ਤੋਂ ਬਾਅਦ ਅੰਮ੍ਰਿਤਸਰ ਦੇ ਇੱਕ ਹਸਪਤਾਲ ਵਿੱਚ ਮੌਤ ਹੋ ਗਈ ਸੀ। ਉਦੋਂ ਤੋਂ ਉਸ ਦੀ ਲਾਸ਼ ਅੰਮ੍ਰਿਤਸਰ ਦੇ ਹਸਪਤਾਲ ਵਿੱਚ ਹੈ। ਦੱਸ ਦਈਏ ਕਿ 21 ਮਾਰਚ ਦੀ ਰਾਤ ਨੂੰ, ਅੰਮ੍ਰਿਤਸਰ ਦੇ ਇੱਕ ਗੋਦਾਮ ਦੇ ਜ਼ਿਲ੍ਹਾ ਮੈਨੇਜਰ ਗਗਨਦੀਪ ਸਿੰਘ ਰੰਧਾਵਾ ਨੇ ਸਲਫਾ ਨਿਗਲ ਲਿਆ ਸੀ।

ਇਸ ਬਾਰੇ ਪਤਾ ਲੱਗਣ 'ਤੇ, ਪਰਿਵਾਰਕ ਮੈਂਬਰ ਅਤੇ ਦੋਸਤ ਉਸਨੂੰ ਹਸਪਤਾਲ ਲੈ ਗਏ, ਜਿੱਥੇ ਉਸਦੀ ਮੌਤ ਹੋ ਗਈ। ਖੁਦਕੁਸ਼ੀ ਤੋਂ ਪਹਿਲਾਂ ਉਸ ਨੇ ਇੱਕ ਵੀਡੀਓ ਬਣਾਈ ਅਤੇ ਜਿਸ ਉਸ ਨੇ ਇਹ ਕਦਮ ਚੁੱਕਣ ਲਈ ਆਮ ਆਦਮੀ ਪਾਰਟੀ (ਆਪ) ਸਰਕਾਰ ਦੇ ਮੰਤਰੀ ਲਾਲਜੀਤ ਭੁੱਲਰ ਨੂੰ ਜ਼ਿੰਮੇਵਾਰ ਠਹਿਰਾਇਆ ਸੀ। ਜ਼ਿਕਰਯੋਗ ਹੈ ਕਿ ਵਿਵਾਦਤ ਵੀਡੀਓ ਵਾਇਰਲ ਹੋਣ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਤਰੀ ਲਾਲਜੀਤ ਸਿੰਘ ਭੁੱਲਰ ਤੋਂ ਅਸਤੀਫਾ ਲੈ ਲਿਆ ਸੀ ਅਤੇ ਮੁੱਖ ਸਕੱਤਰ ਨੂੰ ਇਸ ਮਾਮਲੇ ਦੀ ਨਿਰਪੱਖ ਜਾਂਚ ਦੇ ਆਦੇਸ਼ ਦਿੱਤੇ ਹਨ। ਜਿਸ ਤੋਂ ਬਾਅਦ 21 ਮਾਰਚ ਦੀ ਰਾਤ ਨੂੰ ਹੀ ਲਾਲਜੀਤ ਸਿੰਘ ਭੁੱਲਰ ਖਿਲਾਫ ਮਾਮਲਾ ਦਰਜ ਹੋਇਆ ਅਤੇ ਸੋਮਵਾਰ ਨੂੰ ਉਨ੍ਹਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ।

# ਪ੍ਰਯਾਗਰਾਜ 'ਚ ਵੱਡਾ ਹਾਦਸਾ! ਕੋਲਡ ਸਟੋਰੇਜ ਢਹਿ-ਢੇਰੀ: 4 ਦੀ ਮੌਤ

ਪ੍ਰਯਾਗਰਾਜ
ਸਾਂਝੀ ਸੋਚ ਬਿਊਰੋ



ਪ੍ਰਯਾਗਰਾਜ 'ਚ ਸੋਮਵਾਰ ਦੁਪਹਿਰ ਇੱਕ ਵੱਡਾ ਹਾਦਸਾ ਵਾਪਰਿਆ। ਗੰਗਾਪਾਰ ਦੇ ਫਾਫਾਮਊ ਇਲਾਕੇ ਵਿੱਚ ਇੱਕ ਕੋਲਡ ਸਟੋਰੇਜ ਢਹਿ ਗਿਆ ਹੈ। ਇਸ ਦੇ ਮਲਬੇ ਹੇਠ ਕਈ ਲੋਕਾਂ ਦੇ ਦਬੇ ਹੋਣ ਦਾ ਖ਼ਦਸ਼ਾ ਜਤਾਇਆ ਜਾ ਰਿਹਾ ਹੈ। ਹਾਦਸੇ ਤੋਂ ਬਾਅਦ ਕੋਲਡ ਸਟੋਰੇਜ ਵਿੱਚੋਂ ਅਮੋਨੀਆ ਗੈਸ ਲੀਕ ਹੋਣ ਲੱਗੀ। ਅਜਿਹੀ ਸਥਿਤੀ ਵਿੱਚ ਉੱਥੋਂ ਭੀੜ ਨੂੰ ਹਟਾ ਦਿੱਤਾ ਗਿਆ। ਪ੍ਰਸ਼ਾਸਨ ਪੰਜ ਜੇਸੀਬੀ ਨਾਲ ਬਚਾਅ ਕਾਰਜ 'ਚ ਜੁਟਿਆ ਹੋਇਆ ਹੈ। ਐਸਡੀਆਰਐਫ ਅਤੇ ਐਨਡੀਆਰਐਫ ਦੀਆਂ ਟੀਮਾਂ ਮੌਕੇ 'ਤੇ ਮੌਜੂਦ ਹਨ। ਹੁਣ ਤੱਕ ਨੌਂ ਲੋਕਾਂ ਨੂੰ ਮਲਬੇ ਵਿੱਚੋਂ ਕੱਢਿਆ ਗਿਆ ਹੈ। ਚਾਰ ਦੀ ਮੌਤ ਹੋ ਗਈ ਹੈ। ਮ੍ਰਿਤਕਾਂ ਵਿੱਚ ਪਿਲਤ ਚੌਧਰੀ, ਮਸ਼ਿੰਦਰ, ਜੋਤਿਸ਼ ਅਤੇ ਜਗਦੀਸ਼ ਸ਼ਾਮਲ ਹਨ। ਜਗਦੀਸ਼ ਪ੍ਰਯਾਗਰਾਜ ਦਾ ਰਹਿਣ ਵਾਲਾ ਸੀ, ਅਤੇ ਬਾਕੀ ਤਿੰਨ ਬਿਹਾਰ ਦੇ ਸਨ। ਚਸ਼ਮਦੀਦਾਂ ਦਾ ਕਹਿਣਾ ਹੈ ਕਿ ਪਹਿਲਾਂ ਕੋਲਡ ਸਟੋਰੇਜ ਵਿੱਚ ਧਮਾਕਾ ਹੋਇਆ, ਫਿਰ ਇਮਾਰਤ ਢਹਿ ਗਈ। ਅਮੋਨੀਆ ਗੈਸ ਲੀਕ ਹੋਣ ਲੱਗੀ। ਗੈਸ ਦੀ ਬਦਬੂ ਲਗਭਗ ਇੱਕ ਕਿਲੋਮੀਟਰ ਤੱਕ ਫੈਲ ਗਈ। ਜ਼ਿਆਦਾਤਰ ਲੋਕਾਂ ਨੇ ਆਪਣੇ ਚਿਹਰੇ ਕੱਪੜੇ ਨਾਲ ਢੱਕੇ। ਹਾਦਸੇ ਵਿੱਚ ਜ਼ਖ਼ਮੀ ਹੋਏ ਲੋਕਾਂ ਨੂੰ ਮਲਬੇ ਵਿੱਚੋਂ ਬਾਹਰ ਕੱਢ ਕੇ ਐੱਸ.ਆਰ.ਐੱਨ.ਹਸਪਤਾਲ ਪਹੁੰਚਾਇਆ ਜਾ ਰਿਹਾ ਹੈ।

# "ਜਦੋਂ ਗੱਲ ਇਨਸਾਫ਼ ਦੀ ਹੋਵੇ ਤਾਂ ਆਮ ਆਦਮੀ ਪਾਰਟੀ....." ਲਾਲਜੀਤ ਭੁੱਲਰ ਦੀ ਗ੍ਰਿਫਤਾਰੀ ਮਗਰੋਂ ਆਪ ਸੁਪਰੀਮੋ ਦਾ ਵੱਡਾ ਬਿਆਨ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ



ਪੰਜਾਬ ਸਟੇਟ ਵੇਅਰਹਾਊਸਿੰਗ ਕਾਰਪੋਰੇਸ਼ਨ, ਅੰਮ੍ਰਿਤਸਰ ਦੇ ਜ਼ਿਲ੍ਹਾ ਮੈਨੇਜਰ ਗਗਨਦੀਪ ਸਿੰਘ ਰੰਧਾਵਾ ਖੁਦਕੁਸ਼ੀ ਮਾਮਲੇ 'ਚ ਵੱਡੀ ਕਾਰਵਾਈ ਕਰਦਿਆਂ ਆਮ ਆਦਮੀ ਪਾਰਟੀ ਦੇ ਸਾਬਕਾ ਮੰਤਰੀ ਲਾਲਜੀਤ ਸਿੰਘ ਭੁੱਲਰ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਇਸ ਕਾਰਵਾਈ ਤੋਂ ਬਾਅਦ 'ਆਪ' ਸੁਪਰੀਮੋ ਨੇ ਸੋਸ਼ਲ ਮੀਡੀਆ 'ਤੇ ਪੋਸਟ ਸਾਂਝੀ ਕੀਤੀ ਹੈ। ਉਨ੍ਹਾਂ ਕਿਹਾ ਕਿ "ਹਾਲ ਹੀ ਵਿੱਚ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਇੱਕ ਮੰਤਰੀ 'ਤੇ ਗੰਭੀਰ ਇਲਜ਼ਾਮ ਲੱਗੇ। ਸਾਡੀ ਸਰਕਾਰ ਨੇ ਬਿਨਾਂ ਕਿਸੇ ਦੇਰੀ ਜਾਂ ਪੱਖਪਾਤ ਦੇ ਉਸ ਮੰਤਰੀ ਖ਼ਿਲਾਫ਼ ਤੁਰੰਤ ਕਾਰਵਾਈ ਕੀਤੀ ਅਤੇ ਉਸ ਨੂੰ ਨਾ ਸਿਰਫ਼ ਅਹੁਦੇ ਤੋਂ ਹਟਾਇਆ, ਸਗੋਂ ਗ੍ਰਿਫ਼ਤਾਰ ਵੀ ਕਰਵਾਇਆ। ਦੂਜੇ ਪਾਸੇ ਕੁਝ ਸਮਾਂ ਪਹਿਲਾਂ ਹਰਿਆਣਾ ਵਿੱਚ ਇੱਕ ਏਡੀਜੀਪੀ ਨੇ ਖ਼ੁਦਕੁਸ਼ੀ ਕਰ ਲਈ। ਕਈ ਲੋਕਾਂ 'ਤੇ ਗੰਭੀਰ ਇਲਜ਼ਾਮ ਲੱਗੇ, ਪਰ ਉਨ੍ਹਾਂ ਦੀ ਪੂਰੀ ਪਾਰਟੀ ਅਤੇ ਸਰਕਾਰ ਦੋਸ਼ੀਆਂ ਦੇ ਹੱਕ ਵਿੱਚ ਨਿੱਤਰ ਆਈ। ਇਹੀ ਫ਼ਰਕ ਹੈ ਆਮ ਆਦਮੀ ਪਾਰਟੀ ਅਤੇ ਭਾਜਪਾ ਵਿੱਚ। ਜਦੋਂ ਗੱਲ ਇਨਸਾਫ਼ ਦੀ ਹੋਵੇ ਤਾਂ ਆਮ ਆਦਮੀ ਪਾਰਟੀ ਆਪਣੀ ਹੀ ਸਰਕਾਰ ਦੇ ਮੰਤਰੀ 'ਤੇ ਵੀ ਕਾਰਵਾਈ ਕਰਨ ਤੋਂ ਪਿੱਛੇ ਨਹੀਂ ਹਟਦੀ, ਜਦਕਿ ਭਾਜਪਾ ਆਪਣੇ ਲੋਕਾਂ ਨੂੰ ਬਚਾਉਣ ਲਈ ਨਿਆਂ ਦੀ ਹੀ ਬਲੀ ਚੜ੍ਹਾ ਦਿੰਦੀ ਹੈ।




APCA
AMERICAN PETROLEUM AND CONVENIENCE STORE ASSOCIATION
Presents
Golf Tournament 2026
Supporting non- Profits
Children's Miracle Network
Wednesday, April 8th, 2026
Chardonnay Golf Course
American Canyon, CA 94503
Scan the QR code to register for the upcoming trade show.
This is a popular event, sells out quickly, please RSVP ASAP
Scan to Register


APCA
AMERICAN PETROLEUM AND CONVENIENCE STORE ASSOCIATION
ANNUAL TRADE SHOW 2026
EXHIBITOR PACKAGE
April 9th, 2026
Sunrise Banquet Halls & Event Center
620 Orange Dr, Vacaville, CA 95687
Scan the QR code to register for the upcoming trade show.
It only takes a minute, and you're all set to join us!
Scan to Register

# ਪਬਲਿਕ ਹਿਤ ਵਿਚ ਸੂਚਨਾ

ਜਿੱਥੇ ਜਿੱਥੇ ਵੀ ਇਹ ਅਵਾਜ ਪਹੁੰਚ ਰਹੀ ਹੈ ਮੈਂ ਗੁਰਦੀਪ ਸਿੰਘ ਸੰਧੂ ਹੈਮਿਓਪੈਥਿਕ ਕਨਸਲਟੈਂਟ ਉਮਰ ਦੇ ਪੰਝਤਰਵੇਂ ਸਾਲ ਵਿੱਚ ਮੇਰੀ ਮੈਡੀਕਲ ਪ੍ਰੈਕਟਿਸ ਦੇ ਪੰਜਾਹ ਸਾਲ ਪੂਰੇ ਹੋਣ ਤੇ ਅਤੇ ਇਸ ਵਕਤ ਅਮੈਰਿਕਨ ਇਕੋਨਮੀ ਦੀ ਸਭ ਤੋਂ ਮਾੜੀ ਹਾਲਤ ਹੋਣ ਕਰਕੇ ਇਹ ਐਲਾਨ ਕਰਦਾ ਹਾ ਕਿ ਹਰੇਕ ਬਿਮਾਰ ਜੋ ਕਿਸੇ ਵੀ ਉਮਰ ਵਿੱਚ ਕਿਸੇ ਵੀ ਬਿਮਾਰੀ ਦਾ ਇਲਾਜ ਕਰਵਾਉਂਦੇ ਥੱਕ ਗਏ ਹਨ ਤਾਂ ਕੀਮਤਾਂ ਦੀ ਪ੍ਰਵਾਹ ਕੀਤੇ ਬਿਨਾਂ ਜੋ ਵੀ ਤੁਹਾਡੀ ਜੇਬ ਇਜਾਜ਼ਤ ਦੇਵੇ ਉਹੀ ਦੇ ਕੇ ਇਲਾਜ ਕਰਵਾ ਸਕਦੇ ਹੋ। ਬੱਸ ਇੱਕ ਗੱਲ ਯਾਦ ਰੱਖਣਾ ਕਿ ਮੁਰਗੀ ਨਾ ਮਰੇ ਤੇ ਅੰਡੇ ਮਿਲਦੇ ਰਹਿਣ ਮੇਰੀ ਇਲਾਜ ਕਰਨ ਦੀ ਸਮਰੱਥਾ ਵੀ ਬਣੀ ਰਹੇ ਤੇ ਤੁਹਾਡਾ ਵੀ ਘੱਟ ਖਰਚ ਨਾਲ ਇਲਾਜ ਹੋ ਸਕੇ ।

ਕਾਲ ਕਰ ਸਕਦੇ ਹੋ 408-687-1899

ਮੇਰੇ ਵੱਲੋਂ ਸਿਹਤ ਵਿਗਿਆਨ ਦੀ ਲੜੀਵਾਰ ਸੀਰੀਜ ਸੁਣਨ ਲਈ ਮੇਰਾ ਯੂ ਟਿਊਬ ਚੈਨਲ, **https://youtu.be/-DUhK3cACEU SabRangstation.com** ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 **AM** ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

# INFORMATION IN PUBLIC INTREST

I, Gurdip S Sandhu Homeopathic consultant at the completion of my 50 years of medical practice and in my 75 year of age and in worst condition of American economy, I declare that any one suffering and tired of any treatment for any disease at any age call for best homeopathic treatment with economical price charges which suites to your pocket but Make sure you take the egg and still the hen survives so that I can continue serving your health needs.

To listen to my health education lecture series, go to https://youtu.be/-DUhK3cACEU, Sabrangstation.com you can listen in cars @ Radio Sabrang and Radio Parwas while driving from 5pm to 6 pm. Facebook, Youtube Radio Punjab 1310 AM tune to 3.35pm to 3.55 pm Daily in Punjabi and 4.35 to 4.55 in Hindi . TV Sanjhi Soch Monday, Wednesday  Friday in Punjabi.

## HOMEOPATHIC NATURAL MEDICINES

**When Tired of All Treatments,**
**For any Disease, at any Age**
**Try Alternative Treatment**

**Safe and Effective Medicines without any Side Effects**



**GURDIP S SANDHU**




**Consultant/Physician Since 1973**
**DHMS-Gold Medalist, BAMS, MDEH**
**Ex-Prof, Principal & CMO Medical Colleges/Hospitals in India**

**(408) 687-1899      (925) 587-1148**

**Homeopathic Medicine and Notary Consultancy**

9701 SARA ANN CT DUBLIN, CA 94568

**PRACTICE UNDER PROVISION OF ACT SB_577 STATE OF CA**

APCA
AMERICAN PETROLEUM AND CONVENIENCE STORE ASSOCIATION

INVITES YOU

## GOLF TOURNAMENT 2026

## APRIL 8, 2026

CHARDONNAY GOLF CLUB
NAPA COUNTY, CA 94503

SUPPORTING NON-PROFIT

Children's Miracle Network Hospitals
Change Kids' Health. Change the Future.





## Followed by APCA's 12th Annual Trade Show

**APCA is a non-profit grassroots, membership based community organization providing representation for small to medium sized enterprises.**






## Thursday April 9, 2026

**12:30 pm - 5:30 pm**

**Sunrise Banquet Hall & Events**
**620 Orange Drive**
**Vacaville, CA 95687**

To register please click link below.

Register »

www.apca.us

For more information please contact: kewal@apca.us

# ਪਰਮਾਤਮਾ ਭਟਕੇ ਹੋਏ ਮਨੁੱਖ ਨੂੰ ਸਹੀ ਰਾਹ ਦਿਖਾਉਣ ਲਈ ਮਨੁੱਖੀ ਦੇਹ ਧਾਰ ਕੇ ਧਰਤੀ 'ਤੇ ਪ੍ਰਗਟ ਹੁੰਦੇ ਹਨ- ਸਾਧਵੀ ਸੌਮਿਆ ਭਾਰਤੀ ਜੀ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ

ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਵੱਲੋਂ ਬੇਰੀ ਗੇਟ ਵਿਖੇ ਸਥਿਤ ਆਈ.ਟੀ.ਆਈ. ਵੂਮੈਨ ਗਰਾਊਂਡ ਵਿੱਚ ਸ਼੍ਰੀ ਰਾਮ ਕਥਾਮ੍ਰਿਤ ਦਾ ਆਯੋਜਨ ਕੀਤਾ ਜਾ ਰਿਹਾ ਹੈ। ਜਿਸ ਵਿੱਚ ਸ਼੍ਰੀ ਆਸ਼ੂਤੋਸ਼ ਮਹਾਰਾਜ ਜੀ ਕੇ ਸ਼ਿਸ਼ਿਆ ਸਾਧਵੀ ਸੌਮਿਆ ਭਾਰਤੀ ਜੀ ਨੇ ਕਥਾ ਦਾ ਵਿਆਖਿਆਨ ਕਰਦੇ ਹੋਏ ਕਿਹਾ ਕਿ ਪਰਮਾਤਮਾ ਭਟਕੇ ਹੋਏ ਮਨੁੱਖ ਨੂੰ ਸਹੀ ਰਾਹ ਦਿਖਾਉਣ ਲਈ ਮਨੁੱਖੀ ਦੇਹ ਧਾਰ ਕੇ ਧਰਤੀ 'ਤੇ ਪ੍ਰਗਟ ਹੁੰਦੇ ਹਨ। ਆਪਣੇ ਜੀਵਨ ਕਾਲ ਦੌਰਾਨ ਉਹ ਅਨੇਕਾਂ ਦਿਵਿਆ ਲੀਲਾਵਾਂ ਰਾਹੀਂ ਮਨੁੱਖ ਨੂੰ ਮਾਰਗ ਦਰਸ਼ਨ ਦਿੰਦੇ ਹਨ, ਪਰ ਜੇ ਮਨੁੱਖ ਉਹਨਾਂ ਲੀਲਾਵਾਂ ਨੂੰ ਸਿਰਫ਼ ਆਪਣੀ ਬੁੱਧੀ ਨਾਲ ਸਮਝਣਾ ਚਾਹੇ ਤਾਂ ਉਹ ਅਸਫਲ ਰਹਿੰਦਾ ਹੈ। ਜਿਵੇਂ ਪਹਾੜ ਦੇ ਥੱਲੇ ਖੜ੍ਹਾ ਮਨੁੱਖ ਉਸ ਦੀ ਉਚਾਈ ਦਾ ਅੰਦਾਜ਼ਾ ਨਹੀਂ ਲਗਾ ਸਕਦਾ, ਓਸੇ ਤਰ੍ਹਾਂ ਰਾਵਣ ਵੀ ਭਗਵਾਨ ਸ਼੍ਰੀ ਰਾਮ ਨੂੰ ਨਹੀਂ ਸਮਝ ਸਕਿਆ, ਕਿਉਂਕਿ ਪਰਮਾਤਮਾ ਬੁੱਧੀ ਜਾਂ ਭੌਤਿਕ ਜਗਤ ਦਾ ਵਿਸ਼ਾ ਨਹੀਂ, ਸਗੋਂ ਆਧਿਆਤਮਿਕ ਜਗਤ ਦਾ ਵਿਸ਼ਾ ਹੈ। ਉਹਨਾਂ ਦੀ ਲੀਲਾ ਦੀ ਸਮਝ ਤਦੋਂ ਹੀ ਆਉਂਦੀ ਹੈ ਜਦੋਂ ਆਧਿਆਤਮਿਕਤਾ ਦਾ ਸੂਰਜ ਸਾਡੇ ਅੰਦਰ ਚੜ੍ਹਦਾ ਹੈ ਅਤੇ ਸਾਨੂੰ ਆਤਮਿਕ ਰੌਸ਼ਨੀ ਨਾਲ ਭਰ ਦੇਂਦਾ ਹੈ। ਇਸ ਰੌਸ਼ਨੀ ਵਿੱਚ ਮਨੁੱਖ ਪ੍ਰਭੂ ਨੂੰ ਪ੍ਰੇਰਣਾ ਸਰੋਤ ਬਣਾ ਕੇ ਉਹਨਾਂ ਦੇ ਦਿਖਾਏ ਰਾਹ 'ਤੇ ਤੁਰ ਸਕਦਾ ਹੈ। ਇਸ ਨਾਲ ਮਨੁੱਖ ਵਿੱਚ ਧਰਮ, ਦੇਸ਼ ਪ੍ਰੇਮ, ਸਭਿਆਚਾਰ ਦੀ ਰੱਖਿਆ, ਪਰਉਪਕਾਰ, ਮਾਫ਼ੀ ਅਤੇ ਪ੍ਰੇਮ ਵਰਗੇ ਗੁਣ ਪ੍ਰਗਟ ਹੁੰਦੇ ਹਨ। ਸ਼੍ਰੀ ਆਸ਼ੂਤੋਸ਼ ਮਹਾਰਾਜ ਜੀ ਅਨੁਸਾਰ ਆਧਿਆਤਮਿਕ ਜਾਗਰੂਕਤਾ ਮਨੁੱਖ ਦੇ ਅੰਦਰ ਦੇਸ਼ ਸੇਵਾ ਦੀ ਸੱਚੀ ਭਾਵਨਾ ਪੈਦਾ ਕਰਦੀ ਹੈ। ਆਧਿਆਤਮਿਕ ਗਿਆਨ ਨਾਲ ਭਰੇ ਹੋਏ ਲੋਕ ਇਕੱਠੇ ਹੋ ਕੇ ਸਮਾਜ ਦੀਆਂ ਬੁਰਾਈਆਂ ਦਾ ਖਾਤਮਾ ਕਰ ਸਕਦੇ ਹਨ। ਦਿਵਿਆ ਜੋਤੀ ਜਾਗ੍ਰਤੀ ਸੰਸਥਾਨ ਆਧਿਆਤਮਿਕ ਗਿਆਨ ਰਾਹੀਂ ਲੋਕਾਂ ਵਿੱਚ ਜਾਗਰੂਕਤਾ ਫੈਲਾ ਰਿਹਾ ਹੈ ਅਤੇ ਉਨ੍ਹਾਂ ਨੂੰ ਭਾਰਤੀ ਸਭਿਆਚਾਰ ਨਾਲ ਜੋੜ ਕੇ ਦੇਸ਼ ਭਗਤੀ ਦੀ ਭਾਵਨਾ ਜਗਾ ਰਿਹਾ ਹੈ।

ਇਹ ਸੰਸਥਾ ਸਿਰਫ਼ ਆਧਿਆਤਮਿਕ ਹੀ ਨਹੀਂ, ਸਗੋਂ ਸਮਾਜਿਕ ਸੰਗਠਨ ਵੀ ਹੈ, ਜੋ ਸਮਾਜ ਦੇ ਖਰਾਬ ਹੋਏ ਪੱਖਾਂ ਨੂੰ ਸੁਧਾਰਨ ਲਈ ਕੰਮ ਕਰ ਰਹੀ ਹੈ। ਭਾਰਤੀ ਸੰਸਕ੍ਰਿਤੀ ਵਿੱਚ ਗਾਂ ਦੀ ਮਹੱਤਤਾ ਨੂੰ ਦੁਬਾਰਾ ਸਥਾਪਿਤ ਕਰਨ ਲਈ ਸੰਸਥਾਨ ਵੱਲੋਂ ਕਾਮਧੇਨੁ ਗੋ ਸੰਰੱਖਣ ਅਤੇ ਸੰਵਰਧਨ ਪ੍ਰੋਜੈਕਟ ਚਲਾਇਆ ਜਾ ਰਿਹਾ ਹੈ, ਜਿਸ ਦੇ ਤਹਿਤ ਦੇਸੀ ਗਾਂ ਦੀ ਰੱਖਿਆ ਕਰਕੇ ਸਮਾਜ ਨੂੰ ਉਸ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਨੇਤਰਹੀਨ ਅਤੇ ਵਿਸ਼ੇਸ਼ ਯੋਗਤਾ ਵਾਲੇ ਲੋਕਾਂ ਨੂੰ ਬ੍ਰਹਮ ਗਿਆਨ ਦੇ ਕੇ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣ ਲਈ 'ਅੰਤਰ ਦ੍ਰਿਸ਼ਟੀ' ਪ੍ਰੋਜੈਕਟ ਤਹਿਤ ਕਈ ਕਾਰਖਾਨੇ ਖੋਲ੍ਹੇ ਗਏ ਹਨ, ਜਿੱਥੇ ਤਰਬੀਅਤ ਦੇ ਬਾਅਦ ਉਹ ਆਪਣੇ ਜੀਵਨ ਯਾਪਨ ਲਈ ਕੰਮ ਕਰ ਰਹੇ ਹਨ। ਗਰੀਬ ਬੱਚਿਆਂ ਲਈ 'ਮੰਥਨ' ਪ੍ਰੋਜੈਕਟ ਅਧੀਨ ਮੁਫ਼ਤ ਸਿੱਖਿਆ ਕੇਂਦਰ ਖੋਲ੍ਹੇ ਗਏ ਹਨ, ਜਿੱਥੇ ਉਨ੍ਹਾਂ ਦਾ ਆਧਿਆਤਮਿਕ ਅਤੇ ਮਾਨਸਿਕ ਵਿਕਾਸ ਕੀਤਾ ਜਾ ਰਿਹਾ ਹੈ। ਸੰਸਥਾਨ ਭਾਰਤ ਦੀਆਂ ਕਈ ਜੇਲ੍ਹਾਂ ਵਿੱਚ ਵੀ ਕੰਮ ਕਰ ਰਿਹਾ ਹੈ, ਜਿੱਥੇ 'ਅੰਤਰਕ੍ਰਾਂਤੀ' ਪ੍ਰੋਜੈਕਟ ਰਾਹੀਂ ਕੈਦੀਆਂ ਨੂੰ ਆਧਿਆਤਮਿਕ ਵਿਚਾਰ ਦਿੱਤੇ ਜਾਂਦੇ ਹਨ, ਜਿਸ ਨਾਲ ਕਈ ਕੈਦੀ ਸੁਧਰ ਕੇ ਹੋਰਨਾਂ ਲਈ ਪ੍ਰੇਰਣਾ ਬਣ ਰਹੇ ਹਨ। 'ਬੋਧ' ਵਰਕਸ਼ਾਪ ਦੇ ਜ਼ਰੀਏ ਸਕੂਲਾਂ ਅਤੇ ਯੂਨੀਵਰਸਿਟੀਆਂ ਵਿੱਚ ਨਾਟਕਾਂ ਅਤੇ ਕਾਰਜਕ੍ਰਮਾਂ ਰਾਹੀਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕੀਤਾ ਜਾ ਰਿਹਾ ਹੈ। ਇਹਨਾਂ ਸਾਰੇ ਪ੍ਰੋਜੈਕਟਾਂ ਵਿੱਚ ਆਧਿਆਤਮਿਕ ਗਿਆਨ ਨਾਲ ਭਰੇ ਲੋਕ ਇਕੱਠੇ ਹੋ ਕੇ ਸਮਾਜ ਸੁਧਾਰ ਲਈ ਕੰਮ ਕਰ ਰਹੇ ਹਨ। ਇਸ ਤਰ੍ਹਾਂ ਗਿਆਨ ਮਨੁੱਖ ਨੂੰ ਨਿਸ਼ਕ੍ਰਿਆਤਾ ਤੋਂ ਸਰਗਰਮੀ ਵੱਲ ਲੈ ਜਾਂਦਾ ਹੈ ਅਤੇ ਉਸ ਵਿੱਚ ਭਲਾਈ ਦੀ ਭਾਵਨਾ ਪੈਦਾ ਕਰਦਾ ਹੈ। ਹਰ ਮਨੁੱਖ ਨੂੰ ਅੱਜ ਇਸ ਗਿਆਨ ਦੀ ਖੋਜ ਕਰਨੀ ਚਾਹੀਦੀ ਹੈ।



ਜੇ ਅਸੀਂ ਅੱਜ ਰਾਮ ਰਾਜ ਦੀ ਸਥਾਪਨਾ ਕਰਨੀ ਹੈ ਤਾਂ ਸਭ ਤੋਂ ਪਹਿਲਾਂ ਸਾਨੂੰ ਆਪਣੇ ਅੰਦਰ ਦੇ ਰਾਵਣ ਨੂੰ ਮਾਰਨਾ ਪਵੇਗਾ, ਤਦੋਂ ਹੀ ਅਸੀਂ ਸਮਾਜ ਵਿੱਚ ਰਾਮ ਰਾਜ ਕਾਇਮ ਕਰਨ ਵਿੱਚ ਯੋਗਦਾਨ ਦੇ ਸਕਦੇ ਹਾਂ। ਕਥਾ ਸਮਾਗਮ ਦੌਰਾਨ ਭਾਵੁਕ ਸ਼ਰਧਾਲੂਆਂ ਦੀ ਭਾਰੀ ਭੀੜ ਕਥਾ ਸੁਣਨ ਲਈ ਇਕੱਠੀ ਹੋਈ। ਅੰਤ ਵਿੱਚ ਪ੍ਰੋਗਰਾਮ ਦਾ ਸਮਾਪਨ ਪ੍ਰਭੂ ਦੀ ਪਾਵਨ ਆਰਤੀ ਨਾਲ ਕੀਤਾ ਗਿਆ। ਕਥਾ ਦੌਰਾਨ ਸਾਧਵੀ ਰਾਜਵਿੰਦਰ ਭਾਰਤੀ ਜੀ, ਸਾਧਵੀ ਕ੍ਰਿਸ਼ਨਪ੍ਰੀਤਾ ਭਾਰਤੀ ਜੀ, ਸਾਧਵੀ ਨੀਰਜਾ ਭਾਰਤੀ,ਸਵਾਮੀ ਰੰਜੀਤਾਨੰਦ, ਅਮਨ ਸ਼ੇਰ ਸਿੰਘ ਸ਼ੈਰੀ ਕਲਸੀ, ਡਾ. ਅਜੈ ਗੁਪਤਾ, ਜਤਿੰਦਰ ਸਿੰਘ ਮੋਤੀ ਭਾਟੀਆ (ਮੇਅਰ), ਅਨਿਲ ਜੋਸ਼ੀ , ਜਗਮੋਹਨ ਸਿੰਘ ਰਾਜੂ, ਕੁਣਾਲ ਧਵਨ, ਸ਼ਵੇਤ ਮਲਿਕ , ਚੰਦਰ ਸ਼ੇਖਰ , ਸੁਸ਼ਾਂਤ ਭਾਟੀਆ, ਜਤਿੰਦਰ ਸ਼ਰਮਾ, ਰਾਣਾ ਜਗਦੀਸ਼ ਚੰਦਰ, ਰਾਜੀਵ ਸ਼ਰਮਾ, ਰਾਜੀਵ ਅਰਨੇਜਾ, ਰਾਜੂ ਨਾਰੰਗ , ਵਿਕਰਮ ਬੱਗਾ, ਕਰਨਲ ਮਨੋਹਰ ਲਾਲ ਸ਼ਰਮਾ, ਸੁਸ਼ੀਲ ਦੇਵਗਨ, ਕਬੀਰ ਸ਼ਰਮਾ, ਗੌਰਵ ਅੱਗਰਵਾਲ, ਜਸਪਾਲ ਸਿੰਘ, ਪ੍ਰਣਵ ਧਵਨ, ਵਿੱਕੀ ਦੱਤਾ, ਮੰਦੀਪ ਸਿੰਘ ਆਹੂਜਾ, ਸਾਹਿਲ ਸੱਗਰ, ਸਤੀਸ਼ ਬੱਲੂ, ਰਮਾ ਮਹੇਤਾ, ਬਲਦੇਵ ਰਾਜ ਬੱਗਾ, ਰਜਨੀ ਮਹਾਜਨ, ਅਮਿਤ ਕੁਮਾਰ ਵਿੱਕੀ, ਸ਼ਰੁਤੀ ਅਰੋੜਾ, ਅਸ਼ੋਕ (ਧਰਮ ਜਾਗਰਣ ਮਹਾਨਗਰ ਸੰਯੋਜਕ), ਸੁਨੀਲ ਲੂਥਰਾ (ਧਰਮ ਜਾਗਰਣ), ਵਿਕਾਸ ਸ਼ਰਮਾ (ਧਰਮ ਜਾਗਰਣ), ਵਿਜੇ ਕੁਮਾਰ (ਧਰਮ ਜਾਗਰਣ), ਰਾਮ ਭਵਨ ਗੋਸਵਾਮੀ (ਧਰਮ ਜਾਗਰਣ), ਵਿਧੂ ਪੁਰੀ, ਸੁਰਭੀ ਵਰਮਾ, ਵਿਪਿਨ ਰਾਣਾ, ਡਿੰਪਲ ਪੰਡਿਤ, ਸਾਹਿਲ ਭਰਦਵਾਜ, ਡਾ. ਲਖਬੀਰ ਸਿੰਘ ਰੰਧਾਵਾ, ਪਵਨ ਕਨੌਜੀਆ, ਮਨਮੋਹਨ ਜੈਰਥ, ਰਮਨ ਕੁਮਾਰ, ਸੰਜੈ ਮਲਿਕ, ਰਾਜੇਸ਼ ਮਹੇਤਾ, ਹਰਸ਼ ਚੌਹਾਨ, ਰਚਨਾ, ਡਾ. ਜੋਤਿਸਤਰਨਾ, ਡਾ. ਲੱਕੀ ਭੱਲਾ ਵੀ ਹਾਜ਼ਰ ਰਹੇ।

# ਕੈਨੇਡਾ ਵਿੱਚ ਨਸ਼ਿਆਂ ਖ਼ਿਲਾਫ਼ ਬਲਵਿੰਦਰ ਸਿੰਘ ਕਾਹਲੋਂ ਦੀ ਮਹਾਂ-ਯਾਤਰਾ ਲਗਾਤਾਰ ਜਾਰੀ ਰਹਿਣਾ ਸ਼ਲਾਘਾ ਯੋਗ- ਪ੍ਰੋ. ਗੁਰਭਜਨ ਸਿੰਘ ਗਿੱਲ

ਕੈਲਗਰੀ
ਸਾਂਝੀ ਸੋਚ ਬਿਊਰੋ

ਨਸ਼ਿਆਂ ਖ਼ਿਲਾਫ਼ ਕੈਲਗਰੀ(ਕੈਨੇਡਾ) ਦੀ ਡਰੱਗ ਅਵੇਅਰਨੈੱਸ ਫਾਉਂਡੇਸ਼ਨ ਵੱਲੋਂ ਮਈ ਮਹੀਨੇ ਦੇ ਦੂਸਰੇ ਐਤਵਾਰ ਨੂੰ ਪੰਜ ਕਿਲੋਮੀਟਰ ਲੰਮੀ ਯਾਤਰਾ ਹੋ ਰਹੀ ਹੈ ਹਰ ਸਾਲ ਵਾਂਗ। ਇਹ ਜਾਣਕਾਰੀ ਅੱਜ ਲੁਧਿਆਣਾ ਦੇ ਸ਼ਹੀਦ ਭਗਤ ਸਿੰਘ ਨਗਰ ਵਿੱਚ ਸ. ਬਲਵਿੰਦਰ ਸਿੰਘ ਕਾਹਲੋਂ ਨੇ ਪੰਜਾਬੀ ਲੋਕ ਵਿਰਾਸਤ ਅਕਾਡਮੀ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨੂੰ ਇਸ ਯਾਤਰਾ ਵਿੱਚ ਸ਼ਾਮਲ ਹੋਣ ਲਈ ਸੱਦਾ ਦੇਣ ਉਪਰੰਤ ਵਿਚਾਰ ਵਟਾਂਦਰਾ ਕਰਦਿਆਂ ਦਿੱਤੀ। ਇਸ ਮੌਕੇ ਡਰੱਗ ਅਵੇਅਰਨੈੱਸ ਫਾਉਂਡੇਸ਼ਨ ਵੱਲੋਂ ਜਾਰੀ ਪੋਸਟਰ ਪ੍ਰੋ. ਸੁਖਵੰਤ ਸਿੰਘ ਗਿੱਲ ਬਟਾਲਾ, ਪ੍ਰਿੰਸੀਪਲ ਕੁਲਵੰਤ ਕੌਰ ਗਿੱਲ, ਪ੍ਰੋ. ਗੁਰਭਜਨ ਸਿੰਘ ਗਿੱਲ, ਜਸਵਿੰਦਰ ਕੌਰ ਤੇ ਰਾਣੀ ਗੁਰਸ਼ਰਨ ਕੌਰ ਸਿਡਨੀ (ਆਸਟ੍ਰੇਲੀਆ)ਨੇ ਲੋਕ ਅਰਪਣ ਕੀਤਾ। ਬਲਵਿੰਦਰ ਸਿੰਘ ਕਾਹਲੋਂ ਆਪਣੀ ਇੱਕ ਮਹੀਨਾ ਪੰਜਾਬ ਰਹਿ ਕੇ ਅੱਜ ਕੈਲਗਰੀ ਵਾਪਸ ਪਰਤ ਰਹੇ ਹਨ। ਨਾਨੋਹਾਰਨੀ(ਗੁਰਦਾਸਪੁਰ) ਦੇ ਜੰਮਪਲ,ਸਰਾਭਾ ਨਗਰ ਲੁਧਿਆਣਾ (ਹੁਣ ਕੈਲਗਰੀ)ਵਾਸੀ ਮਿੱਤਰ ਬਲਵਿੰਦਰ ਸਿੰਘ ਕਾਹਲੋਂ 1985 ਤੋਂ ਕੈਨੇਡਾ ਵਿੱਚ ਰਹਿ ਰਹੇ ਹਨ। ਪੰਜਾਬ ਰਹਿੰਦਿਆਂ ਉਹ ਭੰਗੜੇ ਦੇ ਅੰਤਰ ਰਾਸ਼ਟਰੀ ਕਲਾਕਾਰ ਹੋਣ ਕਾਰਨ 1982 ਵਿੱਚ ਨਵੀਂ ਦਿੱਲੀ ਵਿਖੇ ਹੋਈਆਂ ਏਸ਼ਿਆਈ ਖੇਡਾਂ ਦੇ ਉਦਘਾਟਨੀ ਸਮਾਗਮ ਵਿੱਚ ਪੇਸ਼ ਭੰਗੜਾ ਟੀਮ ਦੇ ਕੋਚਾਂ ਦੇ ਪੈਨਲ ਵਿੱਚ ਸਨ ਅਤੇ ਪ੍ਰਸਿੱਧ ਵਕੀਲ ਸਨ।



ਬਲਵਿੰਦਰ ਕਾਹਲੋਂ ਅੱਜ ਵੀ ਕੈਨੇਡਾ ਵਿੱਚ ਨਸ਼ਿਆਂ ਦੇ ਖਿਲਾਫ ਮਹਾਂ ਸੰਗਰਾਮ ਛੇੜੀ ਬੈਠਾ ਹੈ। ਨਸ਼ਿਆਂ ਦੇ ਖਾਤਮੇ ਲਈ ਕੈਨੇਡਾ ਵਿੱਚ ਉਹ 2010 ਵਿੱਚ ਇੱਕ ਸਿਰੇ ਤੋਂ ਦੂਜੇ ਸਿਰੇ ਤੀਕ ਲੰਮੀ ਪੈਦਲ ਮਹਾਂ ਯਾਤਰਾ ਕਰ ਚੁਕਾ ਹੈ। ਜੀਜੀਐਨ ਖਾਲਸਾ ਕਾਲਜ ਲੁਧਿਆਣਾ ਅਤੇ ਰਾਮਗੜ੍ਹੀਆ ਕਾਲਜ ਫਗਵਾੜੇ ਤੋਂ ਗਰੈਜੂਏਸ਼ਨ ਕਰਕੇ ਉਸ ਡੀ ਏ ਵੀ ਕਾਲਜ ਦੇਹਰਾਦੂਨ ਵਿੱਚੋਂ ਲਾਅ ਕੀਤਾ। ਬਲਵਿੰਦਰ ਕਾਹਲੋਂ ਵਿਸ਼ਵ ਵਿਚ ਵਸਦੇ ਪੰਜਾਬੀਆਂ ਨੂੰ ਇਹੀ ਸੁਨੇਹਾ ਦੇ ਰਿਹਾ ਹੈ ਕਿ ਨਸ਼ਿਆਂ ਵਰਗੇ ਇਸ ਕੋਹੜ ਤੋਂ ਮੁਕਤੀ ਲਈ ਹਰ ਪੰਜਾਬੀ ਆਪ ਕਿਉਂ ਨਹੀਂ ਜਾਗਦਾ? ਇਸ ਕੰਮ ਲਈ ਸ਼ੁਭ ਆਚਾਰ, ਨੇਕ ਵਿਹਾਰ,ਸਮੇਂ ਦੀ ਸਰਕਾਰ, ਮੀਡੀਆ ਤੇ ਅਖ਼ਬਾਰ ਤੇ ਸਾਰਾ ਪਰਿਵਾਰ ਰਲ ਕੇ ਹੰਭਲਾ ਮਾਰਨ ਤਾਂ ਹੀ ਨਸ਼ਾ ਮੁਕਤ ਸੰਸਾਰ ਦੀ ਉਸਾਰੀ ਹੋ ਸਕਦੀ ਹੈ।

ਮਗਰੋਂ ਨਸ਼ਾਬੰਦੀ ਇਲਾਜ ਕੈਂਪ ਕਰਨ ਦੀ ਥਾਂ ਇਸ ਕੋਹੜ ਦੀ ਪੇਸ਼ਬੰਦੀ ਕਿਉਂ ਨਾ ਕੀਤੀ ਜਾਵੇ। ਪ੍ਰੋ. ਸੁਖਵੰਤ ਸਿੰਘ ਗਿੱਲ ਨੇ ਉਨ੍ਹਾਂ ਵੱਲੋਂ ਕੀਤੀ ਜਾ ਰਹੀ ਨਿਰੰਤਰ ਕੋਸ਼ਿਸ਼ ਨਾਲ ਉਹ ਪੂਰੇ ਪੰਜਾਬੀਆਂ ਲਈ ਨਸ਼ਿਆਂ ਵਿਰੁੱਧ ਯਤਨਾਂ ਦੇ ਚਾਨਣ ਮੁਨਾਰੇ ਬਣ ਗਏ ਹਨ। ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਬਲਵਿੰਦਰ ਕਾਹਲੋਂ ਵੱਲੋਂ ਦਿੱਤੇ ਸੱਦੇ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪੂਰੀ ਕੋਸ਼ਿਸ਼ ਕਰਨਗੇ ਕਿ ਇਸ ਯਾਤਰਾ ਵਿੱਚ ਸ਼ਾਮਿਲ ਹੋਇਆ ਜਾਵੇ। ਪਰ ਜੇ ਨਾ ਸੰਭਵ ਹੋਇਆ ਤਾਂ ਉਹ ਸਾਥੀਆਂ ਸਮੇਤ ਲੁਧਿਆਣਾ ਵਿੱਚ ਕੋਈ ਵਿਸ਼ੇਸ਼ ਸਰਗਰਮੀ ਕਰਕੇ ਇੱਕਮੁੱਠਤਾ ਦਾ ਪ੍ਰਗਟਾਵਾ ਕਰਨਗੇ। ਉਨ੍ਹਾਂ ਕਿਹਾ ਕਿ ਸਾਲ 2012 ਵਿੱਚ ਬਲਵਿੰਦਰ ਕਾਹਲੋਂ ਨਾਲ ਮਿਲ ਕੇ ਨਸ਼ਿਆਂ ਵਿਰੁੱਧ ਯਾਤਰਾ ਡੇਰਾ ਬਾਬਾ ਨਾਨਕ ਤੋਂ ਅਰਦਾਸ ਕਰਕੇ ਚੰਡੀਗੜ੍ਹ ਤੀਕ ਮੁਕੰਮਲ ਕੀਤੀ ਸੀ।

# ਜੰਗ ਵਿਚਾਲੇ ਰਾਸ਼ਟਰਪਤੀ ਟਰੰਪ ਦਾ ਵੱਡਾ ਬਿਆਨ ਨਵੇਂ ਫੈਸਲੇ ਨਾਲ ਤਣਾਅ ਘਟਣ ਦੀ ਉਮੀਦ !

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਪੱਛਮੀ ਏਸ਼ੀਆ ਵਿੱਚ ਜਾਰੀ ਤਣਾਅ ਦੇ ਵਿਚਕਾਰ ਅਮਰੀਕਾ ਅਤੇ ਈਰਾਨ ਵਿਚਾਲੇ ਟਕਰਾਅ ਇੱਕ ਨਵੇਂ ਮੋੜ 'ਤੇ ਪਹੁੰਚ ਗਿਆ ਹੈ। ਹਾਲ ਹੀ ਵਿੱਚ ਟਰੰਪ ਨੇ ਈਰਾਨ ਨੂੰ ਚੇਤਾਵਨੀ ਦਿੱਤੀ ਸੀ ਕਿ ਜੇਕਰ ਉਸਨੇ 48 ਘੰਟਿਆਂ ਦੇ ਅੰਦਰ ਹੋਰਮੁਜ਼ ਜਲਡਮਰੂ ਨਹੀਂ ਖੋਲ੍ਹਿਆ, ਤਾਂ ਅਮਰੀਕਾ ਉਸਦੇ ਊਰਜਾ ਬੁਨਿਆਦੀ ਢਾਂਚੇ, ਖਾਸ ਕਰਕੇ ਪਾਵਰ ਪਲਾਂਟਾਂ 'ਤੇ ਹਮਲਾ ਕਰੇਗਾ। ਹਾਲਾਂਕਿ, 48 ਘੰਟਿਆਂ ਦੀ ਮਿਆਦ ਖਤਮ ਹੋਣ ਤੋਂ ਪਹਿਲਾਂ, ਟਰੰਪ ਨੇ ਉਸ ਅਲਟੀਮੇਟਮ ਤੋਂ ਪਲਟੀ ਮਾਰ ਦਿੱਤੀ ਹੈ। ਟਰੰਪ ਨੇ ਹੁਣ ਈਰਾਨ ਨੂੰ ਹੋਰਮੁਜ਼ ਜਲਡਮਰੂ ਖੋਲ੍ਹਣ ਲਈ ਦਿੱਤੀ ਗਈ ਸਮਾਂ-ਸੀਮਾ 'ਤੇ ਬ੍ਰੇਕ ਲਗਾ ਦਿੱਤੀ ਹੈ ਅਤੇ ਇਸ ਨੂੰ ਅਗਲੇ ਪੰਜ ਦਿਨਾਂ ਲਈ ਵਧਾ ਦਿੱਤਾ ਹੈ। ਯਾਨੀ ਅਮਰੀਕਾ ਨੇ ਫਿਲਹਾਲ ਈਰਾਨ ਦੇ ਬਿਜਲੀ ਪਲਾਂਟਾਂ 'ਤੇ ਹਮਲੇ ਦੀ ਯੋਜਨਾ ਨੂੰ 5 ਦਿਨਾਂ ਲਈ ਟਾਲ ਦਿੱਤਾ ਹੈ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਈਰਾਨ ਦੇ ਪਾਵਰ ਪਲਾਂਟਾਂ ਅਤੇ ਐਨਰਜੀ ਇਨਫਰਾਸਟ੍ਰਕਚਰਤੇ ਹੋਣ ਵਾਲੇ ਹਮਲਿਆਂ ਨੂੰ ਫਿਲਹਾਲ ਟਾਲ ਦਿੱਤਾ ਹੈ। ਉਸਨੇ ਕਿਹਾ ਕਿ ਅਮਰੀਕਾ ਅਤੇ ਈਰਾਨ ਵਿਚਾਲੇ ਪਿਛਲੇ ਦੋ ਦਿਨਾਂ ਤੋਂ ਚੱਲੀ ਗੱਲਬਾਤ ਤੋਂ ਬਾਅਦ ਇਹ ਫੈਸਲਾ ਲਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਰੱਖਿਆ ਵਿਭਾਗ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਪਾਵਰ ਪਲਾਂਟਾਂ ਅਤੇ ਐਨਰਜੀ ਇਨਫਰਾਸਟ੍ਰਕਚਰ 'ਤੇ ਸਾਰੇ ਫੌਜੀ ਹਮਲਿਆਂ ਨੂੰ 5 ਦਿਨਾਂ ਲਈ ਰੋਕ ਦਿੱਤਾ ਜਾਵੇ। ਉਸਨੇ ਕਿਹਾ ਜੇਕਰ ਗੱਲਬਾਤ ਸਫਲ ਰਹਿੰਦੀ ਹੈ, ਤਾਂ ਮੱਧ ਪੂਰਬ ਵਿੱਚ ਚੱਲ ਰਹੇ ਤਣਾਅ ਨੂੰ ਖ਼ਤਮ ਕਰਨ ਦੀ ਦਿਸ਼ਾ ਵਿੱਚ ਇੱਕ ਵੱਡਾ ਕਦਮ ਸਾਬਤ ਹੋ ਸਕਦਾ ਹੈ।"

ੴ ਸਤਿਗੁਰ ਪ੍ਰਸਾਦਿ॥

# ਅੰਤਿਮ ਸਸਕਾਰ, ਪਾਠ ਦਾ ਭੋਗ ਤੇ ਅੰਤਿਮ ਅਰਦਾਸ

ਕਬੀਰਾ ਜਬ ਹਮ ਆਏ ਜਗਤ ਮੇਂ ਜਗ ਹਸਾ ਹਮ ਰੋਏ॥ ਐਸੀ ਕਰਨੀ ਕਰ ਚਲੇ , ਹਮ ਹਸੇ ਜਗ ਰੋਏ॥



ਪ੍ਰਮਾਤਮਾ ਦੇ ਭਾਣੇ 'ਚ ਰਹਿ ਕੇ ਆਪ ਸਭ ਨੂੰ ਸੂਚਿਤ ਕਰ ਰਹੇ ਹਾਂ ਕਿ ਸਾਡੇ ਬਹੁਤ ਹੀ ਸਤਿਕਾਰਯੋਗ

# ਸ੍ਰ. ਸਾਧੂ ਸਿੰਘ ਉੱਭੀ

(June 15, 1941 to March 18, 2026)

ਬੀਤੀ 18 ਮਾਰਚ 2026, ਦਿਨ ਬੁੱਧਵਾਰ ਨੂੰ ਆਪਣੇ ਸਵਾਸਾਂ ਦੀ ਪੂੰਜੀ ਮੁਕੰਮਲ ਕਰਦੇ ਹੋਏ ਸ੍ਰੀ ਅਕਾਲ ਪੁਰਖ ਦੇ ਚਰਨਾਂ ਵਿਚ ਨਿਵਾਸ ਕਰ ਗਏ ਹਨ। ਉਹਨਾਂ ਦੀਆਂ ਅੰਤਿਮ ਰਸਮਾਂ ਹੇਠ ਲਿਖੇ ਅਨੁਸਾਰ ਹੋਣਗੀਆਂ। ਆਸ ਹੈ ਕਿ ਆਪ ਜੀ ਸ਼ਾਮਿਲ ਹੋ ਕੇ ਸਾਡੇ ਦੁੱਖ ਨੂੰ ਜ਼ਰੂਰ ਵੰਡਾਓਗੇ।

## ਅੰਤਿਮ ਦਰਸ਼ਨ ਤੇ ਸਸਕਾਰ

25 ਮਾਰਚ 2026, ਦਿਨ ਬੁੱਧਵਾਰ

ਸਵੇਰ 10:00 ਤੋਂ ਦੁਪਹਿਰ 12:00 ਵਜੇ ਤੱਕ

**HULL's Walnut Creek Chapel**

1139 Saranap Ave. Walnut Creek, CA 94595

## ਭੋਗ ਤੇ ਅੰਤਿਮ ਅਰਦਾਸ

25 ਮਾਰਚ 2026, ਦਿਨ ਬੁੱਧਵਾਰ

ਬਾਅਦ ਦੁਪਹਿਰ 1:00 ਤੋਂ 3:00 ਵਜੇ ਤੱਕ

**Sikh Temple El Sobrante**

3550 Hillcrest Road, El Sobrante, CA 94803

## ਪ੍ਰਮਾਤਮਾ ਦੇ ਭਾਣੇ 'ਚ

ਸਮੂਹ ਉੱਭੀ, ਭੰਮਰਾ ਤੇ ਮਣਕੂ ਪਰਿਵਾਰ ਤੇ ਰਿਸ਼ਤੇਦਾਰ

Contact: +1 (510) 406-0008, +1 (510) 302-7799


JASPREET SINGH
ATTORNEY AT LAW USA
JASPREET SINGH ATTORNEY AT LAW USA
SPECIALIZES IN IMMIGRATION LAW MATTERS , POLITICAL ASYLUM , DEPORTATION
DEFENSE , GREEN CARDS , MARRIAGE , CITIZENSHIP, P3 AND E-2 VISAS
LAW OFFICES IN NY , NJ AND CALIFORNIA
SACRAMENTO, CA
5855 AUBURN BLVD,
SACRAMENTO, CA 95841
+1-917-915-4142
FREMONT, CA
3155 KEARNEY ST, SUITE
#248, FREMONT, CA 94538
+1-510-657-6444
NEW YORK, NY
108-14 JAMAICA AVENUE,
RICHMOND HILL, NY 11418
+1-718-533-8444
FRESNO, CA
1625 E SHAW AVE #122,
FRESNO, CA 93711
+1-559-271-5511
NEW JERSEY, NJ
2060 OAK TREE ROAD #1,
EDISON, NEW JERSEY, 08820
+1-732-453-6699
LOS ANGELES, CA
1013 N BEGONIA AVE,
ONTARIO, CA 91762
+1-917-915-4142
CONTACT
+1-917-915-4142
Jaspreetsinghlaoffice@gmail.com


ATWAL
IMMIGRATION SERVICES
ATWAL
TAX & IMMIGRATION
— SERVICES —
FAMILY PETITIONS
NATURALIZATION (US CITIZENSHIP)
GREEN CARD RENEW
WORK PERMIT RENEW
AFFIDAVIT OF SUPPORT
INDIAN AND US PASSPORT RENEW
INDIAN VISA
OCI
E-VISA
INDIAN PASSPORT SURRENDER
ਦੇਰ ਨਾ ਕਰੋ, ਹੁਣੇ ਮਿਲੋ TAX ਅਤੇ ਹੋਰ ਵਧੇਰੀਆਂ
IMMIGRATION SERVICES ਲਈ
TONY
ATWAL
ਵਧੇਰੇ ਜਾਣਕਾਰੀ ਤੁਸੀਂ ਲੈ ਸਕਦੇ ਹੋ
iservice1416@gmail.com
ਜਾਂ ਫ਼ਿਰ ਸਾਡੀ WEBSITE
www.atwaltaximmigrationservices.com
ADDRESS 1
119 N Maple Ave, Ste B,Manteca, CA,95336 Manteca
(209) 505-6384
ADDRESS 2
2800 Mitchell Rd,Ste.W,Ceres ,CA 95307, Ceres
(209) 568-9682



ਗੁਰਮੀਤ ਸਿੰਘ ਪਲਾਹੀ
98158-02070

# ਅਪਰਾਧ ਅਤੇ ਸਿਆਸਤ ਵਿਚਕਾਰ ਖ਼ਤਰਨਾਕ ਗੱਠਜੋੜ

ਲੋਕਤੰਤਰ ਦੀ ਮਜ਼ਬੂਤੀ ਸਾਫ਼-ਸੁਥਰੀ ਸਿਆਸਤ 'ਤੇ ਨਿਰਭਰ ਕਰਦੀ ਹੈ, ਪਰ ਜਦੋਂ ਕਾਨੂੰਨ ਬਣਾਉਣ ਵਾਲੇ ਹੀ ਕਾਨੂੰਨ ਤੋੜਨ ਦੇ ਦੋਸ਼ਾਂ 'ਚ ਘਿਰੇ ਹੋਣ, ਤਾਂ ਇਹ ਪ੍ਰਣਾਲੀ ਲਈ ਵੱਡੀ ਚਿੰਤਾ ਬਣ ਜਾਂਦੀ ਹੈ। ਭਾਰਤ ਵਰਗੇ ਵਿਸ਼ਾਲ ਲੋਕਤੰਤਰ ਵਿੱਚ ਅਪਰਾਧ ਅਤੇ ਸਿਆਸਤ ਦੇ ਵਿਚਕਾਰ ਵੱਧਦਾ ਗੱਠਜੋੜ ਨਾ ਸਿਰਫ਼ ਨੈਤਿਕ ਪਤਨ ਦਾ ਸੰਕੇਤ ਹੈ, ਸਗੋਂ ਇਹ ਲੋਕਤੰਤਰ ਦੀ ਜੜ੍ਹ ਨੂੰ ਵੀ ਕਮਜ਼ੋਰ ਕਰ ਰਿਹਾ ਹੈ।

ਸਿਆਸੀ ਪਾਰਟੀਆਂ ਆਪਣੇ ਸਿਧਾਂਤਾਂ ਨੂੰ ਛਿੱਕੇ ਟੰਗ ਕੇ ਆਪਰਾਧਿਕ ਪਿਛੋਕੜ ਵਾਲੇ ਲੋਕਾਂ ਨੂੰ ਉਹਨਾਂ ਸੰਵਿਧਾਨਕ ਅਹੁਦਿਆਂ ਉੱਤੇ ਬੈਠਾ ਦਿੰਦੀਆਂ ਹਨ, ਉਹਨਾਂ ਹੱਥ ਦੇਸ਼ ਦੀ ਵਾਗਡੋਰ ਸੰਭਾਲ ਦਿੰਦੀਆਂ ਹਨ, ਜਿੱਥੇ ਉਹ ਉਸ ਸੰਵਿਧਾਨਕ ਪ੍ਰਕਿਰਿਆ ਦਾ ਹਿੱਸਾ ਬਣ ਜਾਂਦੇ ਹਨ, ਜਿੱਥੇ ਨਾ ਸਿਰਫ਼ ਦੇਸ਼ ਦੇ ਅਹਿਮ ਫ਼ੈਸਲੇ ਹੀ ਲਏ ਜਾਂਦੇ ਹਨ, ਸਗੋਂ ਕਾਨੂੰਨ ਵੀ ਬਣਾਏ ਜਾਂਦੇ ਹਨ। ਸਵਾਲ ਇਹ ਉੱਠਦਾ ਹੈ ਕਿ ਅਪਰਾਧ ਅਤੇ ਸਿਆਸਤ ਦੇ ਵਿਚਕਾਰ ਇਹ ਕਾਲਾ ਅਤੇ ਖ਼ਤਰਨਾਕ ਗੱਠਜੋੜ ਕਿਉਂ ਅਤੇ ਕਿਵੇਂ ਵੱਧ-ਫੁੱਲ ਰਿਹਾ ਹੈ।ਭਾਰਤੀ ਸਿਆਸਤ ਵਿੱਚ ਸਾਰੀਆਂ ਸਿਆਸੀ ਧਿਰਾਂ ਸਾਫ਼-ਸੁਥਰੀ ਸਿਆਸਤ ਦੇ ਪੱਖ ਵਿੱਚ ਹਨ, ਲੇਕਿਨ ਹੈਰਾਨੀ ਵਾਲੀ ਗੱਲ ਹੈ ਕਿ ਚੋਣਾਂ ਦੌਰਾਨ ਉਹਨਾਂ ਅਪਰਾਧਿਕ ਪਿਛੋਕੜ ਵਾਲੇ ਨੇਤਾਵਾਂ ਨੂੰ ਅੱਗੇ ਲਿਆਉਣ 'ਚ ਕੋਈ ਹਿਚਕਾਹਟ ਨਹੀਂ ਵਿਖਾਈ ਜਾਂਦੀ। ਨਤੀਜਾ ਇਹ ਨਿਕਲਦਾ ਹੈ ਕਿ ਦਾਗ਼ੀ ਨੇਤਾ ਵਿਧਾਨ ਸਭਾਵਾਂ ਤੋਂ ਲੈ ਕੇ ਭਾਰਤੀ ਸੰਸਦ ਤੱਕ ਪਹੁੰਚ ਜਾਂਦੇ ਹਨ ਅਤੇ ਹੋਰ ਤਾਕਤਵਰ "ਧੱਕਾ-ਧੌਂਸ ਨੇਤਾ" ਬਣ ਜਾਂਦੇ ਹਨ।ਦੇਸ਼ ਵਿੱਚ ਪਿਛਲੇ ਕਈ ਦਹਾਕਿਆਂ ਵਿੱਚ ਸਿਆਸਤ ਦਾ ਜਿਸ ਤਰ੍ਹਾਂ ਅਪਰਾਧੀਕਰਨ ਹੋਇਆ ਹੈ, ਉਸ ਨਾਲ ਲੋਕਤੰਤਰ ਦੇ ਉਦੇਸ਼ਾਂ ਅਤੇ ਨਿਸ਼ਾਨਿਆਂ ਨੂੰ ਗਹਿਰੀ ਸੱਟ ਲੱਗੀ ਹੈ। ਭਾਰਤੀ ਪਾਰਲੀਮੈਂਟ ਵਿੱਚ ਸਿਆਣਿਆਂ ਦੇ ਸਦਨ "ਰਾਜ ਸਭਾ" ਸੰਬੰਧੀ ਛਪੀ ਇੱਕ ਰਿਪੋਰਟ ਨਾਲ ਆਮ ਲੋਕਾਂ 'ਚ ਵੱਡੀ ਚਿੰਤਾ ਉਸ ਸਮੇਂ ਸਾਹਮਣੇ ਆਈ ਜਦੋਂ ਵੇਖਿਆ ਗਿਆ ਕਿ ਰਾਜ ਸਭਾ ਦੇ 32 ਫ਼ੀਸਦੀ ਮੌਜੂਦਾ ਮੈਂਬਰਾਂ ਉੱਤੇ ਅਪਰਾਧਿਕ ਮਾਮਲੇ ਭਾਰਤੀ ਅਦਾਲਤਾਂ ਵਿੱਚ ਲੰਬਿਤ ਹਨ। ਉਹ ਰਾਜ ਸਭਾ, ਜਿਸ ਵਿੱਚ ਮੈਂਬਰ ਹਰ ਛੇ ਸਾਲਾਂ ਬਾਅਦ ਸੂਬਿਆਂ ਦੀਆਂ ਵਿਧਾਨ ਸਭਾਵਾਂ, ਵਿਧਾਨ ਪਰਿਸ਼ਦਾਂ ਦੇ ਮੈਂਬਰਾਂ ਵੱਲੋਂ ਚੁਣੇ ਜਾਂਦੇ ਹਨ ਅਤੇ ਕੁਝ ਪ੍ਰਤੀਸ਼ਤ ਭਾਰਤ ਸਰਕਾਰ ਵੱਲੋਂ ਚੰਗੀ ਯੋਗਤਾ, ਵੱਖ-ਵੱਖ ਖੇਤਰਾਂ 'ਚ ਪ੍ਰਸਿੱਧੀ ਪ੍ਰਾਪਤ ਲੋਕ ਭੇਜੇ ਜਾਂਦੇ ਹਨ ਅਤੇ ਸਿਆਸੀ ਧਿਰਾਂ ਵਾਹ ਲੱਗਦੀ ਆਪਣੇ ਸਿਆਣੇ ਮੈਂਬਰਾਂ ਨੂੰ ਇਸ "ਸਿਆਣੀ ਸੰਸਦ" ਵਿੱਚ ਭੇਜਣ ਦਾ ਦਾਅਵਾ ਕਰਦੀਆਂ ਹਨ।

ਅਪ੍ਰੈਲ 2026 ਵਿੱਚ ਦੇਸ਼ ਦੀਆਂ ਪੱਛਮੀ ਬੰਗਾਲ, ਤਾਮਿਲਨਾਡੂ, ਕੇਰਲ, ਅਸਾਮ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਪਾਂਡੀਚੇਰੀ ਵਿੱਚ ਵਿਧਾਨ ਸਭਾ ਚੋਣਾਂ ਹੋ ਰਹੀਆਂ ਹਨ। ਖੱਬੇ ਪੱਖੀ ਵਿਚਾਰਧਾਰਾ ਵਾਲੇ ਕੇਰਲ ਵਿੱਚ ਏ.ਡੀ.ਆਰ. ਦੀ 2025 'ਚ ਛਪੀ ਰਿਪੋਰਟ ਵਿੱਚ ਸਾਹਮਣੇ ਆਇਆ ਕਿ 92 ਵਿਧਾਇਕ ਅਪਰਾਧਿਕ ਮਾਮਲਿਆਂ 'ਚ ਲਿਪਤ ਹਨ। ਇਸ ਸੰਬੰਧੀ ਉਹਨਾਂ ਵੱਲੋਂ ਦਿੱਤੇ ਹਲਫ਼ਨਾਮਿਆਂ ਵਿੱਚ ਉਹਨਾਂ ਇਹ ਗੱਲ ਕਬੂਲੀ ਹੈ ਕਿ ਉਹਨਾਂ ਖ਼ਿਲਾਫ਼ ਅਪਰਾਧਿਕ ਮਾਮਲੇ ਅਦਾਲਤਾਂ ਵਿੱਚ ਹਨ। ਪੱਛਮੀ ਬੰਗਾਲ ਦੀ ਏ.ਡੀ.ਆਰ. ਰਿਪੋਰਟ ਦੱਸਦੀ ਹੈ ਕਿ 223 ਤ੍ਰਿਣਮੂਲ ਕਾਂਗਰਸ ਦੇ ਵਿਧਾਇਕਾਂ ਵਿੱਚੋਂ 92 (41%), ਭਾਜਪਾ ਦੇ 64 ਵਿੱਚੋਂ 42 (66%) ਵਿਧਾਇਕਾਂ ਖ਼ਿਲਾਫ਼ ਕੇਸ ਕੋਰਟਾਂ ਵਿੱਚ ਹਨ ਤੇ 50 ਫ਼ੀਸਦੀ ਕਰੋੜਪਤੀ ਹਨ। ਇਹਨਾਂ ਅਪਰਾਧਿਕ ਮਾਮਲਿਆਂ ਵਿੱਚ ਧੋਖਾਧੜੀ, ਔਰਤਾਂ ਨਾਲ ਬਲਾਤਕਾਰ ਅਤੇ ਕਤਲ ਤੱਕ ਦੇ ਕੇਸ ਦਰਜ ਹਨ। ਤਾਮਿਲਨਾਡੂ ਵਿੱਚ 224 ਵਿੱਚੋਂ 134 ਵਿਧਾਇਕਾਂ ਉੱਤੇ, ਅਸਾਮ ਵਿੱਚ 34 ਵਿਧਾਇਕ ਅਤੇ ਪਾਂਡੀਚੇਰੀ 'ਚ 30 ਵਿੱਚੋਂ 13 ਵਿਧਾਇਕਾਂ ਉੱਤੇ ਅਪਰਾਧਿਕ ਮਾਮਲੇ ਦਰਜ ਹਨ। ਅਸਲ ਵਿੱਚ ਸਿਰਫ਼ ਕੁਝ ਪਾਰਟੀਆਂ ਨੂੰ ਛੱਡ ਕੇ ਬਾਕੀ ਸਾਰੀਆਂ ਪਾਰਟੀਆਂ ਦੇ ਨੇਤਾਵਾਂ ਵਿੱਚੋਂ ਬਹੁਤਿਆਂ ਵਿਰੁੱਧ ਇਹ ਕੇਸ ਅਦਾਲਤਾਂ ਵਿੱਚ ਲੰਮੇ ਸਮੇਂ ਤੋਂ ਚੱਲ ਰਹੇ ਹਨ।ਧਿਆਨ ਦੇਣ ਯੋਗ ਹੈ ਕਿ ਹਰ ਸਾਲ ਏ.ਡੀ.ਆਰ. ਦੀ ਰਿਪੋਰਟ ਛਪਦੀ ਹੈ। ਇਸ ਪ੍ਰਤੀ ਚਿੰਤਾ ਵੱਡੇ ਪੱਧਰ 'ਤੇ ਦਰਸਾਈ ਜਾਂਦੀ ਹੈ, ਪਰ ਬਾਅਦ ਵਿੱਚ ਚੁੱਪੀ ਸਾਧ ਲਈ ਜਾਂਦੀ ਹੈ, ਜਿਵੇਂ ਇਹ ਇੱਕ ਸਧਾਰਣ ਜਿਹੀ ਰਿਪੋਰਟ ਹੈ।ਪਰ ਇਵੇਂ ਲੱਗਦਾ ਹੈ ਕਿ ਨਾ ਤਾਂ ਕੋਈ ਸਿਆਸੀ ਦਲ ਇਸਨੂੰ ਗੰਭੀਰਤਾ ਨਾਲ ਲੈਂਦਾ ਹੈ ਅਤੇ ਨਾ ਹੀ ਭਾਰਤੀ ਚੋਣ ਕਮਿਸ਼ਨ ਇਸ ਸੰਬੰਧੀ ਕੋਈ ਠੋਸ ਪਹਿਲ ਕਰਦਾ ਹੈ। ਨਤੀਜਾ ਇਹ ਨਿਕਲਦਾ ਹੈ ਕਿ ਹਰ ਵਾਰ ਦਾਗ਼ੀ ਪਿਛੋਕੜ ਵਾਲੇ ਲੋਕਾਂ ਨੂੰ ਸਿਆਸੀ ਪਾਰਟੀਆਂ ਟਿਕਟ ਦੇ ਦਿੰਦੀਆਂ ਹਨ ਅਤੇ ਉਸਦੇ ਨਾਮਜ਼ਦਗੀ ਉੱਤੇ ਚੋਣ ਕਮਿਸ਼ਨ ਦੀ ਮੋਹਰ ਲੱਗ ਜਾਂਦੀ ਹੈ। ਨਰਿੰਦਰ ਮੋਦੀ ਜਦੋਂ 26 ਮਈ 2014 ਵਿੱਚ ਦੇਸ਼ ਦੇ ਪ੍ਰਧਾਨ ਮੰਤਰੀ ਬਣੇ ਸਨ ਤਾਂ ਉਹਨਾਂ ਪਾਰਲੀਮੈਂਟ ਵਿੱਚ ਇਹ ਗੱਲ ਗੱਜ-ਵੱਜ ਕੇ ਕਹੀ ਸੀ ਕਿ 'ਉਹ ਦੇਸ਼ ਦੀ ਪਾਰਲੀਮੈਂਟ ਵਿੱਚੋਂ ਅਪਰਾਧਿਕ ਪਿਛੋਕੜ ਵਾਲੇ ਲੋਕਾਂ ਤੋਂ ਸਮੁੱਚੀ ਸੰਸਦ ਨੂੰ ਮੁਕਤੀ ਦਿਵਾਉਣਗੇ।' ਪਰ ਆਪਣੇ 2014 ਤੋਂ 2026 ਤੱਕ ਦੇ ਰਾਜਕਾਲ 'ਚ ਏ.ਡੀ.ਆਰ. ਦੀ ਰਿਪੋਰਟ ਅਨੁਸਾਰ ਅਪਰਾਧਿਕ ਮਾਮਲਿਆਂ ਵਾਲੇ ਐੱਮ.ਪੀ. ਅਤੇ ਐੱਮ.ਐੱਲ.ਏ. ਦੀ ਹਕੀਕਤ ਇਹ ਹੈ ਕਿ ਮੌਜੂਦਾ ਲੋਕ ਸਭਾ, ਜੋ 2024 ਵਿੱਚ ਚੁਣੀ ਗਈ, ਕੁੱਲ 543 ਮੈਂਬਰਾਂ ਵਿੱਚੋਂ 251 (46%) ਉੱਤੇ ਅਪਰਾਧਿਕ ਮਾਮਲੇ ਹਨ, ਜਿਨ੍ਹਾਂ ਵਿੱਚ 170 ਉੱਤੇ ਗੰਭੀਰ ਅਪਰਾਧਿਕ ਮਾਮਲੇ ਹਨ, ਜਿਨ੍ਹਾਂ ਵਿੱਚ 151 ਇਹਨਾਂ ਕਾਨੂੰਨ-ਘਾੜਿਆਂ ਵਿਰੁੱਧ ਔਰਤਾਂ ਨਾਲ ਬਲਾਤਕਾਰ ਅਤੇ ਹੋਰ ਮਾਮਲਿਆਂ ਸੰਬੰਧੀ ਕੇਸ ਹਨ। ਦੇਸ਼ ਵਿੱਚ ਭਾਜਪਾ ਦੇ ਐੱਮ.ਪੀ. ਇਹਨਾਂ ਮਾਮਲਿਆਂ 'ਚ ਪਹਿਲੇ ਨੰਬਰ ਉੱਤੇ ਅਤੇ ਕਾਂਗਰਸ ਦੇ ਐੱਮ.ਪੀ. ਦੂਜੇ ਨੰਬਰ ਉੱਤੇ ਹਨ। ਇਹ ਅਪਰਾਧਿਕ ਮਾਮਲੇ ਅਦਾਲਤਾਂ ਵਿੱਚ ਭੁਗਤ ਰਹੇ ਹਨ।ਸਿਤਮ ਦੀ ਗੱਲ ਵੇਖੋ ਕਿ ਦੇਸ਼ ਦਾ ਰਾਜਭਾਗ ਚਲਾਉਣ ਵਾਲੇ ਕੇਂਦਰ ਅਤੇ ਰਾਜ ਸਰਕਾਰਾਂ ਦੇ ਕੁੱਲ ਮੰਤਰੀਆਂ ਵਿੱਚੋਂ 47 ਫ਼ੀਸਦੀ ਉੱਤੇ ਅਪਰਾਧਿਕ ਮਾਮਲੇ ਦਰਜ ਹਨ। ਇੱਕ ਏ.ਡੀ.ਆਰ. ਰਿਪੋਰਟ ਅਨੁਸਾਰ ਦੇਸ਼ ਦੇ 643 ਮੰਤਰੀਆਂ, ਜਿਨ੍ਹਾਂ ਵਿੱਚ ਕੇਂਦਰ ਅਤੇ 27 ਸੂਬਾ ਅਸੈਂਬਲੀ ਦੇ ਕੁੱਲ ਮੰਤਰੀਆਂ ਵਿੱਚੋਂ 302 (47%) ਵਿਰੁੱਧ ਅਪਰਾਧਿਕ ਅਦਾਲਤੀ ਕੇਸ ਹਨ, ਜਿਨ੍ਹਾਂ ਵਿੱਚ 174 (27 ਫ਼ੀਸਦੀ) ਮੰਤਰੀਆਂ ਵਿਰੁੱਧ ਗੰਭੀਰ ਦੋਸ਼ ਹਨ।ਦਾਗ਼ੀ ਸਿਆਸਤਦਾਨਾਂ ਦੇ ਕੇਸਾਂ ਦੀ ਸੁਣਵਾਈ ਲਈ ਵਿਸ਼ੇਸ਼ ਅਦਾਲਤਾਂ ਦਾ ਗਠਨ ਸੁਪਰੀਮ ਕੋਰਟ ਵੱਲੋਂ ਕੀਤਾ ਗਿਆ ਹੈ, ਪਰ ਅਨੇਕਾਂ ਕੇਸਾਂ ਵਿੱਚ ਫ਼ੈਸਲਾ ਸਾਲਾਂ ਬਾਅਦ ਆਉਂਦਾ ਹੈ ਅਤੇ ਇਹ ਨੇਤਾ ਆਪਣੇ ਅਹੁਦਿਆਂ ਉੱਤੇ ਕਾਇਮ ਰਹਿੰਦੇ ਹਨ।

ਕਈ ਵਾਰ ਤਾਂ ਪੁਲਿਸ ਅਤੇ ਪ੍ਰਸ਼ਾਸਨ ਦੇ ਗੱਠਜੋੜ ਦੇ ਕਾਰਨ ਸਮੇਂ-ਸਿਰ ਜਾਂਚ ਹੀ ਪੂਰੀ ਨਹੀਂ ਕੀਤੀ ਜਾਂਦੀ ਅਤੇ ਸਿਆਸੀ ਦਲ ਆਪਣੇ ਇਹਨਾਂ ਨੇਤਾਵਾਂ ਦਾ ਅਪਰਾਧਿਕ ਪਿਛੋਕੜ ਲੋਕਾਂ ਸਾਹਮਣੇ ਵਿਖਾਉਂਦੇ ਹੀ ਨਹੀਂ।

ਹਾਲਾਂਕਿ ਭਾਰਤੀ ਚੋਣ ਆਯੋਗ ਚੋਣ ਲੜਨ ਵਾਲੇ ਇਹੋ-ਜਿਹੇ ਉਮੀਦਵਾਰਾਂ ਨੂੰ ਇਸ ਕਿਸਮ ਦੇ ਵੇਰਵੇ ਪ੍ਰੈੱਸ ਵਿੱਚ ਦਰਸਾਉਣ ਦੀ ਹਦਾਇਤ ਕਰਦਾ ਹੈ।ਅਪਰਾਧਿਕ ਪਿਛੋਕੜ ਵਾਲੇ ਇਹ ਨੇਤਾ, ਧੱਕੇ-ਧੌਂਸ ਦੀ ਸਿਆਸਤ ਕਰਦਿਆਂ ਸਰਕਾਰੀ ਮਸ਼ੀਨਰੀ ਦੀ ਵਰਤੋਂ ਕਰਨ ਲਈ ਪੈਸੇ ਅਤੇ ਬਾਹੂਬਲ ਦੀ ਵਰਤੋਂ ਕਰਨ ਤੱਕ ਵੀ ਜਾਂਦੇ ਹਨ। ਹਾਲਾਂਕਿ ਭਾਰਤ ਦੀ ਸਰਬ ਉੱਚ ਅਦਾਲਤ ਸੁਪਰੀਮ ਕੋਰਟ ਨੇ ਇਹਨਾਂ ਮਾਮਲਿਆਂ ਸੰਬੰਧੀ ਗੰਭੀਰ ਫ਼ੈਸਲੇ ਲਏ ਹਨ। ਤੇਜ਼ ਗਤੀ ਵਾਲੀਆਂ ਅਦਾਲਤਾਂ ਦਾ ਗਠਨ ਕੀਤਾ ਹੈ, ਤਾਂ ਕਿ ਇਹਨਾਂ ਕੇਸਾਂ ਦਾ ਹਾਈਕੋਰਟਾਂ ਰਾਹੀਂ ਬਕਾਇਦਾ ਮੁਲਾਂਕਣ ਕਰਨ ਉਪਰੰਤ ਫ਼ੈਸਲੇ ਲਏ ਜਾਣ ਅਤੇ ਉਹਨਾਂ ਐੱਮ.ਪੀ. ਜਾਂ ਵਿਧਾਇਕਾਂ ਨੂੰ ਆਪਣੇ ਅਹੁਦਿਆਂ ਤੋਂ ਬਰਖ਼ਾਸਤ ਕੀਤਾ ਜਾ ਸਕੇ। ਪਰ ਇਸ ਸੰਬੰਧੀ ਅੱਗੋਂ ਕਾਰਵਾਈ ਚਿੰਤਾ ਦਾ ਵਿਸ਼ਾ ਹੈ।ਸਿਆਸਤ ਵਿੱਚ ਜਦੋਂ ਤੋਂ ਬਾਹੂਬਲ ਅਤੇ ਧਨ ਦੀ ਵਰਤੋਂ ਲੋਕਾਂ ਨੂੰ ਪ੍ਰਭਾਵਿਤ ਕਰਨ ਲਈ ਵਧੀ ਹੈ, ਚੋਣਾਂ ਜਿੱਤਣ ਲਈ ਇਸ ਦੀ ਵਰਤੋਂ ਲਗਭਗ ਸਾਰੀਆਂ ਪਾਰਟੀਆਂ ਕਰਨ ਲੱਗੀਆਂ ਹਨ ਤਾਂ ਕਿ ਸੱਤਾ ਹਥਿਆਈ ਜਾ ਸਕੇ। ਸਿਆਸੀ ਪਾਰਟੀਆਂ ਦੀ ਪਹਿਲ ਹੁਣ ਲੋਕ ਸੇਵਾ ਨਹੀਂ ਰਹੀ, ਸਗੋਂ "ਚੋਣ ਜਿੱਤ" ਤੱਕ ਸੀਮਤ ਹੋ ਗਈ ਹੈ, ਕਿਉਂਕਿ ਦੇਸ਼ ਵਿੱਚ ਜਾਤ ਅਤੇ ਧਰਮ ਦੇ ਆਧਾਰ ਉੱਤੇ ਵੋਟ ਬੈਂਕ ਹਥਿਆਏ ਜਾ ਰਹੇ ਹਨ। ਇਸੇ ਕਰਕੇ "ਤਾਕਤਵਰ" ਉਮੀਦਵਾਰ ਅੱਗੇ ਆ ਰਹੇ ਹਨ, ਜਿਹੜੇ ਕਾਲੇ ਧਨ ਦੀ ਖੁੱਲ੍ਹੇਆਮ ਵਰਤੋਂ ਕਰਦੇ ਹਨ। ਇਹਨਾਂ ਪਿੱਛੇ ਗੈਂਗ ਜੁੜੇ ਹਨ ਅਤੇ ਲੋੜ ਵੇਲੇ ਤਾਕਤ ਦੀ ਵਰਤੋਂ ਕਰਦੇ ਹਨ।ਦੇਸ਼ ਦੇ ਪੇਂਡੂ ਅਤੇ ਪਿਛੜੇ ਖੇਤਰਾਂ ਵਿੱਚ ਇਹਨਾਂ ਉਮੀਦਵਾਰਾਂ ਦੇ ਅਪਰਾਧਿਕ ਪਿਛੋਕੜ ਦੀ ਗੱਲ ਨਹੀਂ ਪੁੱਜਦੀ, ਜੇਕਰ ਪੁੱਜਦੀ ਵੀ ਹੈ ਤਾਂ ਸਿਆਸੀ ਧਿਰਾਂ ਇਸਦਾ ਕੋਈ ਨਾ ਕੋਈ ਤੋੜ ਲੱਭ ਕੇ "ਪੈਸੇ" ਦੀ ਵਰਤੋਂ ਕਰਕੇ ਵੋਟਰਾਂ ਨੂੰ ਭਰਮਾ ਲੈਂਦੀਆਂ ਹਨ ਜਾਂ ਡਰਾ ਲੈਂਦੀਆਂ ਹਨ।ਧਨ ਅਤੇ ਬਲ ਦੀ ਵਰਤੋਂ ਸਿਰਫ਼ ਸਿਆਸਤ ਵਿੱਚ ਹੀ ਨਹੀਂ, ਸਮੁੱਚੇ ਸਮਾਜ ਵਿੱਚ ਫੈਲ ਰਹੀ ਹੈ, ਜਿਸ ਨਾਲ ਸਿਆਸਤ ਵਿੱਚ ਤਾਨਾਸ਼ਾਹੀ ਅਤੇ ਸਮਾਜ ਵਿੱਚ ਧੱਕੇਸ਼ਾਹੀ ਅਤੇ ਬਾਹੂਬਲ ਸਿਖਰਾਂ ਛੋਹ ਰਿਹਾ ਹੈ। ਚੋਣਾਂ 'ਚ ਸਿਆਸੀ ਧੱਕਾ ਤੇ ਪੈਸੇ ਦੀ ਵਰਤੋਂ ਚੋਣਾਵੀਂ ਬਾਂਡ (ਇਲੈਕਟੋਰਲ ਬੌਂਡਜ਼) ਨੇ ਵਧਾਈ, ਕਿਉਂਕਿ ਵੱਡੇ ਕਾਰਪੋਰੇਟ ਅਸਿੱਧੇ ਨਹੀਂ ਸਗੋਂ ਸਿੱਧੇ ਤੌਰ 'ਤੇ ਇਸ 'ਚ ਆਪਣਾ "ਹਿੱਸਾ", "ਯੋਗਦਾਨ" ਪਾਉਣ ਲੱਗੇ ਅਤੇ ਸਮਾਜ, ਵਪਾਰ, ਸਿਆਸਤ ਨੂੰ ਪ੍ਰਭਾਵਿਤ ਕਰਨ ਲੱਗੇ। ਉਹਨਾਂ ਦੀ ਪਹੁੰਚ "ਦੰਭੀ ਸਿਆਸਤਦਾਨਾਂ" ਤੱਕ ਵਧੀ ਅਤੇ ਉਹਨਾਂ ਦੇਸ਼ ਦੀ ਸਿਆਸਤ ਨੂੰ ਪ੍ਰਭਾਵਿਤ ਕਰਨ ਅਤੇ ਆਪਣੇ ਅਨੁਸਾਰ ਨੀਤੀਆਂ ਬਣਾਉਣ ਲਈ ਇਸ ਹਥਿਆਰ ਦੀ ਵਰਤੋਂ ਪਹਿਲਾਂ ਚੁੱਪ-ਚਾਪ ਅਤੇ ਹੁਣ ਸਿੱਧੇ ਤੌਰ 'ਤੇ ਕਰਨੀ ਸ਼ੁਰੂ ਕੀਤੀ ਹੋਈ ਹੈ ਅਤੇ ਦੇਸ਼ ਦੇ ਹਰ ਅਦਾਰੇ ਤੱਕ ਪਹੁੰਚ ਵਧਾਈ ਹੋਈ ਹੈ।ਜਦੋਂ ਤੱਕ ਸਿਆਸੀ ਧਿਰਾਂ ਸਾਫ਼ ਦਿੱਖ ਅਤੇ ਲੋਕ-ਹਿਤੈਸ਼ੀ ਪਹੁੰਚ ਵਾਲੇ ਲੋਕਾਂ ਨੂੰ ਅੱਗੇ ਨਹੀਂ ਲਿਆਉਂਦੀਆਂ, ਉਦੋਂ ਤੱਕ ਇਸ "ਕਾਲੇ ਕਾਰੋਬਾਰ-ਕਾਲੇ ਬਜ਼ਾਰ" ਉੱਤੇ ਕਾਬੂ ਪਾਉਣਾ ਔਖਾ ਹੈ।

ਸਮੇਂ ਦੀ ਲੋੜ ਹੈ ਕਿ ਕਾਇਦੇ-ਕਾਨੂੰਨ ਅਨੁਸਾਰ ਅਪਰਾਧਿਕ ਮਾਮਲੇ ਦਰਜ ਹੋਣ ਉੱਤੇ ਦਾਗ਼ੀ ਨੇਤਾਵਾਂ ਨੂੰ ਚੋਣ ਲੜਨ ਤੋਂ ਰੋਕਿਆ ਜਾਣਾ ਚਾਹੀਦਾ ਹੈ। ਇਹ ਸਾਫ਼-ਸੁਥਰੀ ਰਾਜਨੀਤੀ ਲਈ ਜ਼ਮੀਨ ਤਿਆਰ ਕਰਨ ਦੀ ਦਿਸ਼ਾ ਵੱਲ ਵੱਡਾ ਕਦਮ ਸਾਬਤ ਹੋ ਸਕਦਾ ਹੈ। ਅੱਜ ਭਾਰਤੀ ਲੋਕਤੰਤਰ ਵਿੱਚ ਪਾਰਦਰਸ਼ਤਾ ਅਤੇ ਜਵਾਬਦੇਹੀ ਸਮੇਂ ਦੀ ਲੋੜ ਹੈ, ਜਿਸ ਤੋਂ ਲਗਭਗ ਸਮੁੱਚੀਆਂ ਸਿਆਸੀ ਪਾਰਟੀਆਂ ਪਿੱਠ ਕਰੀ ਬੈਠੀਆਂ ਹਨ। ਜੇਕਰ ਇਸ ਰੁਝਾਨ ਨੂੰ ਸਮੇਂ ਸਿਰ ਨਹੀਂ ਰੋਕਿਆ ਗਿਆ, ਤਾਂ ਉਹ ਦਿਨ ਦੂਰ ਨਹੀਂ ਜਦੋਂ ਲੋਕਤੰਤਰ ਸਿਰਫ਼ ਕਾਗਜ਼ੀ ਪ੍ਰਣਾਲੀ ਬਣ ਕੇ ਰਹਿ ਜਾਵੇਗਾ। ਲੋੜ ਹੈ ਕਿ ਸਿਆਸੀ ਪਾਰਟੀਆਂ ਆਪਣੀ ਜ਼ਿੰਮੇਵਾਰੀ ਸਮਝਣ, ਚੋਣ ਪ੍ਰਣਾਲੀ ਵਿੱਚ ਪਾਰਦਰਸ਼ਤਾ ਲਿਆਈ ਜਾਵੇ ਅਤੇ ਜਨਤਾ ਵੀ ਸਚੇਤ ਹੋ ਕੇ ਸਹੀ ਉਮੀਦਵਾਰਾਂ ਦੀ ਚੋਣ ਕਰੇ। ਕਿਉਂਕਿ ਆਖ਼ਿਰਕਾਰ, ਲੋਕਤੰਤਰ ਦੀ ਅਸਲੀ ਤਾਕਤ ਜਾਗਰੂਕ ਵੋਟਰ ਹੀ ਹੁੰਦਾ ਹੈ।

# ਸਿਵਲ ਕੋਰਟ ਬਾਬਾ ਬਕਾਲਾ ਸਾਹਿਬ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਰਜਿਸਟਰਾਰ ਵਾਇਸ ਚਾਂਸਲਰ ਅਤੇ ਹੋਰਨਾਂ ਨੂੰ 24 ਮਾਰਚ ਲਈ ਪੇਸ਼ ਹੋਣ ਲਈ ਕੀਤਾ ਨੋਟਿਸ ਜਾਰੀ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ

ਮਿਸ ਰਮਨਦੀਪ ਕੌਰ ਸਿਵਲ ਜੱਜ ਬਾਬਾ ਬਕਾਲਾ ਵੱਲੋ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਰਜਿਸਟਰਾਰ, ਵਾਇਸ ਚਾਂਸਲਰ, ਪ੍ਰੋਫੈਸਰ ਮੀਨੂੰ ਵਰਮਾ ਅਤੇ ਪ੍ਰੋਫੈਸਰ ਅਰਵਿੰਦਕਾ ਚੌਧਰੀ ਅਤੇ ਹੋਰਨਾਂ ਨੂੰ 24 ਮਾਰਚ ਨੂੰ ਅਦਾਲਤ ਵਿੱਚ ਪੇਸ਼ ਹੋਣ ਲਈ ਹੁਕਮ ਜਾਰੀ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਅੱਜ ਬਾਬਾ ਬਕਾਲਾ ਸਾਹਿਬ ਵਿੱਖੇ ਆਯੋਜਤ ਪ੍ਰੈਸ ਕਾਨਫਰੰਸ ਦੌਰਾਨ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵਿੱਚ ਲਾਅ ਵਿਭਾਗ ਵਿੱਚ ਪੜਦੇ ਇੱਕ ਵਿਦਿਆਰਥੀ ਅਮਰਵੀਰ ਸਿੰਘ ਨੇ ਦੱਸਿਆ ਕਿ ਉਸ ਨੂੰ ਲਾਅ ਵਿਭਾਗ ਦੇ ਕੁਝ ਪ੍ਰੋਫੈਸਰਾਂ ਪ੍ਰੋਫੈਸਰ ਮੀਨੂੰ ਵਰਮਾ , ਪ੍ਰੋਫੈਸਰ ਅਰਵਿੰਦਕਾ ਚੋਧਰੀ,ਪ੍ਰੋਫੈਸਰ ਪੁਸ਼ਪਾ ਦੇਵੀ,ਕਲਰਕ ਰਜਿੰਦਰ ਸਿੰਘ ਵਗੈਰਾ ਵੱਲੋ ਜਾਣਬੁੱਝ ਕੇ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਸੀ ਅਤੇ ਉਸ ਨੂੰ ਜਾਣਬੁੱਝ ਕੇ ਪੇਪਰਾ ਵਿੱਚ ਪੂਰੇ ਨੰਬਰ ਨਹੀ ਦਿੱਤੇ ਜਾ ਰਹੇ ਸਨ।ਜਦ ਉਸ ਨੇ ਪੇਪਰਾ ਦੀ ਦੁਬਾਰਾ ਰੀਵੈਲੂਏਸ਼ਨ ਪਾਈ ਤਾ ਉਸ ਦੇ ਕਈ ਪੇਪਰਾ ਵਿੱਚ 19 ਤੋ ਲੈ ਕੇ 34 ਨੰਬਰਾ ਤੱਕ ਵੱਧ ਜਾਦੇ ਰਹੇ।

ਜਿਸ ਕਾਰਨ ਵਿਦਿਆਰਥੀ ਨੂੰ ਬਹੁਤ ਹੀ ਮਾਨਸਿਕ ਪ੍ਰੇਸ਼ਾਨੀ ਹੋਈ। ਇਹ ਮਾਮਲਾ ਕਈ ਵਾਰ ਯੂਨੀਵਰਸਿਟੀ ਦੇ ਵਾਇਸ ਚਾਸ਼ਲਰ ਅਤੇ ਹੋਰ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਦਾ ਗਿਆ ਤਾ ਪ੍ਰੋਫੈਸਰ ਮੀਨੂੰ ਵਰਮਾ ਨੇ ਉਸ ਨੂੰ ਬੁਲਾ ਕੇ ਉਸ ਨਾਲ ਵਾਇਦਾ ਕੀਤਾ ਕਿ ਉਸ ਨਾਲ ਅਜਿਹਾ ਦੁਬਾਰਾ ਨਹੀ ਹੋਵੇਗਾ ਪਰ ਉਕਤ ਪ੍ਰੋਫੈਸਰਾ ਅਤੇ ਇੰਨ੍ਹਾ ਦੇ ਕੁਝ ਸਾਥੀਆ ਨੇ ਹੋਰ ਨਜਾਇਜ ਤੰਗ ਪ੍ਰੇਸ਼ਾਨ ਕਰਨਾ ਸੁਰੂ ਕਰ ਦਿੱਤਾ ਅਤੇ ਜਾਣਬੁੱਝ ਕੇ ਉਸ ਦਾ ਨਤੀਜਾ ਯੂਨੀਵਰਸਿਟੀ ਦੇ ਵੈਬਸਾਈਡ ਤੇ ਅੱਪਲੋਡ ਨਹੀ ਕੀਤਾ ਜਾਦਾ ਸੀ।

ਅਮਰਵੀਰ ਸਿੰਘ ਨੇ ਦੱਸਿਆ ਕਿ ਨਵੰਬਰ 2024 ਵਿੱਚ ਚੱਲਦੇ ਪੇਪਰਾ ਦੌਰਾਨ ਪ੍ਰੋਫੈਸਰ ਬਿਮਲਦੀਪ ਸਿੰਘ ਨੇ ਇੱਕ ਸਿੱਖ ਵਿਦਿਆਰਥੀ ਦੀ ਦਸਤਾਰ ਲਾਹੁਣ ਦੀ ਕੋਸ਼ਿਸ਼ ਕੀਤੀ ਅਤੇ ਜਦ ਉਸ ਸਿੱਖ ਨੌਜਵਾਨ ਨੇ ਵਿਰੋਧ ਕੀਤਾ ਤਾ ਇਹ ਪ੍ਰੋਫੈਸਰ ਚੱਲਦੇ ਪੇਪਰ ਦੌਰਾਨ ਕਹਿਣ ਲੱਗ ਪਿਆ ਕਿ ਮੈ ਸਾਰਿਆ ਦੀ ਪੱਗਾ ਲਾਹੁਣੀਆ ਹਨ ਤਾ ਮੈ ਵੀ ਇਸ ਗੱਲ ਦਾ ਵਿਰੋਧ ਕੀਤਾ ।ਜਿਸ ਤੇ ਉਕਤ ਪ੍ਰੋਫੈਸਰ ਭੜਕ ਗਿਆ ਅਤੇ ਉਸ ਨੇ ਯੂਨੀਵਰਸਿਟੀ ਵਿੱਚ ਪੁਲਿਸ ਬੁਲਾ ਲਈ।ਇਹ ਮਾਮਲਾ ਅਕਾਲ ਤਖਤ ਤੱਕ ਪਹੁੰਚ ਗਿਆ ਅਤੇ ਜਥੇਦਾਰ ਵੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿੱਚ ਪਹੁੰਚ ਗਏ।

ਜਿੱਥੇ ਉਕਤ ਪ੍ਰੋਫੈਸਰ ਨੇ ਪੁਲਿਸ ਅਤੇ ਜਥੇਦਾਰਾ ਦੀ ਹਾਜਰੀ ਵਿੱਚ ਆਪਣੀ ਗਲਤੀ ਮੰਨੀ ਅਤੇ ਮਾਮਲਾ ਉੱਥੇ ਹੀ ਸ਼ਾਤ ਹੋ ਗਿਆ।ਇਸੇ ਰੰਜਸਬਾਜੀ ਕਾਰਨ ਉਕਤ ਪ੍ਰੋਫੈਸਰਾ ਨੇ ਆਪਸੀ ਮਿਲੀਭੁਗਤ ਕਰਕੇ ਉਸ ਦਾ ਨਤੀਜਾ ਸਮੇ ਸਿਰ ਘੋਸ਼ਿਤ ਨਹੀ ਕੀਤਾ ਅਤੇ ਉਸ ਨੂੰ 5ਵੇ ਸਮੈਸਟਰ ਵਿੱਚ ਪਰਮੋਟ ਨਹੀ ਕਰ ਰਹੇ ਸਨ ਜਦ ਕਿ ਦੂਜੇ ਸਾਰੇ ਵਿਦਿਆਰਥੀਆ ਨੂੰ 5ਵੇ ਸਮੈਸਟਰ ਵਿੱਚ ਪਰਮੋਟ ਕਰ ਦਿੱਤਾ ਗਿਆ ।ਮੈ ਆਪਣੇ ਪਰੀਵਾਰਿਕ ਮੈਬਰਾ ਅਤੇ ਪਿੰਡ ਬਿਆਸ ਦੇ ਸਰਪੰਚ ਨੂੰ ਨਾਲ ਲੈ ਕੇ ਪ੍ਰੋਫੈਸਰ ਮੀਨੂੰ ਵਰਮਾ ਅਤੇ ਹੋਰ ਉੱਚ ਅਧਿਕਾਰੀਆ ਨੂੰ ਮਿਲਿਆ।

ਜਿਸ ਤੋ ਬਾਅਦ ਲਾਅ ਵਿਭਾਗ ਨੇ ਮੈਨੂੰ ਵੀ ਪਵੇ ਸਮੈਸਟਰ ਵਿੱਚ ਪ੍ਰਮੋਟ ਕਰ ਦਿੱਤਾ ਅਤੇ ਮੇਰੇ ਕੋਲੋ 55335 ਰੁਪੈ ਫੀਸ ਵੀ ਜਮਾ ਕਰਵਾ ਲਈ ਪਰ ਮੈਨੂੰ 5ਵੇ ਸਮੈਸਟਰ ਦੇ ਪੇਪਰ ਦੇਣ ਲਈ ਰੋਲ ਨੰਬਰ ਜਾਰੀ ਨਹੀ ਕੀਤਾ ਜਾ ਰਿਹਾ ਸੀ। ਜਿਸ ਸਬੰਧੀ ਮੈ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਚੰਡੀਗੜ ਵਿੱਚ ਰਿਟ ਦਾਇਰ ਕੀਤਾ ਅਤੇ ਆਪਣੀਆ ਉਤਰ ਪਰਚੀਆ ਅਤੇ ਹੋਰ ਵੇਰਵਿਆ ਦਾ ਰਿਕਾਰਡ ਲੈਣ ਲਈ ਸੂਚਨਾ ਦੇ ਅਧਿਕਾਰੀ ਕਾਨੂੰਨ ਤਹਿਤ ਪਰ ਯੂਨੀਵਰਸਿਟੀ ਵੱਲੋ ਮੈਨੂੰ ਮੇਰਾ ਰਿਕਾਰਡ ਜਾਣਬੁੱਝ ਕੇ ਨਹੀ ਦਿੱਤਾ।

ਜਿਸ ਸਬੰਧੀ ਮੇਰੀ ਅਪੀਲ ਸੂਚਨਾ ਕਮਿਸ਼ਨਰ ਪੰਜਾਬ ਕੋਲ ਮਿਤੀ 9 ਜੂਨ 2026 ਨੂੰ ਸੁਣਵਾਈ ਅਧੀਨ ਹੈ ਅਤੇ ਮੇਰੇ ਵੱਲੋ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਪਾਈ ਰੀਵਿਓ ਪਟੀਸ਼ਨ ਆਰ.ਏ.ਸੀ ਡਬਲਯੂ 103 ਆਫ 2026 ਵਿੱਚ ਵੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਨੂੰ ਮਿਤੀ 17-4-2026 ਨੂੰ ਪੇਸ਼ ਹੋਣ ਲਈ ਨੋਟਿਸ ਹੋਇਆ ਹੈ।ਅਮਰਵੀਰ ਸਿੰਘ ਨੇ ਹੋਰ ਦੱਸਿਆ ਕਿ ਜਦ ਉਸ ਨੂੰ ਪਤਾ ਲੱਗਾ ਕਿ ਉਕਤ ਪ੍ਰੋਫੈਸਰ ਆਪਸੀ ਮਿਲੀਭੁਗਤ ਨਾਲ ਉਸ ਦਾ ਅਕੈਡਮਿਕ ਰਿਕਾਰਡ ਅਤੇ ਜੋ ਰਿਕਾਰਡ ਉਸ ਨੇ ਸੂਚਨਾ ਦੇ ਅਧਿਕਾਰ ਕਾਨੂੰਨ ਤਹਿਤ ਯੂਨੀਵਰਸਿਟੀ ਤੋ ਮੰਗਿਆ ਸੀ ਉਸ ਨੂੰ ਨਸ਼ਟ ਕਰਨ ਦੀ ਕੋਸ਼ਿਸ਼ ਕਰ ਰਹੇ ਤਾ ਉਸ ਨੇ ਮਾਣਯੋਗ ਸਿਵਲ ਕੋਰਟ ਬਾਬਾ ਬਕਾਲਾ ਸਾਹਿਬ ਵਿੱਚ ਮਨਡੈਟਰੀ ਇੰਨਜੈਕਸ਼ਨ ਅਤੇ ਸਟੇਅ ਦੀ ਅਰਜੀ ਦਾਇਰ ਕੀਤੀ।

ਜਿਸ ਤੇ ਗੋਰ ਕਰਦਿਆ ਮਾਣਯੋਗ ਮਿਸ ਰਮਨਦੀਪ ਕੌਰ ਸਿਵਲ ਜੱਜ ਬਾਬਾ ਬਕਾਲਾ ਸਾਹਿਬ ਨੇ ਯੂਨੀਵਰਸਿਟੀ ਦੇ ਵਾਇਸ ਚਾਸਚਰ, ਰਜਿਸਟਰਾਰ, ਪ੍ਰੋਫੈਸਰ ਮੀਨੂੰ ਵਰਮਾ, ਪ੍ਰੋਫੈਸਰ ਅਰਵਿੰਦਕਾ ਚੋਧਰੀ ਅਤੇ ਹੋਰਨਾ ਨੂੰ ਮਿਤੀ 24 ਮਾਰਚ ਨੂੰ ਅਦਾਲਤ ਵਿੱਚ ਪੇਸ਼ ਹੋਣ ਲਈ ਨੋਟਿਸ ਜਾਰੀ ਕੀਤੇ ਹਨ ਅਤੇ ਯੂਨੀਵਰਸਿਟੀ ਨੂੰ ਉਸ ਦਾ ਅਕੈਡਮਿਕ ਰਿਕਾਰਡ ਨਸ਼ਟ ਕਰਨ ਤੋ ਰੋਕ ਦਿੱਤਾ ਹੈ।


SUNSHINE AUTO CARE INC
WE REPAIR ALL"
AUTO • DIESEL TRUCKS • TRAILERS
All Makes & Models
FULL SERVICE AUTO & DIESEL REPAIR
Engine Diagnostics
Brake Service
Engine Diagnostics
Brake Service
Suspension & Steering
Diesel Truck Repair
Trailer Repair
Reliable • Professional • Fast Service
1003 MOFFAT BLVD.• MANTECA, CA 95336
209-239-1551


ਰੋਜਮਾਰਰਾ ਦੀ ਜ਼ਰੂਰਤ ਦਾ ਹਰ ਸਾਮਾਨ ਮਿਲੇਗਾ ਇਕ ਹੀ ਜਗਾਹ ਤੇ
Indian & Fijian
Grocery Store
HOURS
10a.m - 8p.m
(209) 486-8233
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ,ਪਾਕਿਸਤਾਨੀ ਤੇ ਫਿਜੀਆਨਾ ਗਰੋਸਰੀ
NOW OPEN
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਹਰ ਤਰ੍ਹਾਂ ਦੇ ਸਜਾਵਟ ਦਾ ਸਮਾਨ |
Ria
Money Transfer
INDIA ਪੈਸੇ ਭੇਜਣ ਲਈ RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Address : 2015 Yosemite Blvd. Modesto CA
Website : www.indianfijianstore.wixsite.com/my-site-1
@indianfijiangrocery
ਸਾਡੇ ਦੂਜੇ ਸਟੋਰ ਦਾ ਪਤਾ
NAV INDIAN MERCHANDISE GROCERY STORE
3230 MITCHELL ROAD, STE, C, CERES, CA 95307

# JK TYRE INC

JK TYRE
TOTAL CONTROL

**KTD10-LEAO**
Radial Truck Tire (Long Haul)



295/75R22.5
$2600

With Installation
Singh: 510-766-9382

**JK JETSTEEL JDH**

SPECIAL OFFER !!



DRIVE TIRE
11R22.5-

With Installation
Singh: 510-766-9382

**Firestone FS591**

SPECIAL OFFER !!

STEER TIRE
295/75R22.5

With Installation
Singh: 510-766-9382



11R22.5

With Installation
Singh: 510-766-9382

**Sizes available in drive & trailer**

295/75/22.5
11r/22.5
11r/24.5
255/70/22.5
315/80/22.5
425/65/22.5

**JETWAY JTH 1**

SPECIAL OFFER !!



TRAILER TIRE
11R22.5-
11R24.5-

With Installation
Singh: 510-766-9382

**JETWAY JTH SD**

SPECIAL OFFER !!



TRAILER TIRE
295/75R22.5-

With Installation
Singh: 510-766-9382

**JK JETSTEEL JDL2**

SPECIAL OFFER !!



DRIVE TIRE
11R22.5-
11R24.5-
295/75R22.5-

With Installation
Singh: 510-766-9382



FALKEN TIRES · GOODYEAR · KELLY TIRES · BARKLEY Feel the difference · PIRELLI
MICHELIN A better way forward · BRIDGESTONE · Firestone · YOKOHAMA
PEARLY · NAMA · TOYO TIRES driven to perform · Continental · DUNLOP TIRES

# S. Singh Cell: (510) 766-9382

## 2955 N. Wilson Way Stockton , CA 95205

# ਸਕੂਲੀ ਪਾਠਕ੍ਰਮ



ਸੁਰਿੰਦਰਪਾਲ ਸਿੰਘ
ਸ੍ਰੀ ਅੰਮ੍ਰਿਤਸਰ ਸਾਹਿਬ

ਸਿੱਖਿਆ ਮਨੁੱਖ ਅਤੇ ਸਮਾਜ ਦੇ ਨਿਰਮਾਣ ਦਾ ਸਭ ਤੋਂ ਤਾਕਤਵਰ ਸਾਧਨ ਹੈ। ਹਰ ਸਿੱਖਿਆ ਪ੍ਰਣਾਲੀ ਦੇ ਕੇਂਦਰ ਵਿੱਚ ਸਕੂਲੀ ਪਾਠਕ੍ਰਮ ਹੁੰਦਾ ਹੈ, ਜੋ ਇਹ ਨਿਰਧਾਰਤ ਕਰਦਾ ਹੈ ਕਿ ਵਿਦਿਆਰਥੀ ਸਕੂਲਾਂ ਵਿੱਚ ਕੀ ਕੁਝ ਸਿੱਖਣਗੇ। ਪਾਠਕ੍ਰਮ ਵਿਦਿਆਰਥੀਆਂ ਦੀ ਪੜ੍ਹਾਈ ਦੌਰਾਨ ਪੜ੍ਹਾਏ ਜਾਣ ਵਾਲੇ ਵਿਸ਼ੇ, ਗਤੀਵਿਧੀਆਂ, ਪੜ੍ਹਾਉਣ ਦੇ ਤਰੀਕੇ ਅਤੇ ਸਿੱਖਣ ਦੇ ਨਤੀਜ਼ਿਆਂ ਦਾ ਇਕ ਸੁਚੱਜਾ ਢਾਂਚਾ ਹੁੰਦਾ ਹੈ। ਇੱਕ ਸੁਚੱਜਾ ਅਤੇ ਸੰਤੁਲਿਤ ਪਾਠਕ੍ਰਮ ਸਿਰਫ਼ ਗਿਆਨ ਹੀ ਨਹੀਂ ਦਿੰਦਾ, ਸਗੋਂ ਉਹ ਜੀਵਨ ਲਈ ਲੋੜੀਂਦੇ ਹੁਨਰ, ਮੁੱਲ ਅਤੇ ਸੋਚ ਵੀ ਵਿਕਸਿਤ ਕਰਦਾ ਹੈ।

ਆਧੁਨਿਕ ਸਮੇਂ ਵਿੱਚ ਜਦੋਂ ਦੁਨੀਆ ਤੇਜ਼ੀ ਨਾਲ ਬਦਲ ਰਹੀ ਹੈ, ਤਦ ਇੱਕ ਸੰਤੁਲਿਤ ਅਤੇ ਯਥਾਰਥਕ ਸਕੂਲੀ ਪਾਠਕ੍ਰਮ ਦੀ ਮਹੱਤਤਾ ਹੋਰ ਵੀ ਵੱਧ ਗਈ ਹੈ। ਇਹ ਨੌਜਵਾਨ ਮਨਾਂ ਨੂੰ ਸਮਾਜਿਕ, ਤਕਨੀਕੀ ਅਤੇ ਆਰਥਿਕ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਤਿਆਰ ਕਰਦਾ ਹੈ।

ਸਕੂਲੀ ਪਾਠਕ੍ਰਮ ਦੀ ਪਰਿਭਾਸ਼ਾ

ਸਕੂਲੀ ਪਾਠਕ੍ਰਮ ਉਹ ਸੁਚੰਗੀ ਤਰ੍ਹਾਂ ਤਿਆਰ ਕੀਤਾ ਗਿਆ ਵਿਸ਼ਿਆਂ, ਪਾਠਾਂ, ਸਿੱਖਣ ਦੇ ਤਜ਼ਰਬਿਆਂ ਅਤੇ ਸਿੱਖਿਅਕ ਗਤੀਵਿਧੀਆਂ ਦਾ ਸਮੂਹ ਹੈ, ਜੋ ਵਿਦਿਆਰਥੀ ਆਪਣੀ ਸਕੂਲੀ ਪੜ੍ਹਾਈ ਦੌਰਾਨ ਪੜ੍ਹਦੇ ਹਨ।

ਇਸ ਵਿੱਚ ਸ਼ਾਮਲ ਹੁੰਦੇ ਹਨ

- ਗਣਿਤ, ਵਿਗਿਆਨ, ਭਾਸ਼ਾਵਾਂ ਅਤੇ ਸਮਾਜਿਕ ਅਧਿਐਨ ਵਰਗੇ ਅਕਾਦਮਿਕ ਵਿਸ਼ੇ
- ਖੇਡਾਂ, ਕਲਾ, ਸੰਗੀਤ ਅਤੇ ਵਿਚਾਰ-ਵਟਾਂਦਰੇ ਵਰਗੀਆਂ ਸਹਿ-ਪਾਠਕ੍ਰਮ ਗਤੀਵਿਧੀਆਂ
- ਜੀਵਨ ਕੌਸ਼ਲ ਅਤੇ ਮੁੱਲ ਸਿੱਖਿਆ
- ਪੜ੍ਹਾਉਣ ਦੇ ਤਰੀਕੇ ਅਤੇ ਮੁਲਾਂਕਣ ਪ੍ਰਣਾਲੀਆਂ

ਸਾਧਾਰਣ ਸ਼ਬਦਾਂ ਵਿੱਚ ਕਿਹਾ ਜਾਵੇ ਤਾਂ ਪਾਠਕ੍ਰਮ ਉਹ ਪੂਰਾ ਢਾਂਚਾ ਹੈ ਜੋ ਸਕੂਲਾਂ ਵਿੱਚ ਸਿੱਖਣ ਦੀ ਪ੍ਰਕਿਰਿਆ ਨੂੰ ਦਿਸ਼ਾ ਦਿੰਦਾ ਹੈ।

ਸਕੂਲੀ ਪਾਠਕ੍ਰਮ ਦੇ ਮੁੱਖ ਅੰਗ

ਇੱਕ ਵਿਸਤ੍ਰਿਤ ਅਤੇ ਸੰਤੁਲਿਤ ਪਾਠਕ੍ਰਮ ਵਿੱਚ ਆਮ ਤੌਰ ’ਤੇ ਕਈ ਮਹੱਤਵਪੂਰਨ ਅੰਗ ਸ਼ਾਮਲ ਹੁੰਦੇ ਹਨ।

ਅਕਾਦਮਿਕ ਵਿਸ਼ੇ- ਇਹ ਮੂਲ ਵਿਸ਼ੇ ਵਿਦਿਆਰਥੀਆਂ ਨੂੰ ਗਿਆਨ ਪ੍ਰਦਾਨ ਕਰਦੇ ਹਨ ਅਤੇ ਉਨ੍ਹਾਂ ਦੀ ਬੌਧਿਕ ਵਿਕਾਸ ਵਿੱਚ ਸਹਾਇਕ ਹੁੰਦੇ ਹਨ।

ਹੁਨਰ ਵਿਕਾਸ- ਸੰਚਾਰ ਕੌਸ਼ਲ, ਸਮੱਸਿਆ ਹੱਲ ਕਰਨ ਦੀ ਸਮਰੱਥਾ ਅਤੇ ਆਲੋਚਨਾਤਮਕ ਸੋਚ ਵਰਗੇ ਪ੍ਰਯੋਗਾਤਮਕ ਹੁਨਰਾਂ ਦਾ ਵਿਕਾਸ।

ਸਹਿ-ਪਾਠਕ੍ਰਮ ਗਤੀਵਿਧੀਆਂ- ਖੇਡਾਂ, ਕਲਾ ਅਤੇ ਸੱਭਿਆਚਾਰਕ ਕਾਰਜ ਵਿਦਿਆਰਥੀਆਂ ਵਿੱਚ ਰਚਨਾਤਮਕਤਾ ਅਤੇ ਟੀਮਵਰਕ ਨੂੰ ਵਧਾਉਂਦੇ ਹਨ।

ਨੈਤਿਕ ਅਤੇ ਸਮਾਜਿਕ ਸਿੱਖਿਆ- ਸੱਚਾਈ, ਆਦਰ, ਜ਼ਿੰਮੇਵਾਰੀ ਅਤੇ ਸਹਿਯੋਗ ਵਰਗੇ ਮੁੱਲਾਂ ਦੀ ਸਿੱਖਿਆ।

ਮੁਲਾਂਕਣ ਪ੍ਰਣਾਲੀ- ਪ੍ਰੀਖਿਆਵਾਂ, ਪ੍ਰੋਜੈਕਟਾਂ ਅਤੇ ਲਗਾਤਾਰ ਮੁਲਾਂਕਣ ਰਾਹੀਂ ਵਿਦਿਆਰਥੀਆਂ ਦੀ ਪ੍ਰਗਤੀ ਦਾ ਅੰਕਲਨ ਕੀਤਾ ਜਾਂਦਾ ਹੈ।

ਇਹ ਸਾਰੇ ਤੱਤ ਮਿਲ ਕੇ ਇੱਕ ਸੰਤੁਲਿਤ ਅਤੇ ਪ੍ਰਭਾਵਸ਼ਾਲੀ ਸਿੱਖਿਅਕ ਵਾਤਾਵਰਣ ਤਿਆਰ ਕਰਦੇ ਹਨ।

ਵਿਦਿਆਰਥੀਆਂ ਦੇ ਸਮੁੱਚੇ ਵਿਕਾਸ ’ਤੇ ਪਾਠਕ੍ਰਮ ਦਾ ਪ੍ਰਭਾਵ

ਇੱਕ ਸੁਚੱਜਾ ਪਾਠਕ੍ਰਮ ਵਿਦਿਆਰਥੀਆਂ ਦੇ ਸਮੂਹਿਕ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ।

ਬੌਧਿਕ ਵਿਕਾਸ

ਪਾਠਕ੍ਰਮ ਵੱਖ-ਵੱਖ ਵਿਸ਼ਿਆਂ ਵਿੱਚ ਸੁਚੱਜੀ ਜਾਣਕਾਰੀ ਪ੍ਰਦਾਨ ਕਰਦਾ ਹੈ ਜਿਸ ਨਾਲ ਵਿਦਿਆਰਥੀਆਂ ਦੀ ਤਰਕਸ਼ੀਲ ਅਤੇ ਵਿਸ਼ਲੇਸ਼ਣਾਤਮਕ ਸੋਚ ਦਾ ਵਿਕਾਸ ਹੁੰਦਾ ਹੈ।

ਵਿਗਿਆਨਕ ਸਮਝ

ਗਣਿਤ ਅਤੇ ਵਿਗਿਆਨ ਵਰਗੇ ਵਿਸ਼ੇ ਤਰਕਸ਼ੀਲਤਾ ਨੂੰ ਮਜ਼ਬੂਤ ਕਰਦੇ ਹਨ, ਜਦਕਿ ਸਾਹਿਤ ਅਤੇ ਇਤਿਹਾਸ ਵਿਦਿਆਰਥੀਆਂ ਦੇ ਦ੍ਰਿਸ਼ਟੀਕੋਣ ਨੂੰ ਵਿਸਤਾਰ ਦਿੰਦੇ ਹਨ।

ਭਾਵਨਾਤਮਕ ਅਤੇ ਸਮਾਜਿਕ ਵਿਕਾਸ

ਸਮੂਹਕ ਗਤੀਵਿਧੀਆਂ, ਵਿਚਾਰ-ਵਟਾਂਦਰੇ ਅਤੇ ਟੀਮਵਰਕ ਰਾਹੀਂ ਵਿਦਿਆਰਥੀ ਸਹਿਯੋਗ, ਸੰਵੇਦਨਸ਼ੀਲਤਾ ਅਤੇ ਨੇਤ੍ਰਿਤਵ ਦੇ ਗੁਣ ਸਿੱਖਦੇ ਹਨ।

ਸਰੀਰਕ ਵਿਕਾਸ

ਖੇਡਾਂ ਅਤੇ ਸਰੀਰਕ ਸਿੱਖਿਆ ਵਿਦਿਆਰਥੀਆਂ ਦੀ ਸਿਹਤ ਨੂੰ ਮਜ਼ਬੂਤ ਕਰਦੀਆਂ ਹਨ ਅਤੇ ਅਨੁਸ਼ਾਸਨ ਅਤੇ ਟੀਮ ਸਪਿਰਟ ਨੂੰ ਵਧਾਉਂਦੀਆਂ ਹਨ।

ਨੈਤਿਕ ਅਤੇ ਆਚਰਣ ਵਿਕਾਸ

ਚੰਗਾ ਪਾਠਕ੍ਰਮ ਵਿਦਿਆਰਥੀਆਂ ਵਿੱਚ ਸੱਚਾਈ, ਇਮਾਨਦਾਰੀ ਅਤੇ ਵਿਭਿੰਨਤਾ ਪ੍ਰਤੀ ਆਦਰ ਦੀ ਭਾਵਨਾ ਪੈਦਾ ਕਰਦਾ ਹੈ।

ਸਮਾਜ ਪ੍ਰਤੀ ਜ਼ਿੰਮੇਵਾਰੀ

ਇਹ ਮੁੱਲ ਵਿਦਿਆਰਥੀਆਂ ਨੂੰ ਜ਼ਿੰਮੇਵਾਰ ਅਤੇ ਜਾਗਰੂਕ ਨਾਗਰਿਕ ਬਣਾਉਣ ਵਿੱਚ ਮਦਦ ਕਰਦੇ ਹਨ।

ਰਚਨਾਤਮਕਤਾ ਅਤੇ ਨਵੀਨਤਾ

ਕਲਾ, ਸੰਗੀਤ, ਲੇਖਨ ਅਤੇ ਪ੍ਰੋਜੈਕਟ ਆਧਾਰਿਤ ਸਿੱਖਿਆ ਵਿਦਿਆਰਥੀਆਂ ਦੀ ਕਲਪਨਾ ਅਤੇ ਰਚਨਾਤਮਕਤਾ ਨੂੰ ਉਤਸ਼ਾਹਿਤ ਕਰਦੀ ਹੈ।

ਸਮਾਜ ਲਈ ਸਕੂਲੀ ਪਾਠਕ੍ਰਮ ਦੀ ਮਹੱਤਤਾ

ਸਕੂਲੀ ਪਾਠਕ੍ਰਮ ਦਾ ਪ੍ਰਭਾਵ ਸਿਰਫ਼ ਵਿਦਿਆਰਥੀਆਂ ਤੱਕ ਸੀਮਿਤ ਨਹੀਂ ਰਹਿੰਦਾ, ਸਗੋਂ ਇਹ ਪੂਰੇ ਸਮਾਜ ’ਤੇ ਅਸਰ ਪਾਂਦਾ ਹੈ।

ਜ਼ਿੰਮੇਵਾਰ ਨਾਗਰਿਕਾਂ ਦੀ ਤਿਆਰੀ

ਸਕੂਲ ਨਾਗਰਿਕ ਅਧਿਕਾਰਾਂ ਅਤੇ ਫਰਜ਼ਾਂ ਬਾਰੇ ਸਿੱਖਿਆ ਦੇ ਕੇ ਜ਼ਿੰਮੇਵਾਰ ਨਾਗਰਿਕ ਤਿਆਰ ਕਰਦੇ ਹਨ।

ਆਰਥਿਕ ਵਿਕਾਸ

ਮਜ਼ਬੂਤ ਪਾਠਕ੍ਰਮ ਵਿਦਿਆਰਥੀਆਂ ਨੂੰ ਵੱਖ-ਵੱਖ ਪੇਸ਼ਿਆਂ ਲਈ ਲੋੜੀਂਦੇ ਹੁਨਰ ਸਿਖਾਉਂਦਾ ਹੈ, ਜਿਸ ਨਾਲ ਦੇਸ਼ ਦੀ ਆਰਥਿਕ ਤਰੱਕੀ ਹੁੰਦੀ ਹੈ।

ਸੱਭਿਆਚਾਰਕ ਵਿਰਾਸਤ ਦੀ ਸੰਭਾਲ

ਇਤਿਹਾਸ, ਸਾਹਿਤ ਅਤੇ ਭਾਸ਼ਾ ਵਰਗੇ ਵਿਸ਼ੇ ਸਾਡੀ ਸੱਭਿਆਚਾਰਕ ਵਿਰਾਸਤ ਨੂੰ ਸੰਭਾਲਣ ਵਿੱਚ ਸਹਾਇਕ ਹੁੰਦੇ ਹਨ।

ਸਮਾਜਿਕ ਸਹਿਯੋਗ ਅਤੇ ਸਮਰਸਤਾ

ਸਿੱਖਿਆ ਸਹਿਨਸ਼ੀਲਤਾ, ਸਮਾਨਤਾ ਅਤੇ ਆਪਸੀ ਆਦਰ ਦੀ ਭਾਵਨਾ ਨੂੰ ਵਧਾਉਂਦੀ ਹੈ।

ਵਿਗਿਆਨਕ ਅਤੇ ਤਕਨੀਕੀ ਤਰੱਕੀ

ਆਧੁਨਿਕ ਸਿੱਖਿਆ ਨਵੀਨਤਾ ਅਤੇ ਖੋਜ ਨੂੰ ਉਤਸ਼ਾਹਿਤ ਕਰਦੀ ਹੈ, ਜੋ ਰਾਸ਼ਟਰੀ ਤਰੱਕੀ ਲਈ ਬਹੁਤ ਜ਼ਰੂਰੀ ਹੈ।

ਸਕੂਲੀ ਪਾਠਕ੍ਰਮ ਵਿੱਚ ਬਦਲਾਅ ਦੀ ਲੋੜ

ਗਲੋਬਲਾਈਜ਼ੇਸ਼ਨ, ਡਿਜ਼ੀਟਲ ਤਕਨੀਕ ਅਤੇ ਵਿਗਿਆਨਕ ਤਰੱਕੀ ਦੇ ਕਾਰਨ ਦੁਨੀਆ ਤੇਜ਼ੀ ਨਾਲ ਬਦਲ ਰਹੀ ਹੈ। ਇਸ ਲਈ ਸਕੂਲੀ ਪਾਠਕ੍ਰਮ ਨੂੰ ਸਮੇਂ-ਸਮੇਂ ’ਤੇ ਅਪਡੇਟ ਕਰਨਾ ਲਾਜ਼ਮੀ ਹੈ। ਪੁਰਾਣਾ ਪਾਠਕ੍ਰਮ ਵਿਦਿਆਰਥੀਆਂ ਨੂੰ ਆਧੁਨਿਕ ਚੁਣੌਤੀਆਂ ਲਈ ਤਿਆਰ ਨਹੀਂ ਕਰ ਸਕਦਾ। ਇਸ ਲਈ ਇਸ ਦੀ ਲਗਾਤਾਰ ਸਮੀਖਿਆ ਅਤੇ ਸੰਸ਼ੋਧਨ ਬਹੁਤ ਜ਼ਰੂਰੀ ਹੈ।

ਪਾਠਕ੍ਰਮ ਨੂੰ ਅਪਡੇਟ ਕਰਨ ਲਈ ਲੋੜੀਂਦੇ ਕਦਮ

ਡਿਜ਼ੀਟਲ ਸਿੱਖਿਆ

ਪਾਠਕ੍ਰਮ ਵਿੱਚ ਕੰਪਿਊਟਰ ਸਿੱਖਿਆ, ਡਿਜ਼ੀਟਲ ਖੋਜ ਅਤੇ ਇੰਟਰਨੈੱਟ ਦੀ ਸੁਰੱਖਿਅਤ ਵਰਤੋਂ ਬਾਰੇ ਜਾਣਕਾਰੀ ਸ਼ਾਮਲ ਹੋਣੀ ਚਾਹੀਦੀ ਹੈ।

ਆਲੋਚਨਾਤਮਕ ਸੋਚ ਅਤੇ ਸਮੱਸਿਆ ਹੱਲ ਕਰਨ ਦੀ ਸਮਰੱਥਾ

ਰੱਟਾ ਪ੍ਰਣਾਲੀ ਤੋਂ ਅੱਗੇ ਵੱਧ ਕੇ ਵਿਦਿਆਰਥੀਆਂ ਵਿੱਚ ਵਿਸ਼ਲੇਸ਼ਣਾਤਮਕ ਸੋਚ ਅਤੇ ਰਚਨਾਤਮਕਤਾ ਨੂੰ ਉਤਸ਼ਾਹਿਤ ਕੀਤਾ ਜਾਣਾ ਚਾਹੀਦਾ ਹੈ।

ਜੀਵਨ ਕੌਸ਼ਲਾਂ ਦੀ ਸਿੱਖਿਆ

ਸੰਚਾਰ ਕੌਸ਼ਲ, ਆਰਥਿਕ ਸੂਝਬੂਝ, ਸਮੇਂ ਦਾ ਪ੍ਰਬੰਧਨ ਅਤੇ ਭਾਵਨਾਤਮਕ ਸਮਝ ਵਰਗੇ ਜੀਵਨ ਕੌਸ਼ਲਾਂ ਨੂੰ ਪਾਠਕ੍ਰਮ ਦਾ ਹਿੱਸਾ ਬਣਾਇਆ ਜਾਣਾ ਚਾਹੀਦਾ ਹੈ।

ਵਾਤਾਵਰਣ ਸਿੱਖਿਆ

ਜਲਵਾਯੂ ਪਰਿਵਰਤਨ, ਸਥਿਰ ਵਿਕਾਸ ਅਤੇ ਕੁਦਰਤੀ ਸਰੋਤਾਂ ਦੀ ਸੰਭਾਲ ਬਾਰੇ ਵਿਦਿਆਰਥੀਆਂ ਨੂੰ ਜਾਗਰੂਕ ਕਰਨਾ ਜ਼ਰੂਰੀ ਹੈ।

ਕੈਰੀਅਰ ਕੇਂਦਰਿਤ ਸਿੱਖਿਆ

ਵੋਕੇਸ਼ਨਲ ਟ੍ਰੇਨਿੰਗ ਅਤੇ ਕੈਰੀਅਰ ਗਾਈਡੈਂਸ ਵਿਦਿਆਰਥੀਆਂ ਨੂੰ ਭਵਿੱਖ ਦੀ ਰੋਜ਼ਗਾਰ ਸੰਭਾਵਨਾਵਾਂ ਲਈ ਤਿਆਰ ਕਰ ਸਕਦੇ ਹਨ।

ਲਚਕੀਲਾ ਅਤੇ ਸਮਾਵੇਸ਼ੀ ਪਾਠਕ੍ਰਮ

ਆਧੁਨਿਕ ਪਾਠਕ੍ਰਮ ਹਰ ਵਿਦਿਆਰਥੀ ਦੀ ਯੋਗਤਾ ਅਤੇ ਰੁਚੀ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤਾ ਜਾਣਾ ਚਾਹੀਦਾ ਹੈ।

ਪਾਠਕ੍ਰਮ ਸੁਧਾਰ ਵਿੱਚ ਚੁਣੌਤੀਆਂ

ਪਾਠਕ੍ਰਮ ਵਿੱਚ ਬਦਲਾਅ ਲਿਆਉਣਾ ਮਹੱਤਵਪੂਰਨ ਹੈ, ਪਰ ਇਸ ਦੌਰਾਨ ਕਈ ਚੁਣੌਤੀਆਂ ਵੀ ਸਾਹਮਣੇ ਆਉਂਦੀਆਂ ਹਨ, ਜਿਵੇਂ ਕਿ ਪਰੰਪਰਾਗਤ ਸਿੱਖਿਆ ਪ੍ਰਣਾਲੀ ਵਿੱਚ ਬਦਲਾਅ ਦਾ ਵਿਰੋਧ, ਤਜ਼ਰਬੇਕਾਰ ਅਧਿਆਪਕਾਂ ਦੀ ਘਾਟ, ਕੁਝ ਸਕੂਲਾਂ ਵਿੱਚ ਸੀਮਿਤ ਸਰੋਤ ਅਤੇ ਅਕਾਦਮਿਕ ਦਬਾਅ ਅਤੇ ਹੁਨਰ ਵਿਕਾਸ ਵਿੱਚ ਸੰਤੁਲਨ ਬਣਾਉਣਾ।

ਇਨ੍ਹਾਂ ਚੁਣੌਤੀਆਂ ਨੂੰ ਹੱਲ ਕਰਨ ਲਈ ਅਧਿਆਪਕਾਂ, ਨੀਤੀ-ਨਿਰਧਾਰਕਾਂ ਅਤੇ ਸਮਾਜ ਦੇ ਸਾਂਝੇ ਯਤਨਾਂ ਦੀ ਲੋੜ ਹੈ।

ਸਕੂਲੀ ਪਾਠਕ੍ਰਮ ਸਿੱਖਿਆ ਪ੍ਰਣਾਲੀ ਦੀ ਰੀੜ੍ਹ ਦੀ ਹੱਡੀ ਹੈ। ਇਹ ਵਿਦਿਆਰਥੀਆਂ ਦੇ ਬੌਧਿਕ, ਭਾਵਨਾਤਮਕ ਅਤੇ ਸਮਾਜਿਕ ਵਿਕਾਸ ਨੂੰ ਦਿਸ਼ਾ ਦਿੰਦਾ ਹੈ ਅਤੇ ਉਨ੍ਹਾਂ ਨੂੰ ਸਮਾਜ ਦੇ ਜ਼ਿੰਮੇਵਾਰ ਮੈਂਬਰ ਬਣਾਉਂਦਾ ਹੈ। ਇੱਕ ਸੁਚੱਜਾ ਪਾਠਕ੍ਰਮ ਸਿਰਫ਼ ਗਿਆਨ ਹੀ ਨਹੀਂ ਦਿੰਦਾ, ਸਗੋਂ ਰਚਨਾਤਮਕਤਾ, ਮੁੱਲਾਂ ਅਤੇ ਜੀਵਨ ਕੌਸ਼ਲਾਂ ਨੂੰ ਵੀ ਵਿਕਸਿਤ ਕਰਦਾ ਹੈ।


ਤੇਜ਼ੀ ਨਾਲ ਬਦਲ ਰਹੀ ਦੁਨੀਆ ਵਿੱਚ ਪਾਠਕ੍ਰਮ ਦੀ ਲਗਾਤਾਰ ਸਮੀਖਿਆ ਅਤੇ ਆਧੁਨੀਕਰਨ ਬਹੁਤ ਜ਼ਰੂਰੀ ਹੈ, ਤਾਂ ਜੋ ਸਿੱਖਿਆ ਭਵਿੱਖ ਦੀਆਂ ਪੀੜ੍ਹੀਆਂ ਨੂੰ ਇੱਕ ਬੌਧਿਕ ਅਤੇ ਪ੍ਰਗਤੀਸ਼ੀਲ ਸਮਾਜ ਬਣਾਉਣ ਲਈ ਤਿਆਰ ਕਰ ਸਕੇ।








RED CHILLI INDIAN
FOOD TRUCK
ਹਰ ਤਰ੍ਹਾਂ ਦੇ ਇੰਡੀਅਨ STARTERS ਤੇ MAIN COURSE
VEG | NON -VEG
ਸਵਾਦਿਸ਼ਟ ਖਾਣਾ, ਵਾਜਬ ਰੇਟਾਂ 'ਤੇ
BOOK US FOR
WEDDINGS
BIRTHDAY PARTIES
CORPORATE EVENTS
BACKYARD PARTIES
RED CHILLI INDIAN
FOOD
TRUCK
ਸਾਡਾ ਟਰੱਕ
99 highway ਤੋਂ
Lander Avenue ਤੇ
ਨਿਕਲ ਕੇ ਲੱਗਦੇ ਸਾਰ ਹੀ
ਖੱਬੇ ਹੱਥ ਹੈ
RED CHILLI INDIAN
FOOD TRUCK
ਅਸੀ ਟਿਫਨ ਸਰਵਿਸ ਵੀ ਦਿੰਦੇ ਹਾਂ
DELIVERY Available
Call TO Order : (209) 216-8169
A Kaur 2340 Lander Ave Turlock, CA 95280


Pal Films
Production
RED PRO
5.0
RED
All Your Photo/Videography &
Post Production needs Under One Roof
PF
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
(925) 489-3400, (341) 356-1517
palfilms925@gmail.com
www.thepalfilms.com

# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO • HOME • TRUCK • BUSINESS • LIFE • MEDICAL

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



Office Ph.(916) 427-4321

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



Capital DRUG TESTING

# CAPITAL DRUG TESTING

Drug and Alcohol Test

DOT / NON DOT

PRE EMPLOYMENT - RANDOM
POST ACCIDENT - REASONABLE SUSPICION

Services: DOT Random Prog., FMCSA Clearinghouse, DOT Supervisor Training, SAP Classes Etc.

Lab. Ph:(916) 680-9293

6624 Florin Road
Sacramento CA, 95828
Email: capitaldrugtest@gmail.com
Website: www.capitaldrugtest.com



# ਵਿਗਿਆਨ-ਕਥਾ ਦਾ ਪਿਤਾਮਾ: ਜੂਲਜ਼ ਵਰਨ



ਜੂਲਜ਼ ਵਰਨ (ਪੂਰਾ ਨਾਂ ਜੂਲਜ਼ ਗੈਬ੍ਰੀਅਲ ਵਰਨ) ਇੱਕ ਫਰਾਂਸੀਸੀ ਲੇਖਕ ਸੀ। ਉਹ ਵਿਗਿਆਨ-ਗਲਪ ਲਿਖਣ ਵਾਲੇ ਪਹਿਲੇ ਲੇਖਕਾਂ ਵਿੱਚੋਂ ਇੱਕ ਸੀ। ਉਸਦੀਆਂ ਕੁਝ ਕਿਤਾਬਾਂ ਵਿੱਚ 'ਜਰਨੀ ਟੂ ਦ ਸੈਂਟਰ ਆਫ਼ ਦ ਅਰਥ' (1864), 'ਫਰਾਮ ਦ ਅਰਥ ਟੂ ਦ ਮੂਨ' (1865), 'ਟਵੰਟੀ ਥਾਊਜ਼ੈਂਡ ਲੀਗਜ਼ ਅੰਡਰ ਦ ਸੀ' (1870) ਅਤੇ 'ਅਰਾਊਂਡ ਦ ਵਰਲਡ ਇਨ ਏਟੀ ਡੇਜ਼' (1873) ਸ਼ਾਮਲ ਹਨ। ਇਨ੍ਹਾਂ ਸਤਰਾਂ ਦੇ ਲੇਖਕ (ਪ੍ਰੋ. ਨਵ ਸੰਗੀਤ ਸਿੰਘ) ਵੱਲੋਂ ਉਸਦੇ ਨਾਵਲ 'ਅਰਾਊਂਡ ਦ ਵਰਲਡ ਇਨ ਏਟੀ ਡੇਜ਼' ਦਾ ਸੰਖੇਪ ਪੰਜਾਬੀ ਅਨੁਵਾਦ 'ਅੱਸੀ ਦਿਨਾਂ ਵਿੱਚ ਦੁਨੀਆਂ ਦੀ ਸੈਰ' ਨਾਂ ਹੇਠ (1992 ਵਿੱਚ) ਪ੍ਰਕਾਸ਼ਿਤ ਕਰਵਾਇਆ ਗਿਆ ਸੀ।

ਉਸਦਾ ਜਨਮ 8 ਫਰਵਰੀ 1828 ਨੂੰ ਫਰਾਂਸ ਦੇ ਨੈਨਟੇਸ ਸ਼ਹਿਰ ਵਿੱਚ ਹੋਇਆ ਸੀ। ਉਸਦੇ ਪਿਤਾ ਇੱਕ ਵਕੀਲ ਸਨ ਅਤੇ ਸ਼ੁਰੂ ਵਿੱਚ ਵਰਨ ਵੀ ਕਾਨੂੰਨ ਦੀ ਪੜ੍ਹਾਈ ਕਰਨਾ ਚਾਹੁੰਦਾ ਸੀ। ਜਦੋਂ ਉਹ ਉਨੀ ਸਾਲ ਦਾ ਸੀ, ਤਾਂ ਉਸਨੇ ਸਾਹਿਤ ਦੀਆਂ ਲੰਬੀਆਂ-ਲੰਬੀਆਂ ਰਚਨਾਵਾਂ ਲਿਖਣੀਆਂ ਸ਼ੁਰੂ ਕਰ ਦਿੱਤੀਆਂ। ਪਰ ਉਸਦੇ ਪਿਤਾ ਚਾਹੁੰਦੇ ਸਨ ਕਿ ਉਹ ਇੱਕ ਵਕੀਲ ਵਜੋਂ ਪੈਸਾ ਕਮਾਏ, ਨਾ ਕਿ ਇੱਕ ਲੇਖਕ ਵਜੋਂ। 1847 ਵਿੱਚ, ਉਸਦੇ ਪਿਤਾ ਨੇ ਉਸਨੂੰ ਕਾਨੂੰਨ ਦੀ ਪੜ੍ਹਾਈ ਸ਼ੁਰੂ ਕਰਨ ਲਈ ਪੈਰਿਸ ਭੇਜਿਆ।

1848 ਵਿੱਚ ਜੂਲਜ਼ ਵਰਨ ਘਰ ਆਇਆ ਅਤੇ ਉਹਨੂੰ ਇਕ ਲੜਕੀ ਨਾਲ ਪਿਆਰ ਹੋ ਗਿਆ। ਪਰ ਕੁੜੀ ਦੇ ਮਾਪੇ ਨਹੀਂ ਚਾਹੁੰਦੇ ਸਨ ਕਿ ਉਹ ਉਸ ਨਾਲ ਵਿਆਹ ਕਰੇ। ਜਦੋਂ ਵਰਨ ਨੂੰ ਪਤਾ ਲੱਗਿਆ ਕਿ ਕੁੜੀ ਦਾ ਵਿਆਹ ਕਿਸੇ ਹੋਰ ਨਾਲ ਹੋ ਗਿਆ ਹੈ - ਇੱਕ ਅਮੀਰ, ਬਜ਼ੁਰਗ ਆਦਮੀ ਨਾਲ, ਤਾਂ ਉਹ ਉਦਾਸ ਹੋ ਗਿਆ। ਆਪਣੀਆਂ ਕਹਾਣੀਆਂ ਵਿੱਚ ਜੂਲਜ਼ ਵਰਨ ਅਕਸਰ ਉਨ੍ਹਾਂ ਔਰਤਾਂ ਬਾਰੇ ਲਿਖਦਾ ਹੈ, ਜੋ ਅਜਿਹੇ ਲੋਕਾਂ ਨਾਲ ਸ਼ਾਦੀ ਕਰਦੀਆਂ ਹਨ, ਜਿਨ੍ਹਾਂ ਨੂੰ ਉਹ ਪਿਆਰ ਨਹੀਂ ਕਰਦੀਆਂ।

1848 ਦੀ ਫਰਾਂਸੀਸੀ ਕ੍ਰਾਂਤੀ ਨੇ ਰਾਜੇ ਨੂੰ ਗੱਦੀਓਂ ਲਾਹ ਦਿੱਤਾ, ਅਤੇ ਲੂਈਸ-ਨੈਪੋਲੀਅਨ ਬੋਨਾਪਾਰਟ ਨੂੰ ਫਰਾਂਸ ਗਣਰਾਜ ਦਾ ਪਹਿਲਾ ਰਾਸ਼ਟਰਪਤੀ ਚੁਣਿਆ ਗਿਆ। (ਇੱਕ ਗਣਰਾਜ ਇੱਕ ਅਜਿਹਾ ਦੇਸ਼ ਹੁੰਦਾ ਹੈ ਜਿਸਦਾ ਕੋਈ ਰਾਜਾ ਜਾਂ ਰਾਣੀ ਨਹੀਂ ਹੁੰਦਾ, ਸਗੋਂ ਉਸਦਾ ਇੱਕ ਰਾਸ਼ਟਰਪਤੀ ਹੁੰਦਾ ਹੈ।)

ਵਰਨ 1851 ਤੱਕ ਕਾਨੂੰਨ ਦੀ ਪੜ੍ਹਾਈ ਕਰਦਾ ਰਿਹਾ, ਪਰ ਉਹ ਇਸ ਦੌਰਾਨ ਲੇਖਨ ਵਿਚ ਵੀ ਰੁੱਝਿਆ ਰਿਹਾ ਅਤੇ ਦੂਜੇ ਲੇਖਕਾਂ ਅਤੇ ਕਲਾਕਾਰਾਂ ਨੂੰ ਮਿਲਦਾ ਰਿਹਾ। ਵਰਨ ਉਤੇ ਵਿਕਟਰ ਹਿਊਗੋ, ਅਲੈਗਜੈਂਡਰ ਡਿਊਮਾ, ਐਡਗਰ ਐਲਨ ਪੋ, ਡੇਨੀਅਲ ਡੀਫੋ ਆਦਿ ਦਾ ਬਹੁਤ ਪ੍ਰਭਾਵ ਸੀ। ਆਖਰਕਾਰ 1852 ਵਿੱਚ, ਉਸਨੇ ਵਕੀਲ ਬਣਨਾ ਛੱਡ ਕੇ ਪੂਰੇ ਸਮੇਂ ਦਾ ਪੇਸ਼ੇਵਰ ਲੇਖਕ ਬਣਨ ਦਾ ਫੈਸਲਾ ਕੀਤਾ। ਉਸਦੇ ਪਿਤਾ ਇਸ ਫੈਸਲੇ ਤੋਂ ਬਹੁਤ ਨਾਖੁਸ਼ ਸਨ, ਪਰ ਵਰਨ ਜ਼ਿੱਦੀ ਅਤੇ ਮਜ਼ਬੂਤ ਇਰਾਦੇ ਵਾਲਾ ਸੀ, ਇਸ ਲਈ ਉਸਨੇ ਆਪਣੀ ਯੋਜਨਾ ਤੇ ਕੰਮ ਕਰਨਾ ਜਾਰੀ ਰੱਖਿਆ। ਉਹ ਇਸ ਕੰਮ ਵਿਚ ਸਫਲਤਾ ਪ੍ਰਾਪਤ ਕਰਨ ਲਈ ਪੈਰਿਸ ਚਲਾ ਗਿਆ। ਪਹਿਲਾਂ ਤਾਂ ਉਸਨੂੰ ਕੋਈ ਪ੍ਰਸਿੱਧੀ ਨਹੀਂ ਮਿਲੀ। ਸਮਾਂ ਬੀਤਣ ਨਾਲ ਉਹ ਵਿਗਿਆਨ ਦਾ ਪ੍ਰਸ਼ੰਸਕ ਬਣ ਗਿਆ ਅਤੇ ਆਪਣੇ ਲੇਖਨ ਲਈ ਮਸ਼ਹੂਰ ਹੋ ਗਿਆ। ਵਿਗਿਆਨ ਅਤੇ ਲੇਖਨ ਪ੍ਰਤੀ ਉਸਦੇ ਪਿਆਰ ਨੇ ਉਸਨੂੰ ਅਜਿਹੀਆਂ ਕਹਾਣੀਆਂ ਅਤੇ ਨਾਵਲ ਲਿਖਣ ਲਈ ਪ੍ਰੇਰਿਤ ਕੀਤਾ, ਜਿਨ੍ਹਾਂ ਨੂੰ ਹੁਣ "ਵਿਗਿਆਨ ਗਲਪ" ਕਿਹਾ ਜਾਂਦਾ ਹੈ। ਬਹੁਤ ਸਾਰੇ ਲੋਕ ਕਹਿੰਦੇ ਹਨ ਕਿ ਜੂਲਜ਼ ਵਰਨ 'ਵਿਗਿਆਨ-ਗਲਪ ਸ਼ੈਲੀ' ਦਾ ਨਿਰਮਾਤਾ ਸੀ।

ਵਰਨ ਲਿਖਣ ਲਈ ਜੀਊਂਦਾ ਰਿਹਾ। ਉਸਨੇ ਬਹੁਤ ਸਾਰੀਆਂ ਵਿਧਾਵਾਂ ਵਿੱਚ ਲਿਖਿਆ। ਇਨ੍ਹਾਂ ਵਿੱਚ ਕਾਲਪਨਿਕ ਨਾਵਲ, ਰੰਗਮੰਚ ਦੀਆਂ ਰਚਨਾਵਾਂ ਅਤੇ ਨਾਵਲ ਸ਼ਾਮਲ ਹਨ। 1886 ਵਿੱਚ ਉਸਦੇ ਨੌਜਵਾਨ ਭਤੀਜੇ ਗੈਸਟਨ ਨੇ ਵਰਨ ਦੀ ਲੱਤ ਵਿੱਚ ਗੋਲੀ ਮਾਰ ਦਿੱਤੀ। ਭਤੀਜਾ ਚਾਹੁੰਦਾ ਸੀ ਕਿ ਉਹਦੇ ਚਾਚੇ ਨੂੰ "ਅਮਰਤਾ" ਪ੍ਰਾਪਤ ਹੋਵੇ ਅਤੇ ਫਰੈਂਚ ਅਕਾਦਮੀ ਵੱਲੋਂ ਸਵਕ੍ਰਿਤੀ ਮਿਲੇ। ਉਸ ਤੋਂ ਬਾਅਦ, ਵਰਨ ਦੀ ਲੱਤ ਵਿੱਚ ਸਥਾਈ ਤੌਰ 'ਤੇ ਲੰਗੜਾਪਨ ਆ ਗਿਆ। ਇਸ ਦੇ ਨਤੀਜੇ ਵਜੋਂ ਉਸਦੀ ਲਿਖਣ ਸ਼ੈਲੀ ਵਿਚ ਹੋਰ ਜ਼ਿਆਦਾ ਬਦਲਾਅ ਆ ਗਿਆ।

ਵਰਨ ਨੇ ਜਨਵਰੀ 1857 ਵਿੱਚ ਆਪਣੇ ਪਿਤਾ ਦੇ ਆਸ਼ੀਰਵਾਦ ਨਾਲ ਐਮੀ ਡੂ ਫਰੈਸੇ ਡੀ ਵਿਏਨ ਨਾਲ ਵਿਆਹ ਕਰ ਲਿਆ । ਅਗਸਤ 1861 ਵਿੱਚ ਉਨ੍ਹਾਂ ਦੇ ਘਰ ਪੁੱਤਰ ਦਾ ਜਨਮ ਹੋਇਆ। ਉਸਨੇ ਆਪਣੀ ਮੌਤ ਤੱਕ ਲਿਖਣਾ ਜਾਰੀ ਰੱਖਿਆ। 24 ਮਾਰਚ 1905 ਨੂੰ, 77 ਸਾਲ ਦੀ ਉਮਰ ਵਿੱਚ ਵਰਨ, ਜੋ ਕਿ ਸ਼ੂਗਰ ਦੀ ਬਿਮਾਰੀ ਤੋਂ ਪੀੜਤ ਸੀ, ਦੀ ਫਰਾਂਸ ਦੇ ਐਮੀਐਂਸ ਵਿੱਚ ਆਪਣੇ ਘਰ ਵਿੱਚ ਮੌਤ ਹੋ ਗਈ।

ਜੂਲਜ਼ ਵਰਨ ਨੇ ਕਾਨੂੰਨ ਦੀ ਪੜ੍ਹਾਈ ਕਰਨ ਪਿੱਛੋਂ ਕੁਝ ਚਿਰ ਸਟਾਕਬ੍ਰੋਕਰ ਵਜੋਂ ਵੀ ਕੰਮ ਕੀਤਾ। ਪਰ ਉਹਨੇ ਖੁਦ ਨੂੰ ਲੇਖਕ ਹੀ ਮੰਨਿਆ। ਉਹਦਾ ਪਹਿਲਾ ਨਾਟਕ 1850 ਵਿਚ ਤਿਆਰ ਹੋਇਆ ਸੀ। ਉਹਦੀ ਪਹਿਲੀ ਸਫਲ ਸਾਹਸਿਕ ਕਹਾਣੀ 'ਵੀਕਸ ਇਨ ਏ ਬੈਲੂਨ' ਸੀ, ਜੋ 1863 ਵਿਚ ਪ੍ਰਕਾਸ਼ਿਤ ਹੋਈ ਸੀ।

ਜੂਲਜ਼ ਵਰਨ ਨੇ ਬਹੁਤ ਸਾਰੀਆਂ ਅਜਿਹੀਆਂ ਚੀਜ਼ਾਂ ਬਾਰੇ ਲਿਖਿਆ, ਜੋ ਉਸ ਦੇ ਜ਼ਿੰਦਾ ਹੋਣ ਵੇਲੇ ਹੋਂਦ ਵਿਚ ਨਹੀਂ ਸਨ। ਇਨ੍ਹਾਂ ਵਿੱਚੋਂ ਕੁਝ ਚੀਜ਼ਾਂ ਬਾਅਦ ਵਿੱਚ ਵਾਸਤਵਿਕ ਬਣ ਗਈਆਂ। ਵਰਨ ਇੱਕ ਵਿਗਿਆਨੀ ਹੋਣ ਤੋਂ ਬਹੁਤ ਦੂਰ ਸੀ, ਪਰ ਤਕਨਾਲੋਜੀ ਪ੍ਰਤੀ ਉਸਦੇ ਜਨੂੰਨ ਅਤੇ ਉਸ ਸਮੇਂ ਦੀ ਤਰੱਕੀ ਨੇ ਕਈ ਅਜਿਹੀਆਂ ਖੋਜਾਂ ਨੂੰ ਜਨਮ ਦਿਤਾ ਜੋ ਆਉਣ ਵਾਲੇ ਸਮੇਂ ਹੋਈਆਂ ਅਤੇ ਸਮੇਂ ਨਾਲ ਸਾਡੀ ਰੋਜ਼ਾਨਾ ਜ਼ਿੰਦਗੀ ਦਾ ਆਮ ਹਿੱਸਾ ਬਣ ਗਈਆਂ।



ਸਾਂਝੀ ਸੋਚ
ਪ੍ਰੋ.ਨਵ ਸੰਗੀਤ ਸਿੰਘ
ਪੋਸਟਗ੍ਰੈਜੂਏਟ ਪੰਜਾਬੀ ਵਿਭਾਗ,
ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ
94176-92015.







ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ
HOPE
IMMIGRATION
Where Hope Meets
IMMIGRATION OPPORTUNITIES
USA SERVICES :
CITIZENSHIP
GREEN CARD & PETITION
AFFIDAVIT OF SUPPORT
WORK PERMIT RENEW
STUDENT VISA & TRANSFER
TOURIST VISAS
INDIAN SERVICES :
Passport
VISA
OCI CARD
RENUNCIATION
POWER OF ATTORNEY
LEGAL DOCUMENTS ATTESTATIONS
NOTARY SERVICES
WE CAN HELP YOU WORK AND SETTLE IN COUNTRIES WORLDWIDE ALSO
ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ
ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630
WEBSITE : www.hopeimmigration.net | Email : help@hopeimmigration.net
ਅਸੀਂ California State ਦੇ Bonded Immigration Consultant ਹਾਂ
ADDRESS : 2953 W CAPITOL AVE WEST SACRAMENTO, CA 95691
ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ


Imperial Spice
Resturant Bar & Banquet Hall
Vibrant flavors of
North and South Indian cuisine.
IMPERIAL SPICE
OPEN
10am to 10pm
ਸੋਮਵਾਰ ਤੋਂ ਬੁੱਧਵਾਰ 10am to 3pm
Lunch Buffett
ਸਿਰਫ ਤੇ ਸਿਰਫ
$14.99
SPECIAL
Fish Pakora
$4.99
ਜੇਕਰ ਤੁਸੀਂ $100 ਤੇ ਵੱਧ ਖਰਚਦੇ ਹੋ ਤਾਂ 1 ਪਲੇਟ ਪਾਣੀਪੁਰੀ FREE
OPEN
7 DAYS
A WEEK
ਮੰਗਲਵਾਰ ਨੂੰ ਖਾਸ ਸਪੈਸ਼ਲ Buffet $12.99
ਰਾਤੀ Dinner ਸਮੇਂ 5 ਜਾਂ 5 ਤੋਂ ਵੱਧ ਬੰਦਿਆਂ ਦੇ
ਖਾਣਾ ਖਾਣ 'ਤੇ ਹੋਵੇਗਾ 10% discount
ਸਿਰਫ ਮੰਗਲਵਾਰ ਨੂੰ hard liquor ਦੀਆਂ ਕੁਝ items ਦੇ shot ਦੀ ਕੀਮਤ ਹੋਵੇਗੀ ਸਿਰਫ $8
PACKAGE DEALS AVAILABLE
Spacious Banquet Hall
Professional Decoration
DJ & Special Security Available
5000 ਬੰਦਿਆਂ ਤੱਕ ਦੀ
Catering ਦਾ ਪ੍ਰਬੰਧ
ਅਸੀਂ ਦੇਸੀ ਘਿਉ ਦੀਆਂ ਹਰ ਤਰ੍ਹਾਂ ਦੀਆਂ ਮਿਠਾਈਆਂ ਵੀ ਬਣਾਉਂਦੇ ਹਾਂ
ਅਤੇ ਵਿਆਹ ਸ਼ਾਦੀਆਂ ਵਾਸਤੇ ਵੱਡੇ ਆਡਰ ਵੀ ਮਿਠਾਈਆਂ ਦੇ ਲੈਂਦੇ ਹਾਂ ।
Sonu (209) 595-8596 Goutam (209) 494-9404
430 W Grant Line Rd Tracy, CA 95376


CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com

# RESIDENTIAL, COMMERCIAL AND SOLAR FARMS

**with Singhsloar High performance Bifacial Smart Panels**

**ਅਮਰੀਕਾ ਦੇ ਕਿਸੇ ਵੀ ਹਿੱਸੇ ਆਪਣੇ ਘਰ ਕਾਰੋਬਾਰ ਤੇ ਸੋਲਰ ਸਿਸਟਮ ਲਗਾਉਣ ਲਈ ਸਤਨਾਮ ਸਿੰਘ ਖਾਲਸਾ ਨਾਲ ਅੱਜ ਹੀ ਸੰਪਰਕ ਕਰੋ**

100% CUSTOMER SATISFACTION GUARANTEED

SINGH SOLAR



## ਬਿਜਲੀ ਦੇ ਬਿੱਲ ਤੋਂ ਹਮੇਸ਼ਾ ਲਈ ਛੁਟਕਾਰਾ

**ਸਿਰ.ਫ ਇਕ ਕਾਲ - ਵੱਡੀ ਬੱਚਤ**

# 510-706-1300

singhsolarusa@gmail.com



ਵਿਜੈ ਗਰਗ
ਰਿਟਾਇਰਡ ਪ੍ਰਿੰਸੀਪਲ
ਮਲੋਟ

# ਏਆਈ ਦੇ ਯੁੱਗ ਵਿੱਚ ਵਿਦਿਆਰਥੀਆਂ ਨੂੰ ਕੀ ਸਿੱਖਣਾ ਚਾਹੀਦਾ ਹੈ?

ਆਰਟੀਫੀਸ਼ੀਅਲ ਇੰਟੈਲੀਜੈਂਸ ਦਾ ਤੇਜ਼ੀ ਨਾਲ ਵਾਧਾ ਸਿੱਖਿਆ ਨੂੰ ਅਜਿਹੇ ਤਰੀਕਿਆਂ ਨਾਲ ਬਦਲ ਰਿਹਾ ਹੈ ਜੋ ਪਹਿਲਾਂ ਕਦੇ ਨਹੀਂ ਦੇਖਿਆ ਗਿਆ ਸੀ। ਅੱਜ, ਵਿਦਿਆਰਥੀ ਏਆਈ ਸਾਧਨਾਂ ਦੀ ਵਰਤੋਂ ਕਰਕੇ ਲੇਖ ਤਿਆਰ ਕਰ ਸਕਦੇ ਹਨ, ਗੁੰਝਲਦਾਰ ਸਮੱਸਿਆਵਾਂ ਹੱਲ ਕਰ ਸਕਦੇ ਹਨ ਅਤੇ ਲਗਭਗ ਕਿਸੇ ਵੀ ਵਿਸ਼ੇ 'ਤੇ ਸਕਿੰਟਾਂ ਵਿੱਚ ਵਿਆਖਿਆਵਾਂ ਤੱਕ ਪਹੁੰਚ ਕਰ ਸਕਦੇ ਹਨ। ਇਹ ਤਕਨੀਕੀ ਤਬਦੀਲੀ ਇੱਕ ਮਹੱਤਵਪੂਰਨ ਸਵਾਲ ਉਠਾਉਂਦੀ ਹੈ: ਜੇਕਰ ਮਸ਼ੀਨਾਂ ਇੰਨਾ ਕੁਝ ਕਰ ਸਕਦੀਆਂ ਹਨ, ਤਾਂ ਵਿਦਿਆਰਥੀਆਂ ਨੂੰ ਅਸਲ ਵਿੱਚ ਕੀ ਸਿੱਖਣਾ ਚਾਹੀਦਾ ਹੈ?ਸਿੱਖਣ ਦਾ ਤਰੀਕਾ ਸਿੱਖਣਾ ਏਆਈ ਯੁੱਗ ਵਿੱਚ, ਗਿਆਨ ਹੁਣ ਦੁਰਲੱਭ ਨਹੀਂ ਰਿਹਾ ਇਹ ਤੁਰੰਤ ਉਪਲਬਧ ਹੈ। ਲਗਾਤਾਰ ਸਿੱਖਣ ਅਤੇ ਅਨੁਕੂਲ ਹੋਣ ਦੀ ਯੋਗਤਾ ਹੋਰ ਵੀ ਮਹੱਤਵਪੂਰਨ ਹੈ। ਵਿਦਿਆਰਥੀਆਂ ਨੂੰ ਉਤਸੁਕਤਾ, ਸਵੈ-ਲਰਨ ਦੀਆਂ ਆਦਤਾਂ ਅਤੇ ਨਵੇਂ ਹੁਨਰ ਪ੍ਰਾਪਤ ਕਰਨ ਦੀ ਯੋਗਤਾ ਵਿਕਸਿਤ ਕਰਨੀ ਚਾਹੀਦੀ ਹੈ। ਰਵਾਇਤੀ ਰੋਟ ਲਰਨਿੰਗ ਪ੍ਰਸੰਗਿਕਤਾ ਗੁਆ ਰਹੀ ਹੈ ਕਿਉਂਕਿ ਗਿਆਨ ਦੀ ਸ਼ੈਲਫ ਲਾਈਫ ਘਟਦੀ ਜਾ ਰਹੀ ਹੈ।

ਆਲੋਚਨਾਤਮਕ ਸੋਚ ਅਤੇ ਨਿਰਣਾ ਏਆਈ ਤੇਜ਼ ਅਤੇ ਪ੍ਰਵਾਹ ਨਾਲ ਜਵਾਬ ਪੈਦਾ ਕਰ ਸਕਦਾ ਹੈ, ਪਰ ਇਹ ਹਮੇਸ਼ਾ ਸਹੀ ਨਹੀਂ ਹੁੰਦਾ। ਵਿਦਿਆਰਥੀਆਂ ਨੂੰ ਜਾਣਕਾਰੀ 'ਤੇ ਸਵਾਲ ਕਰਨਾ, ਸਰੋਤਾਂ ਦੀ ਪੁਸ਼ਟੀ ਕਰਨੀ ਅਤੇ ਸੁਤੰਤਰ ਤੌਰ 'ਤੇ ਸੋਚਣਾ ਸਿੱਖਣਾ ਚਾਹੀਦਾ ਹੈ। ਏਆਈ 'ਤੇ ਅੰਨ੍ਹਾ ਨਿਰਭਰਤਾ ਸੋਚਣ ਦੀਆਂ ਯੋਗਤਾਵਾਂ ਨੂੰ ਕਮਜ਼ੋਰ ਕਰ ਸਕਦੀ ਹੈ, ਜਿਸ ਨਾਲ ਤਿਆਰ ਸਮੱਗਰੀ ਨਾਲ ਭਰਪੂਰ ਸੰਸਾਰ ਵਿੱਚ ਬਚਾਅ ਲਈ ਗੰਭੀਰ ਵਿਸ਼ਲੇਸ਼ਣ ਇੱਕ ਮੁੱਖ ਹੁਨਰ ਬਣ ਜਾਂਦਾ ਹੈ।

ਸਮੱਸਿਆ ਹੱਲ ਕਰਨ ਦੇ ਹੁਨਰ ਏਆਈ ਉਦੋਂ ਸਭ ਤੋਂ ਵਧੀਆ ਕੰਮ ਕਰਦਾ ਹੈ ਜਦੋਂ ਮਨੁੱਖਾਂ ਦੁਆਰਾ ਨਿਰਦੇਸ਼ਿਤ ਕੀਤਾ ਜਾਂਦਾ ਹੈ ਜੋ ਸਮੱਸਿਆਵਾਂ ਨੂੰ ਸਪਸ਼ਟ ਤੌਰ 'ਤੇ ਪਰਿਭਾਸ਼ਿਤ ਕਰ ਸਕਦੇ ਹਨ। ਇਸ ਲਈ, ਵਿਦਿਆਰਥੀਆਂ ਨੂੰ ਗੁੰਝਲਦਾਰ ਸਮੱਸਿਆਵਾਂ ਨੂੰ ਛੋਟੇ, ਪ੍ਰਬੰਧਨਯੋਗ ਹਿੱਸਿਆਂ ਵਿੱਚ ਤੋੜਨ ਵਿੱਚ ਮੁਹਾਰਤ ਹਾਸਲ ਕਰਨ ਦੀ ਲੋੜ ਹੈ। ਵਿਗਿਆਨ ਅਤੇ ਇੰਜੀਨੀਅਰਿੰਗ ਵਿੱਚ ਲੰਬੇ ਸਮੇਂ ਤੋਂ ਕੀਮਤੀ ਇਹ ਯੋਗਤਾ ਏਆਈ ਸਾਧਨਾਂ ਦੀ ਪ੍ਰਭਾਵਸ਼ਾਲੀ ਵਰਤੋਂ ਲਈ ਜ਼ਰੂਰੀ ਬਣ ਗਈ ਹੈ।

ਰਚਨਾਤਮਕਤਾ ਅਤੇ ਅਸਲੀ ਸੋਚ ਜਦੋਂ ਕਿ ਏਆਈ ਸਮੱਗਰੀ ਤਿਆਰ ਕਰ ਸਕਦਾ ਹੈ, ਇਹ ਅਕਸਰ ਮੌਜੂਦਾ ਪੈਟਰਨਾਂ 'ਤੇ ਨਿਰਭਰ ਕਰਦਾ ਹੈ। ਮਨੁੱਖੀ ਰਚਨਾਤਮਕਤਾ ਅਸਲ ਵਿਚਾਰ, ਕਲਪਨਾ, ਅਤੇ ਨਵੀਨਤਾ ਅਵਸਥਾਪਿਤ ਰਹਿੰਦੀ ਹੈ। ਵਿਦਿਆਰਥੀਆਂ ਨੂੰ ਰਚਨਾਤਮਕ ਪ੍ਰਗਟਾਵੇ, ਡਿਜ਼ਾਈਨ ਸੋਚ ਅਤੇ ਨਵੀਨਤਾ 'ਤੇ ਧਿਆਨ ਦੇਣਾ ਚਾਹੀਦਾ ਹੈ, ਜੋ ਮਨੁੱਖਾਂ ਨੂੰ ਮਸ਼ੀਨਾਂ ਤੋਂ ਵੱਖ ਕਰਦੇ ਹਨ।

ਭਾਵਨਾਤਮਕ ਬੁੱਧੀ ਅਤੇ ਮਨੁੱਖੀ ਹੁਨਰ ਏਆਈ ਵਿੱਚ ਹਮਦਰਦੀ, ਨੈਤਿਕਤਾ ਅਤੇ ਭਾਵਨਾਤਮਕ ਸਮਝ ਦੀ ਘਾਟ ਹੈ। ਸੰਚਾਰ, ਟੀਮ ਵਰਕ, ਹਮਦਰਦੀ ਅਤੇ ਲੀਡਰਸ਼ਿਪ ਵਰਗੇ ਹੁਨਰ ਵਿਲੱਖਣ ਤੌਰ 'ਤੇ ਮਨੁੱਖੀ ਹਨ ਅਤੇ ਵਧਦੇ ਹੋਏ ਕੀਮਤੀ ਹਨ। ਏਆਈ-ਸੰਚਾਲਿਤ ਕਲਾਸਰੂਮਾਂ ਵਿੱਚ ਵੀ, ਅਧਿਆਪਕਾਂ ਅਤੇ ਮਨੁੱਖੀ ਪਰਸਪਰ ਪ੍ਰਭਾਵ ਦੀ ਭੂਮਿਕਾ ਅਟੱਲ ਰਹਿੰਦੀ ਹੈ।

ਡਿਜੀਟਲ ਅਤੇ ਏਆਈ ਸਾਖਰਤਾ ਵਿਦਿਆਰਥੀਆਂ ਨੂੰ ਸਿਰਫ਼ ਏਆਈ ਦੀ ਵਰਤੋਂ ਨਹੀਂ ਕਰਨੀ ਚਾਹੀਦੀ, ਉਨ੍ਹਾਂ ਨੂੰ ਇਹ ਸਮਝਣਾ ਚਾਹੀਦਾ ਹੈ। ਇਹ ਸਿੱਖਣਾ ਕਿ ਏਆਈ ਕਿਵੇਂ ਕੰਮ ਕਰਦਾ ਹੈ, ਇਸ ਦੀਆਂ ਸੀਮਾਵਾਂ, ਪੱਖਪਾਤ ਅਤੇ ਨੈਤਿਕ ਪ੍ਰਭਾਵ ਬਹੁਤ ਜ਼ਰੂਰੀ ਹਨ।

ਇਹ ਜ਼ਿੰਮੇਵਾਰ ਵਰਤੋਂ ਨੂੰ ਯਕੀਨੀ ਬਣਾਉਂਦਾ ਹੈ ਅਤੇ ਸ਼ਕਤੀਸ਼ਾਲੀ ਤਕਨਾਲੋਜੀਆਂ ਦੀ ਦੁਰਵਰਤੋਂ ਨੂੰ ਰੋਕਦਾ ਹੈ।ਸਿਸਟਮ ਥਿੰਕਿੰਗ ਅਤੇ ਇੰਟਰਡਿਸਿਪਲੀਨਰੀ ਲਰਨਿੰਗ ਆਧੁਨਿਕ ਸਮੱਸਿਆਵਾਂ ਗੁੰਝਲਦਾਰ ਅਤੇ ਆਪਸ ਵਿੱਚ ਜੁੜੀਆਂ ਹੋਈਆਂ ਹਨ। ਵਿਦਿਆਰਥੀਆਂ ਨੂੰ ਸਿਸਟਮ ਸੋਚ ਦੀ ਲੋੜ ਹੁੰਦੀ ਹੈ ਤਕਨਾਲੋਜੀ, ਵਾਤਾਵਰਣ, ਆਰਥਿਕਤਾ ਅਤੇ ਸਮਾਜ ਵਰਗੇ ਵੱਖ-ਵੱਖ ਖੇਤਰਾਂ ਵਿਚਕਾਰ ਸਬੰਧਾਂ ਨੂੰ ਦੇਖਣ ਦੀ ਯੋਗਤਾ।ਮੁੱਖ ਵਿਸ਼ਿਆਂ ਵਿੱਚ ਮਜ਼ਬੂਤ ਬੁਨਿਆਦ ਤੇਜ਼ ਤਕਨੀਕੀ ਤਬਦੀਲੀ ਦੇ ਬਾਵਜੂਦ, ਗਣਿਤ, ਵਿਗਿਆਨ ਅਤੇ ਤਰਕ ਵਰਗੇ ਵਿਸ਼ਿਆਂ ਵਿੱਚ ਬੁਨਿਆਦੀ ਗਿਆਨ ਜ਼ਰੂਰੀ ਰਹਿੰਦਾ ਹੈ। ਇਹ ਅਨੁਸ਼ਾਸਨ ਵਿਸ਼ਲੇਸ਼ਣਾਤਮਕ ਸੋਚ ਦਾ ਨਿਰਮਾਣ ਕਰਦੇ ਹਨ ਅਤੇ ਏਆਈ ਅਤੇ ਭਵਿੱਖ ਦੀਆਂ ਤਕਨੀਕਾਂ ਦੀ ਉੱਨਤ ਸਮਝ ਦਾ ਸਮਰਥਨ ਕਰਦੇ ਹਨ।


ਸਿੱਟਾ ਏਆਈ ਦੀ ਉਮਰ ਸਿੱਖਿਆ ਦੇ ਮਹੱਤਵ ਨੂੰ ਘੱਟ ਨਹੀਂ ਕਰਦੀ ਇਹ ਇਸਨੂੰ ਬਦਲ ਦਿੰਦੀ ਹੈ। ਜਾਣਕਾਰੀ ਨੂੰ ਯਾਦ ਰੱਖਣ ਦੀ ਬਜਾਏ, ਵਿਦਿਆਰਥੀਆਂ ਨੂੰ ਸੋਚਣ, ਸਿਰਜਣ, ਸਵਾਲ ਕਰਨ ਅਤੇ ਅਨੁਕੂਲਿਤ ਹੋਣ 'ਤੇ ਧਿਆਨ ਦੇਣਾ ਚਾਹੀਦਾ ਹੈ। ਟੀਚਾ ਹੁਣ ਰੁਟੀਨ ਕੰਮਾਂ ਵਿੱਚ ਮਸ਼ੀਨਾਂ ਨਾਲ ਮੁਕਾਬਲਾ ਕਰਨਾ ਨਹੀਂ ਹੈ, ਸਗੋਂ ਵਿਲੱਖਣ ਮਨੁੱਖੀ ਯੋਗਤਾਵਾਂ ਨੂੰ ਵਿਕਸਿਤ ਕਰਨਾ ਹੈ ਜੋ ਏਆਈ ਨਕਲ ਨਹੀਂ ਕਰ ਸਕਦਾ।ਅੰਤ ਵਿੱਚ, ਸਭ ਤੋਂ ਸਫਲ ਵਿਦਿਆਰਥੀ ਉਹ ਨਹੀਂ ਹੋਣਗੇ ਜੋ ਸਭ ਤੋਂ ਵੱਧ ਜਾਣਦੇ ਹਨ, ਪਰ ਉਹ ਜੋ ਤੇਜ਼ੀ ਨਾਲ ਬਦਲਦੀ ਦੁਨੀਆਂ ਵਿੱਚ ਸਿੱਖ ਸਕਦੇ ਹਨ, ਸਿੱਖ ਸਕਦੇ ਹਨ ਅਤੇ ਮੁੜ ਸਿੱਖ ਸਕਦੇ ਹਨ।




SERVPRO®
OF TRACY
Cleaning. Restoration. Construction.
ਅਸੀਂ ਸਾਰੇ ਕੰਮ California ਦੇ Environmental, Restoration Standards ਅਤੇ Insurance Guidlines ਦੀ Compliance ਵਿੱਚ ਕਰਦੇ ਹਾਂ
ਅਸੀਂ Insurance Companies ਦੇ National Account 'ਤੇ ਹਾਂ
ਅੱਗ ਲੱਗਣ, ਪਾਣੀ ਅਤੇ Mold ਨਾਲ ਖ਼ਰਾਬ ਹੋਈ ਇਮਾਰਤ ਅਤੇ ਸਮਾਨ ਦੀ ਸਫ਼ਾਈ ਕਰਦੇ ਹਾਂ | ਨੁਕਸਾਨ ਹੋਈ ਇਮਾਰਤ ਅਤੇ ਸਮਾਨ ਦੀ Insurance ਨੂੰ ਰਿਪੋਰਟ ਕਰਕੇ ਮਾਲਕ ਨੂੰ ਪੈਸੇ ਦਵਾਉਂਦੇ ਹਾਂ
Before
After
• ਪਾਣੀ ਨਾਲ ਨੁਕਸਾਨ ਦੀ ਮੁਰੰਮਤ
• ਕਾਰਪੇਟ ਅਤੇ ਫਰਨੀਚਰ ਸੁਕਾਉਣਾ
• ਛੱਤ ਅਤੇ ਕੰਧਾਂ ਦੀ ਉੱਲੀ (Mold) ਹਟਾਉਣਾ
• Insurance ਕੰਪਨੀ ਨਾਲ ਕਲੇਮ ਦਵਾਉਣ ਵਿੱਚ ਮਦਦ
Before
After
ਅਸੀਂ Mt.House, Tracy, Lathrop, Stockton, Manteca, Ripon, Modesto, Ceres ਅਤੇ Turlock ਤੱਕ ਕੰਮ ਕਰਦੇ ਹਾਂ
2275 N Mac Arthur Dr Tracy, CA 95376
CONTACT FOR MORE INFORMATION
DEEPINDER MAHAL
President
Office (209) 834-0200
Cell (408) 963-7702

# .ਗਜ਼ਲ

ਮੰਨਿਆ ਪੈਸਾ ਜਾਣਾ ਬੰਦੇ ਦੇ ਨਾਲ ਨਹੀਂ,
ਪਰ ਇਸ ਦੇ ਬਿਨ ਵੀ ਉਸ ਦੀ ਪੁੱਛ ਪੜਤਾਲ ਨਹੀਂ।
ਉਹਨਾਂ ਪੁੱਤਾਂ ਬਿਨ ਕੀ ਥੁੜਿਆ ਹੈ ਉਹਨਾਂ ਦਾ,
ਜਿਹੜੇ ਪੁੱਛਦੇ ਆਪਣੇ ਮਾਂ -ਪਿਓ ਦਾ ਹਾਲ ਨਹੀਂ।
ਤਾਂ ਹੀ ਮੁੰਡੇ ਬਦੇਸ਼ਾਂ ਨੂੰ ਜਾਈ ਜਾਂਦੇ ਨੇ,
ਜਦ ਇੱਥੇ ਉਨ੍ਹਾਂ ਨੂੰ ਮਿਲਦੀ ਰੋਟੀ - ਦਾਲ ਨਹੀਂ।
ਨੇਤਾ ਤੇ ਬਾਬੇ ਇੱਥੇ ਐਸ਼ਾਂ ਕਰਦੇ ਨੇ,
ਪਰ ਮਜ਼ਦੂਰਾਂ ਦਾ ਬਹੁਤਾ ਚੰਗਾ ਹਾਲ ਨਹੀਂ।
ਇਸ ਸਾਲ ਹੜ੍ਹਾਂ ਨੇ ਖ਼ੂਬ ਤਬਾਹੀ ਕੀਤੀ ਹੈ,
ਲੋਕਾਂ ਨੂੰ ਯਾਰੋ, ਕਦੇ ਭੁੱਲਣਾ ਇਹ ਸਾਲ ਨਹੀਂ।
ਉਹ ਸਾਹ ਲੈਣ ਲਈ ਸ਼ੁੱਧ ਹਵਾ ਨੂੰ ਤਰਸਣਗੇ,
ਜੋ ਹਾਲੇ ਰੁੱਖਾਂ ਦੀ ਕਰਦੇ ਸੰਭਾਲ ਨਹੀਂ।
ਆਸ ਬੜੀ ਰੱਖ ਕੇ ਉਹ ਮੇਰੇ ਘਰ ਆਇਆ ਹੈ,
ਲਾਰੇ ਲਾ ਕੇ ਮੈਂ ਉਸ ਨੂੰ ਸਕਦਾ ਟਾਲ ਨਹੀਂ।



SANJHI SOCH
ਮਹਿੰਦਰ ਸਿੰਘ ਮਾਨ
ਸਲੋਹ ਰੋਡ, ਨਵਾਂ ਸ਼ਹਿਰ
99158-03554

## ਬਾਲ ਕਵਿਤਾ

# ਜਿੰਦੇ ਠੀਕ ਕਰਾ ਲਓ

ਪੁਰਾਣੇ ਸਮਿਆਂ ਵਿੱਚ ਸੀ ਬੱਚਿਓ,
ਉਹ ਭਾਈ ਸੀ ਆਉਂਦੇ।
ਗਵਾਚੀਆਂ ਹੋਈਆਂ ਚਾਬੀਆਂ, ਮੁੜ
ਜਿੰਦਰਿਆਂ ਨੂੰ ਲਾਉਂਦੇ।
ਨਾਲੇ ਸਾਣ 'ਤੇ ਕੈਂਚੀਆਂ,
ਕਰਦਾਂ ਨੂੰ ਤਿੱਖੀਆਂ ਕਰਦੇ।
ਟੂੱਟੀਆਂ ਕਰਦਾਂ ਦੀਆਂ ਮੁੱਠਾਂ 'ਤੇ,
ਪਿੱਤਲ ਦੇ ਕੋਕੇ ਜੜਦੇ।
ਕੁੰਡੇ ਠੀਕ ਵੀ ਕਰਦੇ,
ਟਰੰਕਾਂ, ਪੇਟੀਆਂ ਵਾਲੇ।
ਕਿੰਨਾਂ ਸਮਾਨ ਟਰੰਕ ਵਿੱਚ
ਪਾ ਕੇ ਰੱਖ ਦੇ ਨਾਲੇ।

ਸਾਈਕਲ ਉੱਤੇ ਗੇੜੇ ਲਾਉਦੇਂ,
ਗਲੀ ਗਲੀ ਵਿੱਚ ਫਿਰਦੇ।
ਸਭ ਨਾਲ ਜਾਨ ਪਛਾਣ ਸੀ,
ਆਉਂਦੇ ਉਹ ਚਿਰਦੇ।
ਹੈਂਡਲ ਮੂਹਰੇ ਫੱਟੀ ਉੱਤੇ
ਕਿੰਨੀਆਂ ਚੀਜ਼ਾਂ ਟੰਗਦੇ।
ਮਿਹਨਤ ਕਰਕੇ ਰੋਟੀ ਖਾਂਦੇ,
ਕਦੇ ਮੁਫ਼ਤ ਨਾ ਮੰਗਦੇ।
ਅੱਗੇ ਬਹੁਤ ਸੀ ਉਹ,ਹੁਣ
ਟਾਵੇਂ ਟਾਵੇਂ ਆਉਂਦੇ,
'ਪੱਤੋ' ਵੱਡੇ ਫੋਰਮੈਨ ਸੀ,
ਆਪਣੀ ਕਲਾ ਦਿਖਾਉਂਦੇ।



SANJHI SOCH
ਹਰਪ੍ਰੀਤ ਪੱਤੋ
ਪਿੰਡ ਪੱਤੋ ਹੀਰਾ ਸਿੰਘ
ਮੋਗਾ
94658-21417

LARRY T. NIERMEYER
Attorney at Law

OFFERING SERVICES IN THE FOLLOWING AREAS
1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation


PHONE: (209) 574-9447
1420 F STREET ST_ 2ND FLOOR MODESTO, CA 95354
Email : ltniermeyer@aol.com


Gillson
TRUCKING INC
NOW HIRING
TRUCK DRIVERS
CLASS A CDL
✓Signing Bonus
✓Top pay
✓Mileage Pay
✓Great Benefits
✓Over the Road or Local Routes
✓Reefers and Dry Van Operations
✓No touch freight
SKILLS
✓Responsible truck driver.
✓Experience with electronic equipment.
✓Ability to travel regularly.
✓Adaptivity and foresight to handle unexpected situations
(traffic, weather conditions and roads, etc.)
RESPONSIBILITIES
✓Safely operating assigned vehicles.
✓The Vehicles are maintained and serviced as needed.
✓Report any vehicle defects for repair.
✓Make safety a priority at all times.
✓Comply with standard federal laws and with company. policies and procedures.
PAY
✓Average pay: $0.45-$0.60 cents/mile
✓Weekly direct deposits
✓Bonuses for clean inspections
✓High mileage bonuses
NEWER EQUIPMENT
Freightliner and Volvo 2020 and present
Reset pay away from Terminals- Stockton,. CA and Dayton, Ohio
Flexible Home Time
Pet Friendly
Rider Policy
SCAN QR CODE FOR
APPLY NOW
HEALTH BENEFITS
Health
Dental
Vision
1801 E Dr. Martin Luther King Jr. Blvd.
Stockton, CA 95205
925-400-9094 ext. 116, ext. 130 and ext. 144
info@teamgillson.com
GET IN TOUCH
gillsontrucking
company/gillsontrucking
www.teamgillson.com


ਸੁਆਦ ਜੋ ਦਿਲ ਜਿੱਤ ਲਵੇ !
'Sidhu Catering'
ਵਿਆਹ ਸ਼ਾਦੀ, ਰਿਸੈਪਸ਼ਨ, ਜਨਮਦਿਨ, ਧਾਰਮਿਕ ਸਮਾਗਮ
ਅਨੰਦ ਕਾਰਜ ਜਾਂ ਹੋਵੇ ਕੋਈ ਹੋਰ ਖੁਸ਼ੀ ਦਾ ਮੌਕਾ
1000 ਤੋਂ ਵੱਧ ਬੰਦਿਆਂ ਤੱਕ ਦੀ ਪੂਰੀ Catering ਉਪਲਬਧ
ਸ਼ੁੱਧ ਅਤੇ ਸੁਆਦੀ ਖਾਣਾ
ਟਿਫ਼ਨ ਸਰਵਿਸ ਉਪਲਬਧ ਹੈ
ਹਰ ਕਿਸਮ ਦੀ ਕਰਵਾਓ ਮਠਿਆਈ ਅਤੇ ਸੀਰਨੀ ਤਿਆਰ
ਅਸੀਂ ਕਰਾਂਗੇ ' ਹਰ ਕਿਸੇ ਦੇ ਰੇਟ ਨੂੰ ਬੀਟ '
California ਵਿੱਚ ਕਿਤੇ ਵੀ ਪਾਓ Catering ਦੀ ਸੇਵਾ
'Sidhu Catering' - ਤੁਹਾਡੇ ਪ੍ਰੋਗਰਾਮ ਨੂੰ ਬਣਾਵੇ ਯਾਦਗਾਰ !
ਅੱਜ ਹੀ ਕਾਲ ਕਰੋ ਤੇ ਆਪਣੀ Booking ਬੁਕਿੰਗ ਕਰਵਾਓ
ਸੰਪਰਕ ਨੰਬਰ ਨੋਟ ਕਰ ਲਓ : (559) 283-1311 | (510) 230-6107


WE HAVE THE CHEAPEST FARES TO INDIA
LEGEND TRAVEL
arc
CST # 207524-40
Special Fares To India From West-coast (us) On Air India Direct Flights
AIR INDIA
JATINDER SINGH
LOWEST AIRFARES FROM USA TO INDIA
★Travel Insurance ★ Great last Minute Deals ★ Offices in India
ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।
CALL US
(510) 797-9010
USA OFFICE: 2450 PERALTA BLVD., STE 106-108,
FREMONT CA 94536 PH.: 510-797-9010
Website: www.legendamerica.net
Emirates
CATHAY PACIFIC
ASIANA AIRLINES
JET AIRWAYS
CHINA AIRLINES
BRITISH AIRWAYS
SINGAPORE AIRLINES
Lufthansa
ANA


Truck Parking Yard
ਟਰੱਕ PARK ਕਰਨ ਲਈ ਇੱਕ ਸੁਰੱਖਿਅਤ ਅਤੇ ਵਿਸ਼ਵਾਸਯੋਗ ਥਾਂ
• ਸਾਡੇ YARD ਨੂੰ LOCK ਵਾਲਾ GATE ਲੱਗਿਆ ਹੋਇਆ ਹੈ
• ਇੱਥੇ 24 ਘੰਟੇ ਸੁਰੱਖਿਆ GUARD ਦੀ ਡਿਊਟੀ ਰਹਿੰਦੀ ਹੈ
• ਸਾਰੇ ਇਲਾਕੇ ਦੀ ਨਿਗਰਾਨੀ ਕੈਮਰਿਆਂ ਰਾਹੀਂ ਹਰ ਵੇਲੇ ਕੀਤੀ ਜਾਂਦੀ ਹੈ
Truck Parking - Only $200 Monthly
Bobtail Parking - Only $100 Monthly
ਸਾਡੇ TRUCK YARD ਦੇ ਅੰਦਰ ਹੀ
ਟਰੱਕ Repair Shop ਅਤੇ TYRE SHOP ਵੀ
ਉਪਲਬਧ ਹੈ।
ਹੋਰ ਜਾਣਕਾਰੀ ਜਾਂ ਬੁਕਿੰਗ ਲਈ ਸੰਪਰਕ ਕਰੋ
Harbans Gill (209) 972-0013
1651 EAST Whitmore Ave, Ceres, CA 95307


TAKE CONTROL
OF YOUR HEALTH!
PRIVATE, AFFORDABLE, & CONVENIENT
8000+ TESTS
General Health, Food Allergy Testing, Paternity Testing,
Hormone Testing, Diabetes Monitoring, STD Testing, & More!
NO INSURANCE?
NO PROBLEM!
WALK-INS WELCOME
ANYLABTEST NOW
ਵਧੇਰੇ ਜਾਣਕਾਰੀ ਲਈ ਕਾਲ ਕਰੋ : (209) 629-8282 | (209) 505-6384
Address: 119. Maple AVe, Suite A Manteca, CA 95336

# ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ-ਸਰਲ ਵਿਆਖਿਆ

**ਅੰਗ 165**

ਗਉੜੀ ਗੁਆਰੇਰੀ ਮਹਲਾ ੪ ॥

ਸਤਿਗੁਰ ਸੇਵਾ ਸਫਲ ਹੈ ਬਣੀ ॥ ਜਿਤੁ ਮਿਲਿ ਹਰਿ ਨਾਮੁ ਧਿਆਇਆ ਹਰਿ ਧਣੀ ॥ ਜਿਨ ਹਰਿ ਜਪਿਆ ਤਿਨ ਪੀਛੈ ਛੂਟੀ ਘਣੀ ॥੧॥ ਗੁਰਸਿਖ ਹਰਿ ਬੋਲਹੁ ਮੇਰੇ ਭਾਈ ॥ ਹਰਿ ਬੋਲਤ ਸਭ ਪਾਪ ਲਹਿ ਜਾਈ ॥੧॥ ਰਹਾਉ ॥ ਜਬ ਗੁਰੁ ਮਿਲਿਆ ਤਬ ਮਨੁ ਵਸਿ ਆਇਆ ॥ ਧਾਵਤ ਪੰਚ ਰਹੇ ਹਰਿ ਧਿਆਇਆ ॥ ਅਨਦਿਨੁ ਨਗਰੀ ਹਰਿ ਗੁਣ ਗਾਇਆ ॥੨॥ ਸਤਿਗੁਰ ਪਗ ਧੂਰਿ ਜਿਨਾ ਮੁਖਿ ਲਾਈ ॥ ਤਿਨ ਕੂੜ ਤਿਆਗੇ ਹਰਿ ਲਿਵ ਲਾਈ ॥ ਤੇ ਹਰਿ ਦਰਗਹ ਮੁਖ ਊਜਲ ਭਾਈ ॥੩॥ ਗੁਰ ਸੇਵਾ ਆਪਿ ਹਰਿ ਭਾਵੈ ॥ ਕ੍ਰਿਸਨੁ ਬਲਭਦ੍ਰੁ ਗੁਰ ਪਗ ਲਗਿ ਧਿਆਵੈ ॥ ਨਾਨਕ ਗੁਰਮੁਖਿ ਹਰਿ ਆਪਿ ਤਰਾਵੈ ॥੪॥੫॥੪੩॥ {ਪੰਨਾ 165}

ਭਾਵ ਅਰਥ:-

ਸੱਚੇ ਗੁਰੂ ਦੀ ਸੇਵਾ ਤਾਂ ਹੀ ਸਫਲਾ ਹੈ ਜੇ ਉਸ ਨਾਲ ਮਿਲ ਕੇ ਹਰਿ ਪ੍ਰਭੂ ਮਾਲਕ ਦਾ ਨਾਮ ਧਿਆਇਆ ਜਾਵੇ। ਜਿਸ ਨੇ ਉਸ ਹਰੀ ਪ੍ਰਭੂ ਦਾ ਨਾਮ ਜਪ ਲਿਆ ਸਮਝੋ ਉਸਨੇ ਦੀਨ ਦੁਨੀਆਂ ਛੱਡ ਦਿੱਤੀ॥੧॥

ਗੁਰੂ ਦੀ ਆਗਿਆ ਵਿੱਚ ਰਹਿਣ ਵਾਲਾ ਪ੍ਰਾਣੀ ਹੀ ਹਰਿ ਪ੍ਰਭੂ ਦਾ ਨਾਮ ਮੁੱਖ ਚੋਂ ਬੋਲਦਾ ਹੈ ਅਤੇ ਉਸ ਦਾ ਨਾਮ ਜਪਣ ਵਾਲੇ ਦੇ ਸਾਰੇ ਪਾਪ ਕਸ਼ਟ ਧੋਤੇ ਜਾਂਦੇ ਹਨ॥੧॥ ਰਹਾਉ॥ ਜਦੋਂ ਬੰਦੇ ਦਾ ਗੁਰੂ ਨਾਲ ਮਿਲਾਪ ਹੋ ਗਿਆ, ਤਦ ਉਹ ਅਕਾਲ ਪੁਰਖ ਭਜਨ ਬੰਦਗੀ ਦੇ ਕਾਰਨ ਹਿਰਦੇ ਵਿੱਚ ਆਣ ਵਸਦਾ ਹੈ। ਹਰਰੋਜ ਉਸ ਅਪਰੰਮ ਪਾਰ ਦੀ ਸਿਫਤ ਸਲਾਹ ਕਰਨ ਨਾਲ ਪੰਜੇ ਚੋਰ( ਕਾਮ ਆਦਿਕ ) ਵਿਕਾਰ ਭੱਜ ਜਾਂਦੇ ਹਨ॥੨॥

ਜਿਹੜੇ ਮਨੁੱਖ ਨਿਮਰ ਹੁੰਦੇ ਹਨ ਤੇ ਗੁਰੂ ਦੇ ਚਰਨਾਂ ਦੇ ਧੂੜ ਆਪਣੇ ਮੁਖ ਨੂੰ ਲਾਉਂਦੇ ਹਨ, ਜਿਸ ਨਾਲ ਸਾਰੇ ਕੂੜ ਕੁਸਤ ਖਤਮ ਕਰ ਲੈਂਦੇ ਹਨ ਅਤੇ ਉਹਨਾਂ ਦੀ ਲਿਵ ਉਸ ਭਗਵਾਨ ਨਾਲ ਸਿੱਧੀ ਜੁੜ ਜਾਂਦੀ ਹੈ। ਇਸ ਤਰਾਂ ਅਜਿਹੇ ਸੱਚੇ ਸੁੱਚੇ ਪ੍ਰਾਣੀ ਨੂੰ ਉਹ ਦਾਤਾ ਆਪਣੇ ਦਰਬਾਰ ਵਿੱਚ ਪੂਰੇ (ਆਦਰ ਸਨਮਾਨ ਨਾਲ) ਜਗ੍ਹਾ ਬਖਸ਼ਦਾ ਹੈ ਤੇ ਅਜਿਹੇ ਮਨੁੱਖਾਂ ਦੇ ਮੁੱਖ ਸੁੰਦਰ ਦਿਖਦੇ ਹਨ॥੩॥

ਗੁਰੂ ਦੀ ਸੇਵਾ ਕਰਨ ਵਾਲਾ ਮਨੁੱਖ ਉਸ ਗੋਬਿੰਦ ਪ੍ਰਭੂ ਨੂੰ ਵੀ ਚੰਗਾ ਲੱਗਦਾ ਹੈ। ਉਦਾਹਰਨ ਦੇ ਤੌਰ ਤੇ ਕ੍ਰਿਸ਼ਨ ਤੇ ਉਹਦੇ ਵੱਡੇ ਭਰਾ ਬਲਭਦਰ ਨੇ ਵੀ ਗੁਰੂ ਧਾਰਿਆ ਸੀ। ਹੇ ਨਾਨਕ! ਗੁਰੂ ਦੀ ਆਗਿਆ ਵਿੱਚ ਰਹਿਣ ਨੂੰ ਅਕਾਲ ਪੁਰਖ ਆਪ ਇਸ ਸੰਕਟਮਈ ਜੀਵਨ ਤੋਂ ਉਬਾਰਦਾ ਹੈ॥੪॥

ਗਉੜੀ ਗੁਆਰੇਰੀ ਮਹਲਾ ੪ ॥

ਹਰਿ ਆਪੇ ਜੋਗੀ ਡੰਡਾਧਾਰੀ ॥ ਹਰਿ ਆਪੇ ਰਵਿ ਰਹਿਆ ਬਨਵਾਰੀ ॥ ਹਰਿ ਆਪੇ ਤਪੁ ਤਾਪੈ ਲਾਇ ਤਾਰੀ ॥੧॥ ਐਸਾ ਮੇਰਾ ਰਾਮੁ ਰਹਿਆ ਭਰਪੂਰਿ ॥ ਨਿਕਟਿ ਵਸੈ ਨਾਹੀ ਹਰਿ ਦੂਰਿ ॥੧॥ ਰਹਾਉ ॥ ਹਰਿ ਆਪੇ ਸਬਦੁ ਸੁਰਤਿ ਧੁਨਿ ਆਪੇ ॥

ਹਰਿ ਆਪੇ ਵੇਖੈ ਵਿਗਸੈ ਆਪੇ ॥ ਹਰਿ ਆਪਿ ਜਪਾਇ ਆਪੇ ਹਰਿ ਜਾਪੇ ॥੨॥ ਹਰਿ ਆਪੇ ਸਾਰਿੰਗ ਅੰਮ੍ਰਿਤਧਾਰਾ ॥ ਹਰਿ ਅੰਮ੍ਰਿਤੁ ਆਪਿ ਪੀਆਵਣਹਾਰਾ ॥ ਹਰਿ ਆਪਿ ਕਰੇ ਆਪੇ ਨਿਸਤਾਰਾ ॥੩॥ ਹਰਿ ਆਪੇ ਬੇੜੀ ਤੁਲਹਾ ਤਾਰਾ ॥ ਹਰਿ ਆਪੇ ਗੁਰਮਤੀ ਨਿਸਤਾਰਾ ॥ ਹਰਿ ਆਪੇ ਨਾਨਕ ਪਾਵੈ ਪਾਰਾ ॥੪॥੬॥੪੪॥ {ਪੰਨਾ 165}

ਉਹ ਹਰੀ ਪ੍ਰਭੂ ਇਕ ਐਸਾ ਜੋਗੀ ਹੈ ਜਿਹਦੇ ਹੱਥ ਵਿੱਚ ਡੰਡਾ ਫੜਿਆ ਹੋਇਆ ਹੈ ,ਆਪ ਹੀ ਉਹ ਭਗਵਾਨ ਹੈ ਪ੍ਰਭੂ ਹੈ ਸਮਸਤ ਸੰਸਾਰ ਦਾ ਪਾਲਣਹਾਰਾ ਹੈ ਅਤੇ ਆਪ ਹੀ ਸਮਾਧੀ ਲਾ ਕੇ ਬੈਠਣ ਵਾਲਾ ਹੈ॥੧॥

ਸੋ ਉਹ ਅਕਾਲ ਪੁਰਖ ਮੇਰਾ ਵਾਹਿਗੁਰੂ ਸਰਬ ਕਲਾ ਭਰਪੂਰ ਹੋਣ ਦੇ ਨਾਲ ਨਾਲ ਮੇਰੇ ਬਿਲਕੁਲ ਨੇੜੇ ਹੈ ਦੂਰ ਨਹੀਂ ਭਾਵ ਮੇਰੀ ਹਰ ਅਰਦਾਸ ਨੂੰ ਉਸੇ ਵੇਲੇ ਪੂਰਾ ਕਰਦਾ ਹੈ ਜਦੋਂ ਮੈਂ ਮੰਗਦਾ ਹਾਂ॥੧॥ ਰਹਾਉ॥

ਉਹ ਨਿਰੰਜਨ ਨਿਰੰਕਾਰ ਦਾਤਾ ਆਪ ਹੀ ਸ਼ਬਦ ਬਾਣੀ ਹੈ ਆਪ ਹੀ ਸੁਣਨ ਵਾਲਾ ਹੈ ਆਪ ਹੀ ਧੁਨ ਹੈ ਆਵਾਜ਼ ਹੈ ਇਸ ਦੇ ਨਾਲ ਨਾਲ ਉਹ ਆਪ ਹੀ ਸਾਰੇ ਜਗਤ ਨੂੰ ਦੇਖ ਰਿਹਾ ਹੈ ਤੇ ਦੇਖ ਕੇ ਪ੍ਰਸੰਨ ਚਿੱਤ ਹੋ ਰਿਹਾ ਹੈ। ਉਹ ਆਪ ਹੀ ਨਾਮ ਜਪਾਉਣ ਵਾਲਾ ਹੈ ਤੇ ਆਪ ਹੀ ਜਪਣ ਵਾਲਾ ਹੈ॥੨॥

ਉਹ ਮੇਰਾ ਕਰਤਾਰ ਆਪ ਹੀ ਅੰਮ੍ਰਿਤ ਦੀ ਧਾਰਾ ਹੈ ਤੇ ਆਪ ਹੀ ਅੰਮ੍ਰਿਤ ਪਿਲਾਣ ਵਾਲਾ ਹੈ। ਇਸ ਦੇ ਨਾਲ ਨਾਲ ਇਨਸਾਫ ਵੀ ਉਹ ਆਪ ਹੀ ਕਰਦਾ ਹੈ॥੩॥

ਉਹ ਹਰੀ ਪ੍ਰਭੂ ਆਪ ਹੀ ਕਿਸ਼ਤੀ ਹੈ ਤੇ ਲੱਕੜਾਂ ਦਾ ਉਹ ਗੱਠੜ ਹੈ ਜਿਸ ਨੇ ਸਮੁੰਦਰ ਤੋਂ ਪਾਰ ਲੰਘਾਉਣਾ ਹੈ (ਸੰਸਾਰ ਸਮੁੰਦਰ ਤੋਂ)। ਗੁਰੂ ਦੀ ਮੱਤ ਵੀ ਉਹ ਆਪ ਹੀ ਹੈ ਜਿਸ ਨੇ ਸੱਚ ਦਾ ਨਿਸਤਾਰਾ ਕਰਨਾ ਹੈ। ਹੇ ਨਾਨਕ! ਉਹ ਆਪ ਹੀ ਜੀਵ ਨੂੰ ਸੰਕਟ ਵਿੱਚੋਂ ਪਾਰ ਉਤਾਰਨ ਵਾਲਾ ਹੈ॥੪॥

ਗਉੜੀ ਬੈਰਾਗਣਿ ਮਹਲਾ ੪ ॥

ਸਾਹੁ ਹਮਾਰਾ ਤੂੰ ਧਣੀ ਜੈਸੀ ਤੂੰ ਰਾਸਿ ਦੇਹਿ ਤੈਸੀ ਹਮ ਲੇਹਿ ॥ ਹਰਿ ਨਾਮੁ ਵਣੰਜਹ ਰੰਗ ਸਿਉ ਜੇ ਆਪਿ ਦਇਆਲੁ ਹੋਇ ਦੇਹਿ ॥੧॥ ਹਮ ਵਣਜਾਰੇ ਰਾਮ ਕੇ ॥ ਹਰਿ ਵਣਜੁ ਕਰਾਵੈ ਦੇ ਰਾਸਿ ਰੇ ॥੧॥ ਰਹਾਉ ॥ ਲਾਹਾ ਹਰਿ ਭਗਤਿ ਧਨੁ ਖਟਿਆ ਹਰਿ ਸਚੇ ਸਾਹ ਮਨਿ ਭਾਇਆ ॥ ਹਰਿ ਜਪਿ ਹਰਿ ਵਖਰੁ ਲਦਿਆ ਜਮੁ ਜਾਗਾਤੀ ਨੇੜਿ ਨ ਆਇਆ ॥੨॥ ਹੋਰੁ ਵਣਜੁ ਕਰਹਿ ਵਾਪਾਰੀਏ ਅਨੰਤ ਤਰੰਗੀ ਦੁਖੁ ਮਾਇਆ ॥ ਓਇ ਜੇਹੈ ਵਣਜਿ ਹਰਿ ਲਾਇਆ ਫਲੁ ਤੇਹਾ ਤਿਨ ਪਾਇਆ ॥੩॥ ਹਰਿ ਹਰਿ ਵਣਜੁ ਸੋ ਜਨੁ ਕਰੇ ਜਿਸੁ ਕ੍ਰਿਪਾਲੁ ਹੋਇ ਪ੍ਰਭੁ ਦੇਈ ॥ ਜਨ ਨਾਨਕ ਸਾਹੁ ਹਰਿ ਸੇਵਿਆ ਫਿਰਿ ਲੇਖਾ ਮੂਲਿ ਨ ਲੇਈ ॥੪॥੧॥੭॥੪੫॥ {ਪੰਨਾ 165}

ਭਾਵ ਅਰਥ:-

ਹੇ ਮੇਰੇ ਦਾਤਾ ! ਤੂੰ ਸਾਡਾ ਸਾਹੂਕਾਰ ਹੈ ਜਿਹੜੀ ਰਾਸ ਪੂੰਜੀ ਤੂੰ ਦਏਗਾ ਅਸੀਂ ਉਸੇ ਨੂੰ ਹੀ ਸਵੀਕਾਰ ਕਰਾਂਗੇ। ਜੇ ਤੂੰ ਪ੍ਰਸੰਨ ਹੋ ਜਾਏਂਗਾ ਤਾਂ ਆਪਣੇ ਨਾਮ ਦਾ ਵਪਾਰ ਕਰਨ ਲਈ ਮੇਰੇ ਉੱਤੇ ਦਿਆਲ ਹੋ ਕਿ ਆਪਣੇ ਨਾਮ ਬਾਣੀ ਨਾਲ ਜੋੜ ਲਿਆ ਹੈ ਸ਼੍ਰੀ ਰਾਮ॥੧॥

ਅਸੀਂ ਉਸ ਰਾਮ ਪ੍ਰਭੂ ਦੇ ਨਾਮ ਵਪਾਰੀ ਹਾਂ ਉਹਦੇ ਨਾਮ ਦੇ ਵਪਾਰੀ ਹਾਂ ਅਤੇ ਇਹ ਵਪਾਰ ਉਹ ਆਪ ਹੀ ਕਰਨ ਕਰਾਵਣਹਾਰ ਹਨ॥੧॥ ਰਹਾਉ॥ ਜਿਸ ਮਨੁੱਖ ਦੇ ਮਨ ਨੂੰ ਉਸ ਪ੍ਰਭੂ ਪਰਮਾਤਮਾ ਦਾ ਪਿਆਰ ਜਚ ਗਿਆ ਉਸ ਨੇ ਸਮਝੋ ਭਗਤੀ ਨਾਲ, ਉਸ ਦੀ ਸਿਫਤ ਸਲਾਹ ਨਾਲ ਇਕ ਅੰਡਿਠਾ ਖਜਾਨਾ ਹਾਸਲ ਕਰ ਲਿਆ। ਜਦੋਂ ਇਹ ਰਾਸ ਪੂੰਜੀ ਭਾਵ ਪਰਮਾਤਮਾ ਦੇ ਨਾਮ ਦੀ ਰਸਦ ਇਕੱਠੀ ਕਰ ਲਈ ਤਾਂ ਜਮ ਵੀ ਨੇੜੇ ਨਹੀਂ ਆਉਂਦਾ॥੨॥

ਸੰਸਾਰ ਵਿੱਚ ਹੋਰ ਤਰ੍ਹਾਂ ਦੇ ਵੀ ਬਹੁਤ ਸਾਰੇ ਵਪਾਰੀ ਤੇ ਵਪਾਰ ਹਨ ਪਰ( ਉਹ ਮਾਇਆ ਨਾਲ ਜੁੜੇ ਹੋਣ ਕਰਕੇ) ਦੁੱਖ ਹੀ ਪਾਉਂਦੇ ਹਨ। ਇਸ ਵਿੱਚ ਬੰਦੇ ਦਾ ਵੀ ਕੋਈ ਹੱਥ ਨਹੀਂ ਵਸ ਨਹੀਂ ਜਿਸ ਵਪਾਰ ਉਹ ਉੱਤਮ ਜਿਸ ਧੰਦੇ ਲਈ ਉਹ ਪੁਰਖ ਹੁਕਮ ਕਰਦਾ ਹੈ ਬੰਦਾ ਉਹੀ ਵਪਾਰ ਆਪਣੇ ਜੀਵਨ ਵਿੱਚ ਢਾਲ ਲੈਂਦਾ ਹੈ ਤੇ ਉਸ ਨੂੰ ਉਸੇ ਮੁਤਾਬਿਕ ਫਲ ਮਿਲਦਾ ਹੈ (ਭਾਵ ਕੂੜ ਦੇ ਵਪਾਰੀਆਂ ਨੂੰ ਦੁੱਖ ਕਸ਼ਟ ਮਿਲਦੇ ਹਨ) ਜਦ ਕਿ ਨਾਮ ਦੇ ਵਪਾਰੀਆਂ ਨੂੰ ਸੁੱਖ ਸ਼ਾਂਤੀ ਆਨੰਦ ਦੀ ਪ੍ਰਾਪਤੀ ਹੁੰਦੀ ਹੈ॥੩॥

ਹਰੀ ਦੇ ਨਾਮ ਦਾ ਵਪਾਰ ਉਹੀ ਪ੍ਰਾਣੀ ਕਰ ਸਕਦਾ ਹੈ ਜਿਸ ਉੱਤੇ ਉਹ ਦਾਤਾ ਮਿਹਰਬਾਨ ਹੋ ਜਾਂਦਾ ਹੈ। ਸਾਹਿਬ ਸ਼੍ਰੀ ਗੁਰੂ ਨਾਨਕ ਦੇਵ ਜੀ ਫਰਮਾਉਂਦੇ ਹਨ! ਜਿਸ ਮਨੁੱਖ ਨੇ ਉਸ ਅਕਾਲ ਪੁਰਖ ਦੀ ਸੇਵਾ ਭਗਤੀ ਵਿੱਚ ਆਪਣਾ ਜੀਵਨ ਲਾ ਦਿੱਤਾ ਉਸ ਨੂੰ ਮੁੜ ਲੇਖਾ ਨਹੀਂ ਦੇਣਾ ਪੈਂਦਾ॥੪॥

ਗਉੜੀ ਬੈਰਾਗਣਿ ਮਹਲਾ ੪ ॥

ਜਿਉ ਜਨਨੀ ਗਰਭੁ ਪਾਲਤੀ ਸੁਤ ਕੀ ਕਰਿ ਆਸਾ ॥ ਵਡਾ ਹੋਇ ਧਨੁ ਖਾਟਿ ਦੇਇ ਕਰਿ ਭੋਗ ਬਿਲਾਸਾ ॥ ਤਿਉ ਹਰਿ ਜਨ ਪ੍ਰੀਤਿ ਹਰਿ ਰਾਖਦਾ ਦੇ ਆਪਿ ਹਥਾਸਾ ॥੧॥ ਮੇਰੇ ਰਾਮ ਮੈ ਮੂਰਖ ਹਰਿ ਰਾਖੁ ਮੇਰੇ ਗੁਸਈਆ ॥ ਜਨ ਕੀ ਉਪਮਾ ਤੁਝਹਿ ਵਡਈਆ ॥੧॥ ਰਹਾਉ ॥ ਮੰਦਰਿ ਘਰਿ ਆਨੰਦੁ ਹਰਿ ਹਰਿ ਜਸੁ ਮਨਿ ਭਾਵੈ ॥ ਸਭ ਰਸ ਮੀਠੇ ਮੁਖਿ ਲਗਹਿ ਜਾ ਹਰਿ ਗੁਣ ਗਾਵੈ ॥ ਹਰਿ ਜਨੁ ਪਰਵਾਰੁ ਸਧਾਰੁ ਹੈ ਇਕੀਹ ਕੁਲੀ ਸਭੁ ਜਗਤੁ ਛਡਾਵੈ ॥੨॥ ਜੋ ਕਿਛੁ ਕੀਆ ਸੋ ਹਰਿ ਕੀਆ ਹਰਿ ਕੀ ਵਡਿਆਈ ॥ ਹਰਿ ਜੀਅ ਤੇਰੇ ਤੂੰ ਵਰਤਦਾ ਹਰਿ ਪੂਜ ਕਰਾਈ ॥ ਹਰਿ ਭਗਤਿ ਭੰਡਾਰ ਲਹਾਇਦਾ ਆਪੇ ਵਰਤਾਈ ॥੩॥ ਲਾਲਾ ਹਾਟਿ ਵਿਹਾਝਿਆ ਕਿਆ ਤਿਸੁ ਚਤੁਰਾਈ ॥ ਜੇ ਰਾਜਿ ਬਹਾਲੇ ਤਾ ਹਰਿ ਗੁਲਾਮੁ ਘਾਸੀ ਕਉ ਹਰਿ ਨਾਮੁ ਕਢਾਈ ॥ ਜਨੁ ਨਾਨਕੁ ਹਰਿ ਕਾ ਦਾਸੁ ਹੈ ਹਰਿ ਕੀ ਵਡਿਆਈ ॥੪॥੨॥੮॥੪੬॥ {ਪੰਨਾ 165-166}

ਭਾਵ ਅਰਥ:-

ਇੱਕ ਮਾਤਾ ਆਪਣੇ ਗਰਭ ਵਿੱਚ ਪਲ ਰਹੇ ਬੱਚੇ ਬਾਰੇ ਉਮੀਦ ਕਰਦੀ ਹੈ ਕਿ ਮੇਰਾ ਪੁੱਤਰ ਹੋਏਗਾ ਤੇ ਮੈਨੂੰ ਕਮਾਈ ਕਰਕੇ ਖਵਾਏਗਾ ਪਰ ਵੱਡਾ ਹੋ ਕੇ ਉਹੀ ਪੁੱਤਰ ਆਪਣੇ ਹੀ ਭੋਗ ਵਿਲਾਸ ਵਿੱਚ ਮਸਤ ਹੋ ਜਾਂਦਾ ਹੈ, ਮਾਂ ਨੂੰ ਭੁੱਲ ਜਾਂਦਾ ਹੈ। ਪਰ ਦੂਜੇ ਪਾਸੇ ਹਰੀ ਦਾ ਜਨ ਹਰੀ ਪ੍ਰਭੂ ਦਾ ਸਿਮਰਨ ਕਰਦਾ ਹੈ ਉਸ ਨੂੰ ਯਾਦ ਕਰਦਾ ਹੈ ਤਾਂ ਹਰੀ ਪ੍ਰਭੂ ਉਸ ਦੀ ਹਰ ਥਾਂ ਤੇ ਟੇਕ ਰੱਖਦੇ ਹਨ॥੧॥

ਹੇ ਮੇਰੇ ਰਾਮ ਪ੍ਰਭੂ! ਮੈਨੂੰ ਮੂਰਖ ਨੂੰ ਰੱਖ ਲੈ ਮੇਰੇ ਮਾਲਕਾ, ਮੇਰੇ ਹਿਰਦੇ ਅੰਦਰ ਤੇਰੀਆਂ ਵਡਿਆਈਆਂ ਭਰੀਆਂ ਹੋਈਆਂ ਹਨ॥੧॥ ਰਹਾਉ॥

ਜਿਸ ਦੇ ਹਿਰਦੇ ਅੰਦਰ ਪ੍ਰਭੂ ਦਾ ਜਸ ਵੱਸ ਗਿਆ ਹੈ ਉਸ ਦੇ ਮਨ ਮੰਦਰ ਵਿੱਚ ਅਨੰਦ ਹੀ ਅਨੰਦ ਖੇੜਾ ਹੀ ਖੇੜਾ ਹੈ ਅਤੇ ਇਹੀ ਉਹਨੂੰ ਚੰਗਾ ਲੱਗਦਾ ਹੈ। ਜਦੋਂ ਮਨੁੱਖ ਉਸ ਸਤਿਗੁਰੂ ਦੇ ਗੁਣ ਗਾਉਣ ਲੱਗ ਜਾਂਦਾ ਹੈ ਤਾਂ ਉਸਨੂੰ ਹਰ ਚੀਜ਼ ਵਧੀਆ ਲੱਗਦੀ ਹੈ ਚੰਗੀ ਲੱਗਦੀ ਹੈ। ਅਜਿਹਾ ਮਨੁੱਖ ਆਪਣੀਆਂ ਆਉਣ ਵਾਲੀਆਂ 21 ਪੀੜੀਆਂ ਨੂੰ ਤਾਰ ਜਾਂਦਾ ਹੈ॥੨॥

ਜੋ ਕੁਛ ਵੀ ਕਰਦਾ ਹੈ ਉਹ ਸੱਚਾ ਪਾਤਸ਼ਾਹ ਕਰਦਾ ਹੈ ਉਸੇ ਦੀਆਂ ਹੀ ਵਡਿਆਈਆਂ ਹਨ। ਹਰ ਪ੍ਰਾਣੀ ਤੇਰਾ ਆਪਣਾ ਹੈ ਵਾਹਿਗੁਰੂ ,ਤੂੰ ਉਸ ਤੋਂ ਸਿਮਰਨ ਵੀ ਆਪ ਹੀ ਕਰਵਾਨਾ ਹੈਂ ,ਆਪਣਾ ਨਾਮ ਵੀ ਆਪ ਹੀ ਜਪਵਾਉਨਾ ਹੈਂ। ਹੇ ਹਰੀ ਪ੍ਰਭੂ! ਤੂੰ ਭਗਤੀ ਦੇ ਭੰਡਾਰੇ ਭਰ ਰੱਖੇ ਹਨ ਤੇ ਉਹੀ (ਹਰ ਮਨੁੱਖ) ਨੂੰ ਵੰਡਦਾ ਹੈਂ॥੩॥

ਮੈਂ ਜਿਸ ਪ੍ਰਭੂ ਦਾ ਖਰੀਦਿਆ ਹੋਇਆ ਗੁਲਾਮ ਹਾਂ ਉਹਦੇ ਨਾਲ ਚਲਾਕੀ ਕਾਹਦੀ, ਜੇ ਉਹ ਮੈਨੂੰ ਰਾਜ ਉੱਤੇ ਬਹਾਲ ਦਵੇ ਤਾਂ ਵੀ ਮੈਂ ਉਸ ਦਾ ਗੁਲਾਮ ਹੀ ਰਹਿਣਾ ਹੈ ਮੇਰਾ ਨਾਮ ਵੀ ਉਸੇ ਦਾ ਹੀ ਦਿੱਤਾ ਹੋਇਆ ਹੈ। ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਫਰਮਾਉਂਦੇ ਹਨ ਮੈਂ ਉਸ ਪ੍ਰਭੂ ਦਾ ਹੀ ਦਾਸ ਹਾਂ ਤੇ ਸਾਰੀਆਂ ਹੀ ਵਡਿਆਈਆਂ ਸਿਰਫ ਉਸੇ ਇਕ ਅਪਰੰਮਪਾਰ ਦੀਆਂ ਹਨ॥੪॥

**ਅੰਗ 166**

ਗਉੜੀ ਗੁਆਰੇਰੀ ਮਹਲਾ ੪ ॥

ਕਿਰਸਾਣੀ ਕਿਰਸਾਣੁ ਕਰੇ ਲੋਚੈ ਜੀਉ ਲਾਇ ॥ ਹਲੁ ਜੋਤੈ ਉਦਮੁ ਕਰੇ ਮੇਰਾ ਪੁਤੁ ਧੀ ਖਾਇ ॥ ਤਿਉ ਹਰਿ ਜਨੁ ਹਰਿ ਹਰਿ ਜਪੁ ਕਰੇ ਹਰਿ ਅੰਤਿ ਛਡਾਇ ॥੧॥ ਮੈ ਮੂਰਖ ਕੀ ਗਤਿ ਕੀਜੈ ਮੇਰੇ ਰਾਮ ॥ ਗੁਰ ਸਤਿਗੁਰ ਸੇਵਾ ਹਰਿ ਲਾਇ ਹਮ ਕਾਮ ॥੧॥ ਰਹਾਉ ॥ ਲੈ ਤੁਰੇ ਸਉਦਾਗਰੀ ਸਉਦਾਗਰੁ ਧਾਵੈ ॥ ਧਨੁ ਖਟੈ ਆਸਾ ਕਰੈ ਮਾਇਆ ਮੋਹੁ ਵਧਾਵੈ ॥ ਤਿਉ ਹਰਿ ਜਨੁ ਹਰਿ ਹਰਿ ਬੋਲਤਾ ਹਰਿ ਬੋਲਿ ਸੁਖੁ ਪਾਵੈ ॥੨॥ ਬਿਖੁ ਸੰਚੈ ਹਟਵਾਣੀਆ ਬਹਿ ਹਾਟਿ ਕਮਾਇ ॥ ਮੋਹ ਝੂਠੁ ਪਸਾਰਾ ਝੂਠ ਕਾ ਝੂਠੇ ਲਪਟਾਇ ॥ ਤਿਉ ਹਰਿ ਜਨਿ ਹਰਿ ਧਨੁ ਸੰਚਿਆ ਹਰਿ ਖਰਚੁ ਲੈ ਜਾਇ ॥੩॥ ਇਹੁ ਮਾਇਆ ਮੋਹ ਕੁਟੰਬੁ ਹੈ ਭਾਇ ਦੂਜੈ ਫਾਸ ॥ ਗੁਰਮਤੀ ਸੋ ਜਨੁ ਤਰੈ ਜੋ ਦਾਸਨਿ ਦਾਸ ॥ ਜਨਿ ਨਾਨਕਿ ਨਾਮੁ ਧਿਆਇਆ ਗੁਰਮੁਖਿ ਪਰਗਾਸ ॥੪॥੩॥੯॥੪੭॥ {ਪੰਨਾ 166}

ਭਾਵ ਅਰਥ:-

ਕਿਸਾਨ ਖੇਤੀ ਵਾਸਤੇ ਦਿਨ ਰਾਤ ਮਿਹਨਤ ਕਰਦਾ ਹੈ ਤਾਂ ਜੋ ਅਨਾਜ ਹੋਏ ਅਤੇ ਮੇਰਾ ਪਰਿਵਾਰ ਰੱਜ ਕੇ ਖਾਵੇ। ਇਸੇ ਤਰ੍ਹਾਂ ਹਰਿ ਪ੍ਰਭੂ ਦਾ ਪ੍ਰਾਣੀ ਦਿਲ ਲਾ ਕੇ ਉਸ ਦੀ ਸਿਫਤ ਸਲਾਹ ਕਰਦਾ ਹੈ ਤਾਂ ਜੋ ਉਹ ਦਾਤਾ ਉਸ ਨੂੰ ਜਮਾਂ ਦੀ ਮਾਰ ਤੋਂ ਬਚਾ ॥੧॥

ਮੇਰਾ ਸੱਚੇ ਗੁਰੂ ਨੇ ਮਾਰਗਦਰਸ਼ਨ ਕਰਕੇ ਤੇਰੇ ਨਾਮ ਨਾਲ ਜੋੜਿਆ ਹੈ ਮੇਰੇ ਪ੍ਰਭੂ ਆਪ ਮੈਨੂੰ ਮੂਰਖ ਨੂੰ ਇਸ ਸੰਸਾਰ ਸਾਗਰ ਤੋਂ ਪਾਰ ਉਤਾਰੋ॥੧॥ ਰਹਾਉ॥

ਮੈਂ ਵਪਾਰੀ ਕੋਲ ਵਪਾਰ ਕਰਨ ਲਈ ਭੱਜਿਆ ਜਾਂਦਾ ਹਾਂ ਜਿਸ ਦਾ ਸਦਕਾ ਮੇਰੇ ਮਾਨਸਿਕ ਪਟਲ ਤੇ ਮਾਇਆ ਦਾ ਮੋਹ ਅਤਿ ਘਣਾ ਹੋ ਚੁੱਕਿਆ ਹੈ। ਇਸੇ ਤਰ੍ਹਾਂ ਅਕਾਲ ਪੁਰਖ ਨੂੰ ਯਾਦ ਕਰਨ ਵਾਲਾ ਦਾਸ ਭਗਤ ਉਸ ਦੀ ਉਸਤਤ ਕਰਦਾ ਅਤੇ ਸੁਖੀ ਰਹਿੰਦਾ ਹੈ॥੨॥

ਵਪਾਰੀ ਝੂਠ ਅਤੇ ਕੂੜ ਆਦੀ ਬੋਲ ਬੋਲ ਕੇ ਧਨ ਇਕੱਠਾ ਕਰਦਾ ਹੈ ਤੇ ਉਹਦੇ ਨਾਲ ਹੀ ਲਿਪਟਿਆ ਰਹਿੰਦਾ ਹੈ। ਇਸ ਦੇ ਉਲਟ ਹਰੀ ਪ੍ਰਭੂ ਨੂੰ ਪ੍ਰੇਮ ਕਰਨ ਵਾਲਾ ਉਸ ਦਾ ਪ੍ਰਾਣੀ ਉਸਦਾ ਨਾਮ ਜਪਦਾ ਹੈ, ਨਾਮ ਦਾ ਧਨ ਇਕੱਠਾ ਕਰਦਾ ਹੈ ਤੇ ਖਰਚਦਾ ਹੈ (ਅਨੰਦ ਰੂਪ ਵਿੱਚ)॥੩॥

ਪਰਿਵਾਰ ਵੀ ਮਾਇਆ ਜਾਲ ਦਾ ਦੂਜਾ ਰੂਪ ਹੀ ਹੈ। ਦਾਸਾਂ ਦਾ ਕੋਈ ਦਾਸ ਬਣਨ ਵਾਲਾ ਨਿਮਰ ਮਨੁੱਖ ਇਸ ਮਨੁੱਖਾ ਜੀਵਨ ਦੇ ਸੰਘਰਸ਼ਮਈ ਸੰਸਾਰ ਸਾਗਰ ਤੋਂ ਭਗਤੀ ਨਾਲ ਪਾਰ ਉਤਾਰਾ ਕਰ ਲੈਂਦਾ ਹੈ। ਹੇ ਨਾਨਕ! ਜਿਸ ਜਨ ਨੇ ਉਸ ਅਕਾਲ ਪੁਰਖ ਦਾ ਨਾਮ ਧਿਆਉਣਾ ਕੀਤਾ ਸਿਮਰਨਾ ਕੀਤਾ ਉਸ ਗੁਰਮੁਖ ਦੇ ਹਿਰਦੇ ਅੰਦਰ ਚਾਨਣਾ ਹੋ ਗਿਆ॥੪॥

ਗਉੜੀ ਬੈਰਾਗਣਿ ਮਹਲਾ ੪ ॥

ਨਿਤ ਦਿਨਸੁ ਰਾਤਿ ਲਾਲਚੁ ਕਰੇ ਭਰਮੈ ਭਰਮਾਇਆ ॥ ਵੇਗਾਰਿ ਫਿਰੈ ਵੇਗਾਰੀਆ ਸਿਰਿ ਭਾਰੁ ਉਠਾਇਆ ॥ ਜੋ ਗੁਰ ਕੀ ਜਨੁ ਸੇਵਾ ਕਰੇ ਸੋ ਘਰ ਕੈ ਕੰਮਿ ਹਰਿ ਲਾਇਆ ॥੧॥ ਮੇਰੇ ਰਾਮ ਤੋੜਿ ਬੰਧਨ ਮਾਇਆ ਘਰ ਕੈ ਕੰਮਿ ਲਾਇ ॥ ਨਿਤ ਹਰਿ ਗੁਣ ਗਾਵਹ ਹਰਿ ਨਾਮਿ ਸਮਾਇ ॥੧॥ ਰਹਾਉ ॥ ਨਰੁ ਪ੍ਰਾਣੀ ਚਾਕਰੀ ਕਰੇ ਨਰਪਤਿ ਰਾਜੇ ਅਰਥਿ ਸਭ ਮਾਇਆ ॥ ਕੈ ਬੰਧੈ ਕੈ ਡਾਨਿ ਲੇਇ ਕੈ ਨਰਪਤਿ ਮਰਿ ਜਾਇਆ ॥ ਧੰਨੁ ਧਨੁ ਸੇਵਾ ਸਫਲ ਸਤਿਗੁਰੂ ਕੀ ਜਿਤੁ ਹਰਿ ਹਰਿ ਨਾਮੁ ਜਪਿ ਹਰਿ ਸੁਖੁ ਪਾਇਆ ॥੨॥ ਨਿਤ ਸਉਦਾ ਸੂਦੁ ਕੀਚੈ ਬਹੁ ਭਾਤਿ ਕਰਿ ਮਾਇਆ ਕੈ ਤਾਈ ॥ ਜਾ ਲਾਹਾ ਦੇਇ ਤਾ ਸੁਖੁ ਮਨੇ ਤੋਟੈ ਮਰਿ ਜਾਈ ॥ ਜੋ ਗੁਣ ਸਾਝੀ ਗੁਰ ਸਿਉ ਕਰੇ ਨਿਤ ਨਿਤ ਸੁਖੁ ਪਾਈ ॥੩॥ ਜਿਤਨੀ ਭੂਖ ਅਨ ਰਸ ਸਾਦ ਹੈ ਤਿਤਨੀ ਭੂਖ ਫਿਰਿ ਲਾਗੈ ॥ ਜਿਸੁ ਹਰਿ ਆਪਿ ਕ੍ਰਿਪਾ ਕਰੇ ਸੋ ਵੇਚੇ ਸਿਰੁ ਗੁਰ ਆਗੈ ॥ ਜਨ ਨਾਨਕ ਹਰਿ ਰਸਿ ਤ੍ਰਿਪਤਿਆ ਫਿਰਿ ਭੂਖ ਨ ਲਾਗੈ ॥੪॥੪॥੧੦॥੪੮॥ {ਪੰਨਾ 166-167}

ਭਾਵ ਅਰਥ:-

ਜਿਹੜਾ ਮਨੁੱਖ ਦਿਨ ਰਾਤ ਲਾਲਚ ਦੇ ਭਰਮ ਭੁਲੇਖਿਆਂ ਵਿੱਚ ਬੇਗਾਰੀਆਂ ਮੰਗ, ਇਧਰ ਉਧਰ ਭਟਕਦਾ ਫਿਰਦਾ ਹੈ ਬੇਗਾਰ ਦਾ ਭਾਰ ਸਿਰ ਉਤੇ ਚੁੱਕੀ ਫਿਰਦਾ ਹੈ ਉਸ ਨੂੰ ਜੇ ਸੱਚੇ ਗੁਰੂ ਦਾ ਸਾਥ ਮਿਲ ਜਾਵੇ ਤੇ ਉਹ ਗੁਰੂ ਦੀ ਸੇਵਾ ਭਗਤੀ ਕਰਨੀ ਸ਼ੁਰੂ ਕਰੇ ਤਾਂ ਗੁਰੂ ਮਾਰਗ ਦਰਸ਼ਨ ਦੇ ਰੂਪ ਵਿੱਚ ਅਕਾਲ ਪੁਰਖ ਦੀ ਸਿਫਤ ਸਲਾਹ ਦਾ ਰਸਤਾ ਸ਼ਬਦ ਬਾਣੀ ਦਾ ਰਸਤਾ ਦੱਸ ਕੇ ਅਸਲੀ ਚੀਜ਼ ਨਾਲ ਜੋੜ ਦਿੰਦਾ ਹੈ ਜਿਸ ਵਾਸਤੇ ਮਨੁੱਖ ਨੇ ਜਨਮ ਲਿਆ ਹੈ॥੧॥

ਇਸ ਤਰਾਂ ਨਿਤ ਨਿਤ ਸ਼ਬਦ ਕੀਰਤਨ ਵਿੱਚ ਰਚਿਆ ਹੋਇਆ ਮਨੁੱਖ ਉਸ ਦੇ ਨਾਮ ਵਿੱਚ ਹੀ ਸਮਾ ਜਾਂਦਾ ਹੈ। ਭਾਵ ਪਾਰਬ੍ਰਹਮ ਦੇ ਨਾਲ ਹੀ ਸਮਾ ਜਾਂਦਾ ਹੈ ਜਾਂਦਾ ਹੈ॥੧॥ ਰਹਾਉ॥

ਆਮ ਮਨੁੱਖ ਰਾਜੇ ਦੇ ਅੱਗੇ ਕੰਮ ਕਰਦੇ ਹਨ ਪਰ ਸਾਰੀ ਮਾਇਆ ਰਾਜਾ ਖੁਦ ਇਕੱਠੀ ਕਰ ਲੈਂਦਾ ਹੈ। ਕੀ ਉਸ ਨੂੰ ਕੋਈ ਜੁਰਮਾਨਾ ਲੱਗਦਾ ਜਾਂ ਕਿਤੇ ਉਹ ਮਰ ਜਾਂਦਾ। ਦੂਜੇ ਪਾਸੇ ਉਸ ਸੇਵਕ ਦੀ ਸੇਵਾ ਧੰਨ ਹੈ ਜਿਹੜਾ ਪ੍ਰਭੂ ਨਾਮ ਨਾਲ ਜੁੜਦਾ ਤੇ ਸੁਖੀ ਜੀਵਨ ਬਤੀਤ ਕਰਦਾ॥੨॥

ਮਨੁੱਖ ਹਰ ਰੋਜ਼ ਤਰ੍ਹਾਂ ਤਰ੍ਹਾਂ ਦੇ ਵਪਾਰ ਕਰਦਾ ਪਰ ਉਹਦਾ ਟੀਚਾ ਸਿਰਫ ਤੇ ਸਿਰਫ ਮਾਇਆ ਹੁੰਦੀ ਹੈ ਪਰ ਅਸਲ ਵਿੱਚ ਇਹ ਜਿਹੜਾ ਵੱਖਰ ਹੈ ਇਹ ਨਾਮ ਦਾ ਵੱਖਰ ਹੋਣਾ ਚਾਹੀਦਾ ਜਿਸ ਦੀ ਕਮੀ ਤੋਂ ਬਗੈਰ ਭਗਤ ਮਰ ਜਾਂਦਾ ਹੈ। ਜਿਹੜਾ ਮਨੁੱਖ ਗੋਬਿੰਦ ਪ੍ਰਭੂ ਦੇ ਨਾਲ ਆਪਣਾ ਮਨ ਚਿਤ ਜੋੜਦਾ ਹੈ ਉਸ ਨੂੰ ਹਰ ਦਿਨ ਸੁੱਖ ਹੀ ਹਾਸਲ ਹੁੰਦਾ ਹੈ॥੩॥

ਜਿੰਨੀ ਹੋਰ ਹੋਰ ਤਰ੍ਹਾਂ ਤਰ੍ਹਾਂ ਦੇ ਸਵਾਦਾਂ ਦੀ ਤ੍ਰਿਸ਼ਨਾ ਬੰਦਾ ਮਿਟਾਉਣ ਦੀ ਕੋਸ਼ਿਸ਼ ਕਰਦਾ ਹੈ ਉਨੀ ਹੀ ਵੱਧਦੀ ਜਾਂਦੀ ਹੈ ਤੇ ਉਹ ਉਹਨਾਂ ਸਵਾਦਾਂ ਤੋਂ ਕਦੇ ਵੀ ਰੱਜਦਾ ਨਹੀਂ। ਜੇ ਇਸ ਮਨੁੱਖ ਉੱਤੇ ਪਰਮਾਤਮਾ ਆਪ ਕਿਰਪਾ ਕਰਦਾ ਹੈ ਉਹ ਮਨੁੱਖ ਗੁਰੂ ਅੱਗੇ ਆਪਣਾ ਸਿਰ ਵੇਚ ਦਿੰਦਾ ਹੈ (ਅਤੇ ਉਥੋਂ ਹੀ ਉਸ ਨੂੰ ਅਸਲੀ ਸਵਾਦਾਂ ਰਸਾਂ ਦਾ ਬਾਣੀ ਦਾ ਪ੍ਰਭੂ ਦਾ ਮਾਰਗ ਮਿਲਦਾ ਹੈ)। ਹੇ ਦਾਸ ਨਾਨਕ! ਤੇ ਉਹ ਮਨੁੱਖ ਹੁਣ ਨਾਮ ਰਸ ਨਾਲ ਰੱਜ ਜਾਂਦਾ ਹੈ ਉਸ ਦੀ ਸਾਰੀ ਭਟਕਣਾ ਤੇ ਤ੍ਰਿਸ਼ਨਾ ਖਤਮ ਹੋ ਜਾਂਦੀ ਹੈ॥੪॥



ਨਰੇਸ਼ ਕੁਮਾਰੀ
ਨਿਊਜ਼ੀਲੈਂਡ
+642041755894

SANJHI SOCH TV & DAILY NEWSPAPER



TO EXPAND YOUR BUSINESS
IN INDIAN COMMUNITY




Through Newspaper & T.V,
Advertise with us just as
low as $100 PER MONTH.

Call +1 (209) 303-1260

ਆਪਣੇ ਕਾਰੋਬਾਰ ਨੂੰ ਭਾਰਤੀ ਭਾਈਚਾਰੇ ਵਿੱਚ ਅਖ਼ਬਾਰ ਅਤੇ
ਟੀਵੀ ਰਾਹੀ ਵਧਾਉਣ ਲਈ ਸਾਨੂੰ ਇਸ਼ਤਿਹਾਰ ਦਿਉ

ਇਸ਼ਤਿਹਾਰ ਲਾਉਣ ਦੀ ਕੀਮਤ ਸਿਰਫ਼ $100 ਤੋਂ ਸ਼ੁਰੂ ਹੁੰਦੀ ਹੈ

www.sanjhisoch.com
Sanjhi Soch TV NRI

ਟੀ.ਵੀ. ਪੱਤਰਕਾਰਾਂ ਦੀ ਜ਼ਰੂਰਤ

ਸਾਂਝੀ ਸੋਚ ਟੀ.ਵੀ. ਲਈ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਚੰਡੀਗੜ੍ਹ ਤੋਂ ਤਜ਼ੁਰਬੇਕਾਰ ਪੱਤਰਕਾਰਾਂ ਦੀ ਜ਼ਰੂਰਤ ਹੈ। ਤਨਖ਼ਾਹ ਯੋਗਤਾ ਅਨੁਸਾਰ।

ਸੰਪਰਕ: +1 (209) 303-1260